@Qpatrika
@qaumipatrika punjabi
instagram.com/ qaumipatrika
Largest Circulated
विश्व भर में सबसे ज्यादा पढ़ा जाने वाला
ਕੌਮੀ ਪਤ੍ਰਿਕਾ
Punjabi National Daily
Qaumi Patrika NO.1
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Tuesday, 13 October 2026
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਮੰਗਲਵਾਰ 13 ਅਕਤੂਬਰ 2026, 29 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 340, qpatrika@gmail.com ਫੋਨ : 9971359517 www.qaumipatrika.org

# ਦਸੰਬਰ ਦੀ ਮੌਦਰਿਕ ਨੀਤੀ 'ਚ ਰੇਪੋ ਦਰ 'ਚ ਹੋਰ ਵਾਧਾ ਸੰਭਵ: ਮਾਹਰ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਬਿਜ਼ਨੈੱਸ ਡੈਸਕ 12 ਅਕਤੂਬਰ। ਭਾਰਤੀ ਰਿਜ਼ਰਵ ਬੈਂਕ (ਆਰ. ਬੀ. ਆਈ.) ਆਗਾਮੀ ਦਸੰਬਰ ਦੀ ਨੀਤੀਗਤ ਸਮੀਖਿਆ 'ਚ ਰੇਪੋ ਦਰ 'ਚ 0.50 ਫੀਸਦੀ ਤੱਕ ਦਾ ਇਕ ਹੋਰ ਵਾਧਾ ਕਰ ਸਕਦਾ ਹੈ। ਅਗਲੀ ਦੋ-ਮਹੀਨਾਵਾਰ ਮੌਦਰਿਕ ਨੀਤੀ ਸਮੀਖਿਆ ਚਾਰ ਦਸੰਬਰ ਨੂੰ ਹੋਣੀ ਹੈ। ਇਸ ਤੋਂ ਪਹਿਲਾਂ ਭਾਰਤੀ ਰਿਜ਼ਰਵ ਬੈਂਕ ਨੇ ਆਪਣੀ ਮੁੱਖ ਨੀਤੀਗਤ ਦਰ ਰੇਪੋ ਨੂੰ 0.25 ਫੀਸਦੀ ਵਧਾ ਕੇ 5.50 ਫੀਸਦੀ ਕਰ ਦਿੱਤਾ ਹੈ। ਇਹ ਲੱਗਭਗ ਚਾਰ ਸਾਲਾਂ 'ਚ ਪਹਿਲਾ ਵਾਧਾ ਹੈ। ਕੇਂਦਰੀ ਬੈਂਕ ਨੇ ਸੰਕੇਤ ਦਿੱਤਾ ਕਿ ਵਧਦੀ ਮੁਦਰਾਸਫੀਤੀ ਅਤੇ ਕਮਜ਼ੋਰ ਹੁੰਦੇ ਰੁਪਏ ਦੇ ਕਾਰਨ ਨੀਤੀਗਤ ਬਦਲਾਅ ਦੇ ਤਹਿਤ ਅੱਗੇ ਵੀ ਦਰਾਂ 'ਚ ਵਾਧਾ ਕੀਤਾ ਜਾ ਸਕਦਾ ਹੈ। ਐੱਚ. ਡੀ. ਐੱਫ. ਸੀ. ਬੈਂਕ ਦੀ ਪ੍ਰਧਾਨ ਅਰਥਸ਼ਾਸਤਰੀ ਸਾਕਸ਼ੀ ਗੁਪਤਾ ਅਨੁਸਾਰ, "ਸਾਡਾ ਅਨੁਮਾਨ ਹੈ ਕਿ ਕੇਂਦਰੀ ਬੈਂਕ ਅਗਲੇ ਕੁਝ ਮਹੀਨਿਆਂ 'ਚ ਕੁੱਲ ਮਿਲਾ ਕੇ ਦਰਾਂ 'ਚ ਅੱਧਾ ਫੀਸਦੀ ਤੋਂ 0.75 ਫੀਸਦੀ ਦਾ ਹੋਰ ਵਾਧਾ ਕਰ ਸਕਦਾ ਹੈ। ਵਧੇਰੇ ਹਮਲਾਵਰ ਦਰ ਵਾਧੇ ਦਾ ਖਦਸ਼ਾ ਇਸ ਗੱਲ 'ਤੇ ਨਿਰਭਰ ਕਰੇਗਾ ਕਿ ਕੀ ਪੱਛਮੀ ਏਸ਼ੀਆ ਦਾ ਮੌਜੂਦਾ ਸੰਘਰਸ਼ ਅਤੇ ਕੱਚੇ ਤੇਲ ਦੀਆਂ ਕੀਮਤਾਂ 'ਚ



ਉਛਾਲ ਲੰਬੇ ਸਮੇਂ ਤੱਕ ਜਾਰੀ ਰਹਿੰਦਾ ਹੈ।" ਇਕਰਾ ਦੀ ਮੁੱਖ ਅਰਥਸ਼ਾਸਤਰੀ ਅਦਿਤੀ ਨਾਇਰ ਨੇ ਕਿਹਾ ਕਿ ਕਮਜ਼ੋਰ ਮਾਨਸੂਨ, ਵਧਦੀਆਂ ਜਿਣਸ ਕੀਮਤਾਂ ਅਤੇ ਪ੍ਰਤੀਕੂਲ ਆਧਾਰ ਪ੍ਰਭਾਵ ਵਰਗੇ ਕਾਰਕਾਂ ਦੇ ਚਲਦਿਆਂ ਆਉਣ ਵਾਲੇ ਸਮੇਂ 'ਚ ਮੁਦਰਾਸਫੀਤੀ ਦੇ ਅੰਕੜੇ ਹੋਰ ਵਧਣ ਦਾ ਖਦਸ਼ਾ ਹੈ, ਜਿਸ ਨਾਲ ਫਿਲਹਾਲ ਦਸੰਬਰ 'ਚ ਇਕ ਹੋਰ ਦਰ ਵਾਧੇ ਦੀ ਜ਼ਮੀਨ ਤਿਆਰ ਹੋ ਗਈ ਹੈ। ਉਨ੍ਹਾਂ ਕਿਹਾ ਕਿ ਖੁਰਾਕ ਅਤੇ ਬਾਲਣ, ਦੋਵਾਂ ਮੋਰਚਿਆਂ 'ਤੇ ਮੌਜੂਦਾ ਮੁਦਰਾਸਫੀਤੀ ਦੇ ਰੁਝਾਨਾਂ ਨੇ ਆਰ. ਬੀ. ਆਈ. 'ਤੇ ਭਾਰੀ ਦਬਾਅ ਪਾਇਆ ਹੈ, ਜਿਸ ਦੇ ਚਲਦਿਆਂ ਉਸ ਨੂੰ ਰੇਪੋ ਦਰ ਵਧਾਉਣੀ ਪਈ ਹੈ। ਰਿਸਰਜੈਂਟ ਇੰਡੀਆ ਦੇ ਪ੍ਰਬੰਧ ਨਿਰਦੇਸ਼ਕ ਜੋਤੀ ਪ੍ਰਕਾਸ਼ ਗੜ੍ਹੀਆ ਨੇ ਕਿਹਾ ਕਿ ਅਗਲੀਆਂ ਘੱਟੋ-ਘੱਟ ਦੋ ਤਿਮਾਹੀਆਂ 'ਚ ਦਰਾਂ 'ਚ ਹੋਰ ਵਾਧਾ ਹੋ ਸਕਦਾ ਹੈ, ਜਿਸ ਨਾਲ ਮੁਦਰਾਸਫੀਤੀ 'ਤੇ ਪ੍ਰਭਾਵਸ਼ਾਲੀ ਠੱਲ੍ਹ ਲਾਉਣ ਅਤੇ ਸਥਿਰਤਾ ਯਕੀਨੀ ਬਣਾਉਣ 'ਚ ਮਦਦ ਮਿਲ ਸਕਦੀ ਹੈ। ਇਸੇ ਤਰ੍ਹਾਂ ਦਾ ਵਿਚਾਰ ਪ੍ਰਗਟਾਉਂਦਿਆਂ ਯੈੱਸ ਬੈਂਕ ਦੇ ਮੁੱਖ ਅਰਥਸ਼ਾਸਤਰੀ ਇੰਦਰਨੀਲ ਪਾਨ ਨੇ ਕਿਹਾ, "ਦਸੰਬਰ 'ਚ 0.25 ਫੀਸਦੀ ਦਾ ਵਾਧਾ ਹੁਣ ਤੈਅ ਮੰਨਿਆ ਜਾ ਰਿਹਾ ਹੈ। ਆਰ. ਬੀ. ਆਈ. ਅੰਕੜਿਆਂ 'ਤੇ ਨਿਰਭਰ ਰਹੇਗਾ ਅਤੇ ਦਰਾਂ 'ਚ ਕੁੱਲ ਵਾਧਾ ਤੈਅ ਕਰਨ ਲਈ ਆਉਣ ਵਾਲੇ ਮਹੀਨਿਆਂ 'ਚ ਮੁਦਰਾਸਫੀਤੀ ਨੂੰ ਧਿਆਨ 'ਚ ਰੱਖੇਗਾ।" ਕ੍ਰਿਸਿਲ ਦੀ ਪ੍ਰਧਾਨ ਅਰਥਸ਼ਾਸਤਰੀ ਦੀਪਤੀ ਦੇਸ਼ਪਾਂਡੇ ਨੇ ਕਿਹਾ ਕਿ ਹਾਲ ਹੀ ਦੇ ਮਹੀਨਿਆਂ 'ਚ ਪ੍ਰਚੂਨ ਮੁਦਰਾਸਫੀਤੀ ਵਧੀ ਹੈ, ਜਦੋਂ ਕਿ ਕੱਚੇ ਤੇਲ, ਜਿਣਸਾਂ ਅਤੇ ਖੁਰਾਕੀ ਕੀਮਤਾਂ ਨਾਲ ਜੁੜੇ ਖਦਸ਼ੇ ਵਧੇਰੇ ਸਪੱਸ਼ਟ ਹੋ ਗਏ ਹਨ। ਉਨ੍ਹਾਂ ਕਿਹਾ ਕਿ ਸੂਝ-ਬੂਝ ਨਾਲ ਸਖ਼ਤ ਰੁੱਖ ਤੋਂ ਕੇਂਦਰੀ ਬੈਂਕ ਨੂੰ ਮੁਦਰਾਸਫੀਤੀ ਦੀ ਤਾਜ਼ਾ ਸਥਿਤੀ ਦੇ ਆਧਾਰ 'ਤੇ ਦਰਾਂ 'ਚ ਵਾਧਾ ਕਰਨ ਜਾਂ ਉਨ੍ਹਾਂ ਨੂੰ ਜਿਵੇਂ ਦੀਆਂ ਤਿਵੇਂ ਰੱਖਣ ਦਾ ਬਦਲ ਮਿਲਦਾ ਹੈ। ਪੀ. ਡਬਲਿਊ. ਸੀ. ਇੰਡੀਆ ਦੇ ਭਾਗੀਦਾਰ ਅਤੇ ਆਰਥਿਕ ਸਲਾਹਕਾਰ ਸੇਵਾ ਪ੍ਰਮੁੱਖ ਰਾਨੇਨ ਬੈਨਰਜੀ ਨੇ ਵੀ ਕਿਹਾ ਕਿ ਮੌਦਰਿਕ ਨੀਤੀ ਕਮੇਟੀ (ਐੱਮ. ਪੀ. ਸੀ.) ਵਲੋਂ ਰੇਪੋ ਦਰ 'ਚ ਵਾਧੇ ਦੀ ਵਿਆਪਕ ਉਮੀਦ ਸੀ। ਭਵਿੱਖ ਦੇ ਕਦਮ ਹੁਣ ਅਮਰੀਕੀ ਫੈਡਰਲ ਰਿਜ਼ਰਵ ਦੇ ਰੁੱਖ, ਗਲੋਬਲ ਬਾਂਡ ਪ੍ਰਤੀਫਲ ਦੀ ਚਾਲ, ਖੁਰਾਕੀ ਮੁਦਰਾਸਫੀਤੀ ਦੀ ਦਿਸ਼ਾ ਅਤੇ ਕੱਚੇ ਤੇਲ ਦੀਆਂ ਕੀਮਤਾਂ 'ਤੇ ਨਿਰਭਰ ਕਰਨਗੇ।

## ਭਾਰਤੀ ਪਰੰਪਰਾਵਾਂ ਦੁਨੀਆ ਭਰ ਦੇ ਸਮਾਜ ਦੀ ਸੁਰੱਖਿਆ ਤੇ ਭਲਾਈ ਲਈ ਮਹੱਤਵਪੂਰਨ: ਭਾਗਵਤ

ਕੌਮੀ ਪਤ੍ਰਿਕਾ

ਮੁੰਬਈ 12 ਅਕਤੂਬਰ। ਆਰਐੱਸਐੱਸ ਮੁਖੀ ਮੋਹਨ ਭਾਗਵਤ ਨੇ ਬੁੱਧਵਾਰ ਨੂੰ ਕਿਹਾ ਕਿ ਭਾਰਤ ਦੇ ਲੋਕਾਂ ਨੂੰ ਆਪਣੀਆਂ ਪਰੰਪਰਾਵਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਸਮਾਜ ਅਤੇ ਦੁਨੀਆ ਦੀ ਬਿਹਤਰੀ ਲਈ ਕੰਮ ਕਰਨਾ ਚਾਹੀਦਾ ਹੈ। ਰਾਸ਼ਟਰੀ ਸਵੈਮ ਸੇਵਕ ਸੰਘ (ਆਰ.ਐੱਸ.ਐੱਸ.) ਦੇ ਮੁਖੀ ਨੇ ਕਿਹਾ ਕਿ ਸਾਰਿਆਂ ਲਈ ਇੱਕ ਸੰਤੁਸ਼ਟੀਜਨਕ ਜੀਵਨ ਯਕੀਨੀ ਬਣਾਉਣ ਲਈ ਸਾਰਿਆਂ ਨੂੰ ਯੋਗਦਾਨ ਪਾਉਣਾ ਚਾਹੀਦਾ ਹੈ। ਆਰਐੱਸਐੱਸ ਮੁਖੀ ਨੇ ਕਿਹਾ ਕਿ ਸਮਾਜ ਦੇ ਆਕਾਰ ਦੇ ਮੁਕਾਬਲੇ ਚੰਗੇ ਕੰਮਾਂ ਵਿੱਚ ਲੱਗੇ ਲੋਕਾਂ ਦੀ ਗਿਣਤੀ ਨਾਕਾਫ਼ੀ ਹੈ ਅਤੇ ਸਮਾਜਿਕ ਕੰਮਾਂ ਵਿੱਚ ਵਧੇਰੇ ਜਨਤਕ ਭਾਗੀਦਾਰੀ ਦੀ ਲੋੜ ਹੈ। ਵਿਸ਼ਵ ਹਿੰਦੂ ਪ੍ਰੀਸ਼ਦ (ਵੀਐਚਪੀ) ਦੇ ਸਵਰਗੀ ਪ੍ਰਧਾਨ ਅਸ਼ੋਕ ਸਿੰਘਲ ਦੀ ਜਨਮ ਸ਼ਤਾਬਦੀ ਮਨਾਉਣ ਲਈ ਨਾਗਪੁਰ ਜ਼ਿਲ੍ਹੇ ਦੇ ਦਿਓਲਾਪੁਰ ਵਿੱਚ 'ਗੌ-ਵਿਗਿਆਨ ਅਨੁਸੰਧਾਨ ਕੇਂਦਰ' ਵਿਖੇ ਕਈ ਪ੍ਰੋਜੈਕਟਾਂ ਦਾ ਉਦਘਾਟਨ ਕਰਦੇ ਉਨ੍ਹਾਂ ਕਿਹਾ ਕਿ ਭਾਰਤ ਦੀਆਂ ਪਰੰਪਰਾਵਾਂ ਸਮਾਜ



ਅਤੇ ਵਿਸ਼ਵ ਦੀ ਸੁਰੱਖਿਆ ਅਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ, ਸਾਡੇ ਜੀਵਨ, ਸਮਾਜ, ਧਰਮ ਦੀ ਰੱਖਿਆ, ਦੁਨੀਆ ਦੀ ਬਿਹਤਰੀ, ਹਰ ਬੀਤਦੇ ਦਿਨ ਦੇ ਨਾਲ ਜੋ ਰਸਤਾ ਜ਼ਰੂਰੀ ਹੁੰਦਾ ਜਾ ਰਿਹਾ ਹੈ, ਉਹ ਭਾਰਤ ਦੇ ਲੋਕਾਂ ਲਈ ਆਪਣੀਆਂ ਪਰੰਪਰਾਵਾਂ ਅਨੁਸਾਰ ਜੀਣਾ ਅਤੇ ਸਫਲ ਹੋਵੇ। ਹਰ ਕਿਸੇ ਦਾ ਜੀਵਨ ਸੰਤੁਸ਼ਟੀਜਨਕ ਹੋਣਾ ਚਾਹੀਦਾ ਹੈ ਅਤੇ ਸਾਨੂੰ ਸਾਰਿਆਂ ਨੂੰ ਕੁਝ ਨਾ ਕੁਝ ਕਰਨਾ ਚਾਹੀਦਾ ਹੈ। ਭਾਗਵਤ ਨੇ ਕਿਹਾ, ਸਾਡੇ ਸਮਾਜ ਵਿੱਚ ਤਿਉਹਾਰ ਬਹੁਤ ਮਸ਼ਹੂਰ ਹਨ ਅਤੇ ਅਸੀਂ ਉਨ੍ਹਾਂ ਵਿੱਚ ਬਹੁਤ ਉਤਸ਼ਾਹ ਨਾਲ ਹਿੱਸਾ ਲੈਂਦੇ ਹਾਂ। ਪਰ ਲੋਕ ਆਮ ਤੌਰ 'ਤੇ ਇਹ ਨਹੀਂ ਸੋਚਦੇ, 'ਮੈਂ ਉਹ ਕਰਾਂਗਾ ਜੋ ਜ਼ਰੂਰੀ ਹੈ।' ਲੋਕ ਕਹਿੰਦੇ ਹਨ ਕਿ ਉਨ੍ਹਾਂ ਨੂੰ ਕੰਮ ਕਰਨਾ ਚਾਹੀਦਾ ਹੈ ਅਤੇ ਆਪਣੇ ਪਰਿਵਾਰਾਂ ਦਾ ਸਮਰਥਨ ਕਰਨਾ ਚਾਹੀਦਾ ਪਰ ਉਹ ਕਿਸੇ ਹੋਰ ਤੋਂ ਸਮਾਜ ਲਈ ਕੁਝ ਚੰਗਾ ਕਰਨ ਦੀ ਉਮੀਦ ਕਰਦੇ ਹਨ। ਆਰਐੱਸਐੱਸ ਮੁਖੀ ਨੇ ਕਿਹਾ ਕਿ ਜਦੋਂ ਕੁਝ ਚੰਗਾ ਹੁੰਦਾ ਹੈ, ਤਾਂ ਇਹ ਪੂਰੇ ਸਮਾਜ ਦੇ ਯੋਗਦਾਨ ਨੂੰ ਦਰਸਾਉਂਦਾ ਹੈ। ਚੰਗੇ ਲੋਕਾਂ ਨੂੰ ਯਾਦ ਕਰਨ ਦੇ ਦੋ ਤਰੀਕੇ ਹਨ: ਜਾਂ ਤਾਂ ਚੰਗੇ ਕੰਮ ਕਰਕੇ ਜਾਂ ਸਿਰਫ਼ ਉਨ੍ਹਾਂ ਨੂੰ ਯਾਦ ਕਰਕੇ ਜਿਨ੍ਹਾਂ ਨੇ ਚੰਗੇ ਕੰਮ ਕੀਤੇ ਸਨ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਲੋਕ ਮੰਨਦੇ ਹਨ ਕਿ ਅਜਿਹਾ ਕੰਮ ਕਿਸੇ ਹੋਰ ਨੂੰ ਕਰਨਾ ਚਾਹੀਦਾ ਹੈ, ਭਾਵੇਂ ਉਹ ਖ਼ੁਦ ਜਾਣਦੇ ਹਨ ਕਿ ਕੀ ਕਰਨ ਦੀ ਲੋੜ ਹੈ।

## ਹਾਈਕਮਾਂਡ ਦੀ ਚਿਤਾਵਨੀ ਦਰਕਿਨਾਰ, ਰੋਕ ਦੇ ਬਾਵਜੂਦ ਹਰੀਸ਼ ਰਾਵਤ ਨੇ ਕੱਢੀ ਯਾਤਰਾ

ਨੈਸ਼ਨਲ ਡੈਸਕ 12 ਅਕਤੂਬਰ। ਉੱਤਰਾਖੰਡ ਦੇ ਸਾਬਕਾ ਮੁੱਖ ਮੰਤਰੀ ਅਤੇ ਸੀਨੀਅਰ ਕਾਂਗਰਸੀ ਨੇਤਾ ਹਰੀਸ਼ ਰਾਵਤ ਵੱਲੋਂ ਪਾਰਟੀ ਹਾਈਕਮਾਨ ਦੀ ਪਾਬੰਦੀ ਅਤੇ ਚੇਤਾਵਨੀ ਦੇ ਬਾਵਜੂਦ ਆਯੋਜਿਤ 'ਧੰਨਵਾਦ ਅਤੇ ਜਨਤਕ ਸੰਵਾਦ ਯਾਤਰਾ' ਨੇ ਰਾਜ ਵਿੱਚ ਕਾਂਗਰਸ ਪਾਰਟੀ ਦੇ ਅੰਦਰ ਭਾਰੀ ਅੰਦਰੂਨੀ ਕਲੇਸ਼ ਅਤੇ ਬੇਅਰਾਮੀ ਦੀ ਸਥਿਤੀ ਪੈਦਾ ਕਰ ਦਿੱਤੀ ਹੈ। ਉਨ੍ਹਾਂ ਦੇ ਇਸ ਕਦਮ ਨਾਲ ਸੂਬੇ ਵਿੱਚ ਕਾਂਗਰਸ ਪਾਰਟੀ ਦੀ ਏਕਤਾ 'ਤੇ ਕਈ ਤਰ੍ਹਾਂ ਦੇ ਸਵਾਲ ਖੜ੍ਹੇ ਹੋ ਰਹੇ ਹਨ। ਪਾਰਟੀ ਦਾ ਮੰਨਣਾ ਹੈ ਕਿ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਅਜਿਹੇ ਨਿੱਜੀ/ਸਮਾਨਾਂਤਰ ਮੁਹਿੰਮਾਂ ਪਾਰਟੀ ਦੀ ਏਕਤਾ ਨੂੰ ਨੁਕਸਾਨ ਪਹੁੰਚਾ ਰਹੀਆਂ



ਹਨ। ਦੱਸ ਦੇਈਏ ਕਿ ਉਤਰਾਖੰਡ ਕਾਂਗਰਸ ਇੰਚਾਰਜ ਕੁਮਾਰੀ ਸ਼ੈਲਜਾ ਅਤੇ ਸੰਗਠਨ ਜਨਰਲ ਸਕੱਤਰ ਕੇਸੀ ਵੇਣੂਗੋਪਾਲ ਨੇ ਹਰੀਸ਼ ਰਾਵਤ ਨੂੰ ਇੱਕ ਪੱਤਰ ਲਿਖਿਆ ਸੀ ਅਤੇ ਦਿੱਲੀ ਵਿੱਚ ਮੀਟਿੰਗ ਦੌਰਾਨ ਉਨ੍ਹਾਂ ਨੂੰ ਇਸ ਦੌਰੇ ਨੂੰ ਰੋਕਣ ਦੀ ਸਖ਼ਤ ਸਲਾਹ ਦਿੱਤੀ ਸੀ। ਰੋਕਥਾਮ ਅਤੇ ਹਦਾਇਤਾਂ ਜਾਰੀ ਕਰਨ ਦੇ ਬਾਵਜੂਦ ਹਰੀਸ਼ ਰਾਵਤ ਨੇ ਜਸਪੁਰ ਤੋਂ ਹਲਦਵਾਨੀ ਤੱਕ ਇੱਕ ਜਨਤਕ ਸੰਵਾਦ ਯਾਤਰਾ ਦਾ ਆਯੋਜਨ ਕੀਤਾ। ਪਾਰਟੀ ਲੀਡਰਸ਼ਿਪ ਮੁਤਾਬਕ ਹਰੀਸ਼ ਰਾਵਤ ਨੇ ਇਸ ਯਾਤਰਾ ਬਾਰੇ ਸੂਬਾ ਕਾਂਗਰਸ ਕਮੇਟੀ ਜਾਂ ਕੇਂਦਰੀ ਲੀਡਰਸ਼ਿਪ ਨਾਲ ਕਿਸੇ ਤਰ੍ਹਾਂ ਦਾ ਕੋਈ ਵਿਚਾਰ-ਚਰਚਾ ਨਹੀਂ ਕੀਤਾ। ਇਸ ਯਾਤਰਾ ਦੌਰਾਨ Tiger is back ਵਰਗੇ ਨਾਅਰੇ ਅਤੇ ਪੋਸਟਰ ਉਨ੍ਹਾਂ ਦੇ ਵਾਹਨਾਂ 'ਤੇ ਲਗਾਏ ਗਏ ਸਨ। ਇਸ ਨਾਲ ਇਹ ਸਾਬਿਤ ਹੁੰਦਾ ਹੈ ਕਿ ਉਹ ਆਉਣ ਵਾਲੀਆਂ ਚੋਣਾਂ ਤੋਂ ਪਹਿਲਾਂ ਆਪਣੇ ਆਪ ਨੂੰ ਮੁੱਖ ਮੰਤਰੀ ਦੇ ਅਹੁਦੇ ਲਈ ਇੱਕ ਵੱਡੇ ਦਾਅਵੇਦਾਰ ਵਜੋਂ ਪੇਸ਼ ਕਰ ਰਹੇ ਹਨ, ਜਿਸ ਨਾਲ ਪਾਰਟੀ ਦੇ ਅੰਦਰ ਅੰਦਰੂਨੀ ਲੜਾਈ ਵਧ ਗਈ ਹੈ। ਚਾਰੇ ਪਾਸੇ ਚਰਚਾ ਦਾ ਵਿਸ਼ਾ ਬਣੇ ਇਸ ਵਿਵਾਦ ਤੋਂ ਬਾਅਦ ਕਾਂਗਰਸ ਹਾਈਕਮਾਂਡ ਨੇ ਹਰੀਸ਼ ਰਾਵਤ ਅਤੇ ਸੂਬਾ ਲੀਡਰਸ਼ਿਪ ਨੂੰ ਭਲਕੇ ਦਿੱਲੀ ਤਲਬ ਕੀਤਾ ਹੈ। ਰਾਵਤ ਦਾ ਉਤਰਾਖੰਡ ਇੰਚਾਰਜ ਕੁਮਾਰੀ ਸ਼ੈਲਜਾ ਨਾਲ ਮੁਲਾਕਾਤ ਕਰਨ ਦਾ ਪ੍ਰੋਗਰਾਮ ਹੈ। ਦੂਜੇ ਪਾਸੇ ਇਸ ਸਬੰਧ ਵਿਚ ਹਰੀਸ਼ ਰਾਵਤ ਨੇ ਆਪਣਾ ਪੱਖ ਰੱਖਦੇ ਹੋਏ ਕਿਹਾ ਕਿ ਉਨ੍ਹਾਂ ਦੀ ਫੇਰੀ ਦਾ ਸ਼ੁਰੂਆਤੀ ਉਦੇਸ਼ ਉੱਤਰਾਖੰਡ ਕਾਂਗਰਸ ਨੂੰ ਹਿਲਾ ਦੇਣਾ ਸੀ ਅਤੇ ਪਾਰਟੀ ਦੇ ਅਧਿਕਾਰਤ ਪ੍ਰੋਗਰਾਮ ਨੂੰ ਅੰਤਿਮ ਰੂਪ ਦੇਣ ਤੋਂ ਬਾਅਦ ਉਹ ਸੰਗਠਨ ਦੇ ਨਾਲ-ਨਾਲ ਪ੍ਰਚਾਰ ਕਰਨਗੇ। ਉਨ੍ਹਾਂ ਦਾ ਉਦੇਸ਼ ਸਿਰਫ ਪਾਰਟੀ ਅਤੇ ਵਰਕਰਾਂ ਨੂੰ ਸਰਗਰਮ ਕਰਨਾ ਅਤੇ ਜਨਤਾ ਨਾਲ ਸੰਵਾਦ ਕਾਇਮ ਰੱਖਣਾ ਹੈ। ਹਾਲਾਂਕਿ, ਪਾਰਟੀ ਹਾਈਕਮਾਂਡ ਦੀ ਸਖ਼ਤ ਚੇਤਾਵਨੀ ਦੇ ਮੱਦੇਨਜ਼ਰ, ਹਰੀਸ਼ ਰਾਵਤ ਨੇ ਆਪਣੇ ਅਗਲੇ ਦੌਰੇ ਫਿਲਹਾਲ ਲਈ ਮੁਲਤਵੀ ਕਰ ਦਿੱਤੇ ਹਨ ਅਤੇ ਯਾਤਰਾ ਅੱਧ ਵਿਚਕਾਰ ਛੱਡ ਕੇ ਦਿੱਲੀ ਲਈ ਰਵਾਨਾ ਹੋ ਗਏ।

## 'ਰੂਸ-ਯੂਕ੍ਰੇਨ ਦੀ ਜੰਗ ਖ਼ਤਮ ਕਰਵਾਉਣ ਲਈ ਦੋਵਾਂ ਦੇਸ਼ਾਂ ਨਾਲ ਸੰਪਰਕ 'ਚ ਭਾਰਤ..!'

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਇੰਟਰਨੈਸ਼ਨਲ ਡੈਸਕ 12 ਅਕਤੂਬਰ। ਰੂਸ ਅਤੇ ਯੂਕ੍ਰੇਨ ਵਿਚਾਲੇ ਪਿਛਲੇ ਕਰੀਬ 5 ਸਾਲਾਂ ਤੋਂ ਚੱਲ ਰਹੀ ਜੰਗ ਨੂੰ ਸ਼ਾਂਤੀਪੂਰਨ ਢੰਗ ਨਾਲ ਖ਼ਤਮ ਕਰਨ ਲਈ ਭਾਰਤ ਨੇ ਆਪਣੀ ਭੂਮਿਕਾ ਸਾਫ਼ ਕਰ ਦਿੱਤੀ ਹੈ। 'ਮਿਊਨਿਖ ਸੁਰੱਖਿਆ ਸੰਮੇਲਨ' ਦੌਰਾਨ ਭਾਰਤ ਦੇ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਦੱਸਿਆ ਕਿ ਭਾਰਤ ਰੂਸ-ਯੂਕ੍ਰੇਨ ਦੀ ਜੰਗ ਰੁਕਵਾਉਣ ਲਈ ਸਿਰਫ਼ ਸਲਾਹਾਂ ਦੇਣ ਨਾਲੋਂ ਕਿਤੇ ਵੱਧ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਮਹੀਨਿਆਂ ਤੋਂ ਮਾਸਕੋ ਅਤੇ ਕੀਵ ਦੋਵਾਂ ਦੇ ਸੰਪਰਕ ਵਿੱਚ ਹੈ ਅਤੇ ਜੰਗਬੰਦੀ ਲਈ ਠੋਸ ਕਦਮਾਂ 'ਤੇ ਚਰਚਾ ਕਰ ਰਿਹਾ ਹੈ। ਇਸ ਦੌਰਾਨ ਯੂਕ੍ਰੇਨ ਦੇ ਵਿਦੇਸ਼ ਮੰਤਰੀ ਅੰਦਰੀ ਸਿਬੀਹਾ ਨੇ ਪੁਸ਼ਟੀ ਕੀਤੀ ਹੈ ਕਿ ਕੀਵ ਕੋਲ ਜੰਗਬੰਦੀ ਲਈ 4 ਵੱਖ-ਵੱਖ ਪ੍ਰਸਤਾਵ ਆਏ ਹਨ, ਜਿਨ੍ਹਾਂ ਵਿੱਚੋਂ ਭਾਰਤ ਦਾ ਪ੍ਰਸਤਾਵ ਸਭ ਤੋਂ ਵਿਆਪਕ ਹੈ। ਭਾਰਤ ਵੱਲੋਂ ਭੇਜੇ ਗਏ ਇਸ ਸ਼ਾਂਤੀ ਪ੍ਰਸਤਾਵ 'ਚ ਕਾਲੇ ਸਾਗਰ ਰਾਹੀਂ ਜਹਾਜ਼ਾਂ ਦੀ ਆਵਾਜਾਈ, ਅਨਾਜ ਅਤੇ ਊਰਜਾ ਨਿਰਯਾਤ ਦੀ ਸੁਰੱਖਿਆ ਨੂੰ ਯਕੀਨੀ



ਬਣਾਉਣਾ, ਦੋਵਾਂ ਦੇਸ਼ਾਂ ਵੱਲੋਂ ਊਰਜਾ ਠਿਕਾਣਿਆਂ 'ਤੇ ਹਮਲੇ ਰੋਕਣਾ ਵਰਗੇ ਮੁੱਦੇ ਸ਼ਾਮਲ ਹਨ। ਯੂਕ੍ਰੇਨੀ ਵਿਦੇਸ਼ ਮੰਤਰੀ ਨੇ ਸਪੱਸ਼ਟ ਕੀਤਾ ਕਿ ਉਹ ਊਰਜਾ ਅਤੇ ਕਾਲੇ ਸਾਗਰ ਦੋਵਾਂ ਪਾਸੇ ਹਮਲਿਆਂ ਨੂੰ ਰੋਕਣ ਦੇ ਪੱਖ 'ਚ ਹਨ, ਜਿਸ 'ਚ ਬੰਦਰਗਾਹਾਂ ਦੇ ਬੁਨਿਆਦੀ ਢਾਂਚੇ 'ਤੇ ਹਮਲਿਆਂ 'ਤੇ ਪੂਰੀ ਤਰ੍ਹਾਂ ਰੋਕ ਸ਼ਾਮਲ ਹੋਵੇਗੀ। ਜ਼ੈਲੇਂਸਕੀ ਨੇ ਜੈਸ਼ੰਕਰ ਨਾਲ ਮੁਲਾਕਾਤ ਤੋਂ ਬਾਅਦ ਇਸ ਜੰਗ ਨੂੰ ਖ਼ਤਮ ਕਰਨ ਲਈ ਭਾਰਤ ਦੇ ਯਤਨਾਂ ਲਈ ਧੰਨਵਾਦ ਕੀਤਾ, ਜਦਕਿ 'ਵਾਲਦਾਈ ਡਿਸਕਸ਼ਨ ਕਲੱਬ' 'ਚ ਬੋਲਦਿਆਂ ਰੂਸੀ ਰਾਸ਼ਟਰਪਤੀ ਪੁਤਿਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਰੁੱਖ ਨਿਰਪੱਖ ਹੈ ਅਤੇ ਉਨ੍ਹਾਂ ਕੋਲ ਦੋਵਾਂ ਧਿਰਾਂ ਲਈ ਹੱਲ ਕੱਢਣ ਦੇ 'ਬਹੁਤ ਵਧੀਆ ਵਿਚਾਰ' ਹਨ। ਜ਼ਿਕਰਯੋਗ ਹੈ ਕਿ ਅਗਸਤ 2026 'ਚ ਕਿਰਗਿਸਤਾਨ 'ਚ ਹੋਏ ਐੱਸ.ਸੀ.ਓ. ਸੰਮੇਲਨ ਦੌਰਾਨ ਮੋਦੀ ਨੇ ਪੁਤਿਨ ਨੂੰ ਕਿਹਾ ਸੀ ਕਿ ਇਨਸਾਨੀਅਤ ਦੀ ਰੱਖਿਆ ਲਈ ਕਦੇ ਨਾ ਖਤਮ ਹੋਣ ਵਾਲੀ ਜੰਗ ਤੋਂ ਜੰਗ ਖ਼ਤਮ ਕਰਨ ਵੱਲ ਵਧਣਾ ਚਾਹੀਦਾ ਹੈ। ਇਸ ਤੋਂ ਪਹਿਲਾਂ ਵੀ ਮੋਦੀ ਨੇ ਮਾਸਕੋ 'ਚ ਸਪੱਸ਼ਟ ਕੀਤਾ ਸੀ ਕਿ ਹਥਿਆਰਾਂ, ਬੰਬਾਂ ਅਤੇ ਗੋਲੀਆਂ ਦੇ ਸਾਏ ਹੇਠ ਸ਼ਾਂਤੀ ਵਾਰਤਾ ਨਹੀਂ ਹੋ ਸਕਦੀ।

## ਅਹਿਮਦਾਬਾਦ ਦੇ 10 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ; ਘਰਾਂ ਨੂੰ ਭੇਜੇ ਵਿਦਿਆਰਥੀ

ਅਹਿਮਦਾਬਾਦ 12 ਅਕਤੂਬਰ। ਅਹਿਮਦਾਬਾਦ ਵਿਚ ਉਸ ਸਮੇਂ ਹਫ਼ੜਾ-ਦਫ਼ੜੀ ਮਚ ਗਈ, ਜਦੋਂ ਬੁੱਧਵਾਰ ਨੂੰ ਘੱਟੋ-ਘੱਟ 10 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਬੰਬ ਦੀ ਧਮਕੀ ਮਿਲਣ ਦੇ ਸਾਰ ਹੀ ਅਧਿਕਾਰੀਆਂ ਨੇ ਵਿਦਿਆਰਥੀਆਂ ਨੂੰ ਜਲਦੀ ਘਰ ਭੇਜ ਦਿੱਤਾ। ਇਸ ਤੋਂ ਬਾਅਦ ਸੂਚਨਾ ਮਿਲਣ 'ਤੇ ਪ੍ਰਭਾਵਿਤ ਸਕੂਲਾਂ ਵਿੱਚ ਪੁਲਸ, ਫਾਇਰ ਬ੍ਰਿਗੇਡ ਅਤੇ ਬੰਬ ਖੋਜ ਅਤੇ ਨਿਰੋਧਕ ਟੀਮਾਂ ਪਹੁੰਚ ਗਈਆਂ, ਜਿਨ੍ਹਾਂ ਨੇ ਇਸ ਮਾਮਲੇ ਦੀ ਜਾਂਚ ਕਰਨੀ ਸ਼ੁਰੂ ਕਰ ਦਿੱਤੀ। ਪ੍ਰਭਾਵਿਤ ਸਕੂਲਾਂ ਵਿੱਚ ਵੇਜਲਪੁਰ ਖੇਤਰ ਦਾ ਜ਼ਾਈਡਸ ਸਕੂਲ ਵੀ ਸ਼ਾਮਲ ਹੈ। ਮਿਲੀ ਜਾਣਕਾਰੀ ਮੁਤਾਬਕ ਧਮਕੀਆਂ ਮਿਲਣ ਵਾਲੇ ਜ਼ਿਆਦਾਤਰ ਸਕੂਲ ਸ਼ਹਿਰ ਦੇ ਪੱਛਮੀ ਹਿੱਸੇ ਵਿੱਚ ਸਥਿਤ ਹਨ। ਧਮਕੀ ਮਿਲਣ ਤੋਂ ਬਾਅਦ ਸਕੂਲ ਪ੍ਰਸ਼ਾਸਨ ਨੇ ਅਧਿਕਾਰੀਆਂ ਨੂੰ ਸੂਚਿਤ ਕੀਤਾ, ਜਿਸ ਤੋਂ ਬਾਅਦ ਸੁਰੱਖਿਆ ਟੀਮਾਂ ਨੂੰ ਜਾਂਚ ਲਈ ਵੱਖ-ਵੱਖ ਥਾਵਾਂ 'ਤੇ ਭੇਜਿਆ ਗਿਆ। ਧਮਕੀ ਤੋਂ ਬਾਅਦ ਸਕੂਲ ਨੇ ਵਿਦਿਆਰਥੀਆਂ ਨੂੰ ਜਲਦੀ ਛੁੱਟੀ ਦੇ ਦਿੱਤੀ ਤੇ ਪੁਲਸ-ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੂੰ ਸਾਵਧਾਨੀ ਵਜੋਂ ਸਕੂਲ ਦੇ ਅਹਾਤੇ ਵਿੱਚ ਭੇਜਿਆ ਗਿਆ। ਸਕੂਲਾਂ ਨੇ ਵਿਦਿਆਰਥੀਆਂ ਦੀ ਜਲਦੀ ਛੁੱਟੀ ਬਾਰੇ ਮਾਪਿਆਂ ਨੂੰ ਸੂਚਿਤ ਕਰਨਾ ਵੀ ਸ਼ੁਰੂ ਕਰ ਦਿੱਤਾ ਹੈ। ਅਧਿਕਾਰੀ ਸਕੂਲਾਂ ਵਿੱਚ ਸੁਰੱਖਿਆ ਜਾਂਚ ਕਰ ਰਹੇ ਹਨ ਅਤੇ ਖਤਰਿਆਂ ਦੀ ਪ੍ਰਕਿਰਤੀ ਅਤੇ ਸਰੋਤ ਬਾਰੇ ਹੋਰ ਜਾਣਕਾਰੀ ਦੀ ਉਡੀਕ ਕਰ ਰਹੇ ਹਨ।

## ਪਾਕਿ ਲਈ ਜਾਸੂਸੀ ਦੇ 18 ਸ਼ੱਕੀਆਂ 'ਚ 13 ਸਮੁੰਦਰੀ ਫੌਜ ਦੇ ਜਵਾਨ : ਆਂਧਰਾ ਪੁਲਸ

ਅਮਰਾਵਤੀ 12 ਅਕਤੂਬਰ। ਆਂਧਰਾ ਪ੍ਰਦੇਸ਼ ਪੁਲਸ ਨੇ ਪਾਕਿਸਤਾਨ ਲਈ ਕਥਿਤ ਤੌਰ 'ਤੇ ਜਾਸੂਸੀ ਕਰਨ ਦੇ ਦੋਸ਼ ਵਿਚ ਇਕ ਸਮੁੰਦਰੀ ਫੌਜ ਜਵਾਨ ਸਮੇਤ 2 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਕੁੱਲ 18 ਸ਼ੱਕੀਆਂ ਵਿਚੋਂ 13 ਸਮੁੰਦਰੀ ਫੌਜ ਦੇ ਜਵਾਨ ਹਨ, ਜੋ ਕਥਿਤ ਤੌਰ 'ਤੇ ਰਾਸ਼ਟਰੀ ਸੁਰੱਖਿਆ ਲਈ ਖ਼ਤਰਨਾਕ ਜਾਸੂਸੀ ਦੇ ਮਾਮਲੇ ਵਿਚ ਸ਼ਾਮਲ ਸਨ। ਆਂਧਰਾ ਪ੍ਰਦੇਸ਼ ਪੁਲਸ ਵਿਭਾਗ ਵੱਲੋਂ ਜਾਰੀ ਪ੍ਰੈੱਸ ਨੋਟ ਵਿਚ ਕਿਹਾ ਗਿਆ ਕਿ ਆਂਧਰਾ ਪ੍ਰਦੇਸ਼ ਕਾਊਂਟਰ ਇੰਟੈਲੀਜੈਂਸ ਸੈੱਲ ਨੂੰ ਸੂਚਨਾ ਮਿਲੀ ਸੀ ਕਿ ਭਾਰਤ ਵਿਚ ਕੁਝ ਲੋਕ ਪਾਕਿਸਤਾਨ ਦੇ ਖ਼ੁਫ਼ੀਆ ਏਜੰਟਾਂ ਦੇ ਸਿੱਧੇ ਸੰਪਰਕ ਵਿਚ ਹਨ। ਇਨ੍ਹਾਂ 'ਤੇ ਜਾਸੂਸੀ ਦੀ ਸਾਜ਼ਿਸ਼ ਵਿਚ ਸ਼ਾਮਲ ਹੋਣ ਦਾ ਸ਼ੱਕ ਹੈ। ਕਾਊਂਟਰ ਇੰਟੈਲੀਜੈਂਸ ਸੈੱਲ ਨੇ 10 ਸੂਬਿਆਂ ਦੀਆਂ ਪੁਲਸ ਫੋਰਸਾਂ ਨਾਲ ਤਾਲਮੇਲ ਕਰ ਕੇ ਉਨ੍ਹਾਂ ਸ਼ੱਕੀਆਂ ਦਾ ਪਤਾ ਲਗਾਇਆ, ਜੋ ਕਥਿਤ ਤੌਰ 'ਤੇ ਪਾਕਿਸਤਾਨ ਦੇ ਖ਼ੁਫ਼ੀਆ ਏਜੰਟਾਂ ਦੇ ਸਿੱਧੇ ਸੰਪਰਕ ਵਿਚ ਸਨ। ਬਿਆਨ ਵਿਚ ਕਿਹਾ ਗਿਆ ਕਿ ਸ਼ੱਕੀਆਂ ਨੇ ਐਨਕ੍ਰਿਪਟਡ ਸੰਚਾਰ ਮਾਧਿਅਮਾਂ ਰਾਹੀਂ ਵਿਸ਼ਾਖਾਪਟਨਮ ਅਤੇ ਦੇਸ਼ ਦੇ ਹੋਰ ਹਿੱਸਿਆਂ ਨਾਲ ਜੁੜੀ ਜਾਣਕਾਰੀ ਸਾਂਝੀ ਕੀਤੀ ਸੀ। ਖ਼ੁਫ਼ੀਆ ਇਕਾਈ ਨੇ ਇਲੈਕਟ?ਰੌਨਿਕ ਉਪਕਰਨ ਜ਼ਬਤ ਕੀਤੇ ਹਨ।

## 'ਬਿੱਲ ਲਿਆਓ ਇਨਾਮ ਪਾਓ' ਸਕੀਮ 'ਚ ਇਕ ਸਾਲ ਦਾ ਵਾਧਾ : ਹਰਪਾਲ ਚੀਮਾ

ਕੌਮੀ ਪਤ੍ਰਿਕਾ

ਚੰਡੀਗੜ੍ਹ 12 ਅਕਤੂਬਰ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਰਕਾਰ ਨੇ ਬਿੱਲ ਲਿਆਓ ਇਨਾਮ ਪਾਓ (ਮੇਰਾ ਬਿੱਲ ਸਕੀਮ) ਵਿਚ ਇੱਕ ਹੋਰ ਸਾਲ ਦਾ ਵਾਧਾ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਸਕੀਮ ਤਹਿਤ ਹੁਣ ਤੱਕ 9.40 ਕਰੋੜ ਰੁਪਏ ਦਾ ਜੁਰਮਾਨਾ ਲਗਾਇਆ ਗਿਆ ਹੈ, ਜਿਸ ਵਿੱਚੋਂ 7.31 ਕਰੋੜ ਰੁਪਏ ਦੀ ਵਸੂਲੀ ਹੋ ਚੁੱਕੀ ਹੈ। ਇਸ ਦੌਰਾਨ 135 ਨਵੇਂ ਡੀਲਰ ਰਜਿਸਟਰ ਕੀਤੇ ਗਏ ਹਨ ਅਤੇ ਵਿੱਤੀ ਵਰ੍ਹੇ 2025-26 ਅਤੇ 2026-27 ਦੌਰਾਨ 4,058 ਡਰਾਵਾਂ ਵਿੱਚੋਂ 3,548 ਪ੍ਰਮਾਣਿਤ ਲੱਕੀ ਡਰਾਅ ਜੇਤੂਆਂ ਨੂੰ 2.30 ਕਰੋੜ ਰੁਪਏ ਤੋਂ ਵੱਧ ਦੀ ਇਨਾਮੀ ਰਾਸ਼ੀ ਦਿੱਤੀ ਗਈ ਹੈ। ਚੀਮਾ ਨੇ ਕਿਹਾ ਕਿ ਇਸ ਸਕੀਮ ਨੇ ਨਿਯਮਾਂ ਦੀ ਪਾਲਣਾ ਕਰਵਾਉਣ ਅਤੇ ਲੋਕਾਂ ਨੂੰ ਉਤਸ਼ਾਹਿਤ ਕਰਨ ਵਿੱਚ ਸ਼ਾਨਦਾਰ ਨਤੀਜੇ ਦਿੱਤੇ ਹਨ। ਉਨ੍ਹਾਂ ਨੇ ਕਿਹਾ ਕਿ ਬਿੱਲਾਂ ਦੀ ਪੁਖ਼ਤਾ ਜਾਂਚ ਯਕੀਨੀ ਬਣਾਈ ਗਈ ਹੈ ਅਤੇ ਟੈਕਸ ਨਿਯਮਾਂ ਦੀ ਉਲੰਘਣਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਠੱਲ੍ਹ ਪਿਆ ਗਿਆ ਹੈ। ਉਨ੍ਹਾਂ ਨੇ ਮੇਰਾ ਬਿੱਲ ਸਕੀਮ ਦੇ ਅੰਕੜੇ ਸਾਂਝੇ ਕਰਦਿਆਂ ਆਮ ਲੋਕਾਂ ਦੀ ਉਤਸ਼ਾਹੀ ਹਿੱਸੇਦਾਰੀ ਦੀ ਸ਼ਲਾਘਾ ਕੀਤੀ। 2025-26 ਵਿੱਚ 3,080 ਪ੍ਰਮਾਣਿਤ ਜੇਤੂਆਂ ਨੂੰ 1,98,15,980 ਰੁਪਏ ਦਿੱਤੇ ਗਏ,



ਜਦਕਿ 2026-27 ਵਿੱਚ ਵਾਧੂ 32,22,090 ਰੁਪਏ ਵੰਡੇ ਗਏ ਹਨ।ਚੀਮਾ ਨੇ ਕਿਹਾ ਕਿ ਇਹ ਸਕੀਮ ਪਾਰਦਰਸ਼ਤਾ ਲਿਆਉਣ ਅਤੇ ਟੈਕਸ ਪ੍ਰਣਾਲੀ ਵਿੱਚ ਖਪਤਕਾਰਾਂ ਦੀ ਸ਼ਮੂਲੀਅਤ ਵਧਾਉਣ ਲਈ ਇੱਕ ਕਾਰਗਰ ਸਾਧਨ ਸਾਬਤ ਹੋਈ ਹੈ। 1 ਮਾਰਚ 2026 ਤੋਂ 31 ਅਗਸਤ 2026 ਤੱਕ ਦੇ ਛੇ ਮਹੀਨਿਆਂ ਦੌਰਾਨ ਹੋਈਆਂ ਕਾਰਵਾਈਆਂ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਨੇ ਕਰ ਵਿਭਾਗ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਹਨ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਇਸ ਸਕੀਮ ਰਾਹੀਂ ਬਿੱਲਾਂ ਦੀ ਪੁਖ਼ਤਾ ਜਾਂਚ ਯਕੀਨੀ ਬਣੀ ਅਤੇ ਸੂਬੇ ਭਰ ਵਿੱਚ ਟੈਕਸ ਨਿਯਮਾਂ ਦੀ ਉਲੰਘਣਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਠੱਲ੍ਹ ਪਈ। ਲਗਾਤਾਰ ਨਿਗਰਾਨੀ ਅਤੇ ਕਾਨੂੰਨੀ ਕਾਰਵਾਈ ਜ਼ਰੀਏ ਕਰ ਵਿਭਾਗ ਨੇ ਨਿਯਮਾਂ ਦੀ ਅਣਦੇਖੀ ਕਰਨ ਵਾਲਿਆਂ ਨੂੰ ਫੜਿਆ, ਜਿਸ ਦੇ ਸਿੱਟੇ ਵਜੋਂ 9.40 ਕਰੋੜ ਰੁਪਏ ਦੇ ਜੁਰਮਾਨੇ ਲਗਾਏ ਗਏ ਅਤੇ ਸਰਕਾਰੀ ਖ਼ਜ਼ਾਨੇ ਵਿੱਚ 7.31 ਕਰੋੜ ਰੁਪਏ ਜਮ?ਹਾਂ ਕਰਵਾਏ ਗਏ। ਇਸ ਦੇ ਨਾਲ ਹੀ 135 ਨਵੇਂ ਡੀਲਰਾਂ ਨੂੰ ਰਜਿਸਟਰ ਕਰਕੇ ਟੈਕਸ ਦੇ ਦਾਇਰੇ ਨੂੰ ਹੋਰ ਵਿਸ਼ਾਲ ਕੀਤਾ ਗਿਆ।

## ਭਾਰਤ-ਨੇਪਾਲ ਸਰਹੱਦ 'ਤੇ 235 ਕਿਲੋਗ੍ਰਾਮ ਗਾਂਜਾ ਬਰਾਮਦ

ਕੌਮੀ ਪਤ੍ਰਿਕਾ

ਸੁਪੌਲ 12 ਅਕਤੂਬਰ। ਭਾਰਤ-ਨੇਪਾਲ ਸਰਹੱਦ 'ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਹੋਰ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ ਚੱਲ ਰਹੀ ਮੁਹਿੰਮ ਦੇ ਹਿੱਸੇ ਵਜੋਂ, ਸਸ਼ਸਤਰ ਸੀਮਾ ਬਲ ਦੀ 45ਵੀਂ ਬਟਾਲੀਅਨ, ਵੀਰਪੁਰ ਅਤੇ ਬਿਹਾਰ ਪੁਲਸ ਦੀ ਇਕ ਸਾਂਝੀ ਟੀਮ ਨੇ ਸਿਮਰੀਘਾਟ ਸਰਹੱਦੀ ਚੌਕੀ ਖੇਤਰ 'ਚ ਲਗਭਗ 235 ਕਿਲੋਗ੍ਰਾਮ ਗਾਂਜਾ ਬਰਾਮਦ ਕੀਤਾ। ਸਸ਼ਸਤਰ ਸੀਮਾ ਬਲ ਦੇ ਕਮਾਂਡੈਂਟ ਗੌਰਵ ਸਿੰਘ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ, 6 ਅਕਤੂਬਰ ਨੂੰ ਦੁਪਹਿਰ ਲਗਭਗ 1:55 ਵਜੇ, ਸਰਹੱਦੀ ਪਿੱਲਰ ਨੰਬਰ 226/16 ਦੇ ਨੇੜੇ ਭਾਰਤੀ ਖੇਤਰ 'ਚ ਨਦੀ ਦੇ ਪਾਰ ਪਾਲਾਰ ਖੇਤਰ 'ਚ ਕੁਝ ਸ਼ੱਕੀ ਵਸਤੂਆਂ ਨੂੰ ਲੁਕਾ ਕੇ ਰੱਖੇ ਜਾਣ ਦੀ ਸੂਚਨਾ ਮਿਲੀ। ਇਸ ਤੋਂ ਬਾਅਦ, ਸਿਮਰੀਘਾਟ ਸਰਹੱਦੀ ਚੌਕੀ ਦੀ 45ਵੀਂ ਬਟਾਲੀਅਨ ਅਤੇ ਭਪਟਿਆਹੀ ਪੁਲਸ ਸਟੇਸ਼ਨ ਦੀ ਇਕ ਸਾਂਝੀ ਵਿਸ਼ੇਸ਼ ਗਸ਼ਤ ਟੀਮ ਨੂੰ ਤੁਰੰਤ ਖੇਤਰ 'ਚ ਭੇਜਿਆ ਗਿਆ। ਖੇਤਰ ਦੀ ਨਿਗਰਾਨੀ ਅਤੇ ਤਲਾਸ਼ੀ ਲਈ ਮਨੁੱਖ ਰਹਿਤ ਹਵਾਈ ਵਾਹਨਾਂ ਦੀ ਵੀ ਵਰਤੋਂ ਕੀਤੀ ਗਈ। ਸਾਂਝੀ ਟੀਮ ਨੇ ਤਲਾਸ਼ੀ ਦੌਰਾਨ ਨਦੀ ਦੇ ਖੇਤਰ 'ਚ ਲੁਕਾਏ ਗਏ ਗਾਂਜੇ ਦੇ ਅੱਠ ਪੈਕੇਟ ਬਰਾਮਦ ਕੀਤੇ। ਬਰਾਮਦ ਕੀਤੇ ਗਏ ਗਾਂਜੇ ਦਾ ਕੁੱਲ ਭਾਰ ਲਗਭਗ 235 ਕਿਲੋਗ੍ਰਾਮ ਸੀ। ਪੂਰੇ ਇਲਾਕੇ ਦੀ ਤਲਾਸ਼ੀ ਅਤੇ ਹਵਾਈ ਨਿਗਰਾਨੀ ਦੇ ਬਾਵਜੂਦ, ਘਟਨਾ ਸਥਾਨ 'ਤੇ ਕੋਈ ਵੀ ਸ਼ੱਕੀ ਵਿਅਕਤੀ ਨਹੀਂ ਮਿਲਿਆ। ਨਿਯਮ ਅਨੁਸਾਰ ਜ਼ਰੂਰੀ ਕਾਨੂੰਨੀ ਕਾਰਵਾਈ ਤੋਂ ਬਾਅਦ ਬਰਾਮਦ ਗਾਂਜੇ ਨੂੰ ਭਪਟਿਆਹੀ ਥਾਣਾ, ਸੁਪੌਲ ਨੂੰ ਸੌਂਪ ਦਿੱਤਾ ਗਿਆ। ਇਸ ਕਾਰਵਾਈ 'ਚ 45ਵੀਂ ਬਟਾਲੀਅਨ ਸਸ਼ਸਤਰ ਸੀਮਾ ਬਲ ਦੇ ਸਹਾਇਕ ਸਬ-ਇੰਸਪੈਕਟਰ ਅੰਮ੍ਰਿਤਲਾਲ, ਭਪਟਿਆਹੀ ਪੁਲਸ ਸਟੇਸ਼ਨ ਦੇ ਕਰਮਚਾਰੀਆਂ ਦੇ ਨਾਲ, ਇਸ ਕਾਰਵਾਈ 'ਚ ਸ਼ਾਮਲ ਸਨ। ਕਮਾਂਡੈਂਟ ਸ਼੍ਰੀ ਸਿੰਘ ਨੇ ਕਿਹਾ ਕਿ ਭਾਰਤ-ਨੇਪਾਲ ਸਰਹੱਦ 'ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਹੋਰ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ ਫੋਰਸ ਲਗਾਤਾਰ ਚੌਕਸ ਹੈ। ਸਰਹੱਦੀ ਖੇਤਰ 'ਚ ਮਜ਼ਬੂਤ ??ਸੁਰੱਖਿਆ ਬਣਾਈ ਰੱਖਣ ਲਈ ਇਸ ਤਰ੍ਹਾਂ ਦੀ ਮੁਹਿੰਮ ਅੱਗੇ ਵੀ ਜਾਰੀ ਰਹੇਗੀ।

## ਯੂਰੀਆ ਦੀ ਹਰ ਬੋਰੀ 'ਤੇ ਮੋਦੀ ਸਰਕਾਰ ਦੀ ਵੱਡੀ ਸਬਸਡੀ : ਕਿਸਾਨਾਂ ਨੂੰ ਮਿਲ ਰਿਹਾ 2700 ਰੁਪਏ ਦਾ ਭਾਰੀ ਲਾਭ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਨਵੀਂ ਦਿੱਲੀ 12 ਅਕਤੂਬਰ। ਭਾਰਤ ਖਾਦਾਂ ਦਾ ਇੱਕ ਵੱਡਾ ਦਰਾਮਦਕਾਰ ਹੈ। ਵਰਤਮਾਨ ਵਿੱਚ ਇਨ੍ਹਾਂ ਦੀ ਸਪਲਾਈ ਅਤੇ ਕੀਮਤਾਂ ਨੂੰ ਲੈ ਕੇ ਉਤਰਾਅ-ਚੜ੍ਹਾਅ ਬਣਿਆ ਹੋਇਆ ਹੈ। ਆਂਧਰਾ ਪ੍ਰਦੇਸ਼ ਦੇ ਮਦਨਪੱਲੇ ਵਿੱਚ ਇੱਕ ਸਮਾਗਮ ਦੌਰਾਨ ਬੋਲਦਿਆਂ, ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਵਿਸ਼ਵ ਪੱਧਰ 'ਤੇ ਯੂਰੀਆ ਦੀਆਂ ਕੀਮਤਾਂ ਵਿੱਚ ਭਾਰੀ ਵਾਧੇ ਦੇ ਬਾਵਜੂਦ, ਕੇਂਦਰ ਸਰਕਾਰ ਲਗਪਗ 2,700 ਪ੍ਰਤੀ ਬੈਗ ਦੀ ਸਬਸਿਡੀ ਦੇ ਰਹੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕਿਸਾਨਾਂ ਨੂੰ ਕਿਫਾਇਤੀ ਦਰਾਂ 'ਤੇ ਖਾਦ ਮਿਲੇ। ਉਨ੍ਹਾਂ ਦੱਸਿਆ ਕਿ ਕੋਵਿਡ-19 ਮਹਾਂਮਾਰੀ ਅਤੇ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਤਣਾਅ ਕਾਰਨ ਯੂਰੀਆ ਦੀ ਦਰਾਮਦ ਲਾਗਤ ਕਈ ਵਾਰ ?3,000 ਪ੍ਰਤੀ ਬੈਗ ਤੱਕ ਪਹੁੰਚ ਗਈ ਸੀ। ਇਸ ਦੇ ਬਾਵਜੂਦ, ਕੇਂਦਰ ਸਰਕਾਰ ਨੇ ਕਿਸਾਨਾਂ ਨੂੰ ਵਾਧੂ ਬੋਝ ਤੋਂ ਬਚਾਇਆ ਅਤੇ ਉਨ੍ਹਾਂ ਨੂੰ ਲਗਪਗ ?300 ਪ੍ਰਤੀ ਬੈਗ ਦੀ ਦਰ 'ਤੇ ਯੂਰੀਆ ਉਪਲਬਧ ਕਰਵਾਇਆ। ਵਿੱਤ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ, ਕਿਸਾਨ ਭਲਾਈ ਸਰਕਾਰ ਲਈ ਮੁੱਖ ਤਰਜੀਹ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਨੇ ਵਧਦੀਆਂ ਵਿਸ਼ਵਵਿਆਪੀ ਕੀਮਤਾਂ ਦਾ ਸਾਰਾ ਬੋਝ ਖੁਦ ਚੁੱਕਿਆ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕਿਸਾਨਾਂ ਨੂੰ ਖੇਤੀਬਾੜੀ ਲਈ ਜ਼ਰੂਰੀ ਖਾਦਾਂ ਕਿਫਾਇਤੀ ਦਰਾਂ 'ਤੇ ਮਿਲਦੀਆਂ ਰਹਿਣ। ਸਰਕਾਰ ਦੀ ਯੂਰੀਆ ਸਬਸਿਡੀ ਯੋਜਨਾ ਦੇ ਤਹਿਤ, ਸਰਕਾਰ ਯੂਰੀਆ ਦੀ ਅਸਲ ਲਾਗਤ ਅਤੇ ਕਿਸਾਨਾਂ ਤੋਂ ਲਈ ਜਾਣ ਵਾਲੀ ਕੀਮਤ ਦੇ ਅੰਤਰ ਨੂੰ ਖੁਦ ਚੁੱਕਦੀ ਹੈ। ਇਹ ਰਕਮ ਖਾਦ ਨਿਰਮਾਤਾਵਾਂ ਅਤੇ ਦਰਾਮਦਕਾਰਾਂ ਨੂੰ ਸਬਸਿਡੀ ਵਜੋਂ ਅਦਾ ਕੀਤੀ ਜਾਂਦੀ ਹੈ। ਵਰਤਮਾਨ ਵਿੱਚ ਯੂਰੀਆ ਦੇ 45-ਕਿਲੋਗ੍ਰਾਮ ਦੇ ਬੈਗ ਲਈ ਸਰਕਾਰ ਦੁਆਰਾ



ਨਿਰਧਾਰਤ ਵੱਧ ਤੋਂ ਵੱਧ ਪ੍ਰਚੂਨ ਕੀਮਤ 242 ਹੈ। ਇਸ ਅੰਕੜੇ ਵਿੱਚ ਨੀਮ-ਕੋਟਿੰਗ ਦੇ ਖਰਚੇ ਅਤੇ ਲਾਗੂ ਟੈਕਸ ਸ਼ਾਮਲ ਨਹੀਂ ਹਨ। ਇਹ ਦੱਸਦੇ ਹੋਏ ਕਿ ਕਿਸਾਨ ਲਗਪਗ ?300 ਦਾ ਭੁਗਤਾਨ ਕਰਦੇ ਹਨ, ਵਿੱਤ ਮੰਤਰੀ ਨੇ ਸਰਕਾਰ ਦੁਆਰਾ ਕੀਤੇ ਜਾ ਰਹੇ ਖਰਚੇ ਬਾਰੇ ਜਾਣਕਾਰੀ ਦਿੱਤੀ। ਵਿੱਤ ਮੰਤਰੀ ਨੇ ਕਿਹਾ ਕਿ ਕਿਸਾਨਾਂ ਨੂੰ ਲੋੜੀਂਦੀ ਮਾਤਰਾ ਵਿੱਚ ਖਾਦ ਦੀ ਉਪਲਬਧਤਾ ਯਕੀਨੀ ਬਣਾਉਣਾ ਸਰਕਾਰ ਦੀ ਤਰਜੀਹ ਹੈ। ਇਸ ਦੇ ਨਾਲ ਹੀ ਸਰਕਾਰ PM-ਕਿਸਾਨ ਸਨਮਾਨ ਨਿਧੀ ਯੋਜਨਾ ਅਤੇ ਕਿਸਾਨ ਕ੍ਰੈਡਿਟ ਕਾਰਡ ਪ੍ਰਣਾਲੀ ਰਾਹੀਂ 42" ਹੀਂ ਸੰਸਥਾਗਤ ਕਰਜ਼ੇ ਪ੍ਰਦਾਨ ਕਰਨ 'ਤੇ ਸਰਕਾਰ ਦਾ ਉਦੇਸ਼ ਕਿਸਾਨਾਂ ਲਈ ਖੇਤੀ ਲਾਗਤਾਂ ਨੂੰ ਘਟਾਉਣਾ ਅਤੇ ਖੇਤੀਬਾੜੀ ਉਤਪਾਦਨ ਨੂੰ ਵਧਾਉਣਾ ਹੈ। ਮਦਨਪੱਲੇ ਵਿਖੇ ਆਯੋਜਿਤ ਇੱਕ ਸਮਾਗਮ ਦੌਰਾਨ, ਵਿੱਤ ਮੰਤਰੀ ਨੇ ਆਂਧਰਾ ਪ੍ਰਦੇਸ਼ ਵਿੱਚ ਖੇਤੀਬਾੜੀ ਅਤੇ ਬਾਗਬਾਨੀ ਖੇਤਰਾਂ ਦੇ ਵਿਕਾਸ ਲਈ ਕਈ ਪਹਿਲਕਦਮੀਆਂ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰਾਂ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਵਿੱਚ ਨਿਵੇਸ਼ ਵਧਾਉਣ ਅਤੇ ਕਿਸਾਨਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਮਿਲ ਕੇ ਕੰਮ ਕਰ ਰਹੀਆਂ ਹਨ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਇਹ ਨਵੇਂ ਪ੍ਰੋਜੈਕਟ ਅਤੇ ਸਰਕਾਰੀ ਸਹਿਯੋਗ ਆਂਧਰਾ ਪ੍ਰਦੇਸ਼ ਵਿੱਚ ਖੇਤੀਬਾੜੀ ਅਤੇ ਬਾਗਬਾਨੀ ਖੇਤਰਾਂ ਨੂੰ ਨਵੀਂ ਗਤੀ ਪ੍ਰਦਾਨ ਕਰਨਗੇ, ਜਿਸ ਨਾਲ ਕਿਸਾਨਾਂ ਦੀ ਆਮਦਨ ਵਧਾਉਣ ਵਿੱਚ ਮਦਦ ਮਿਲੇਗੀ।

# ਹਸਪਤਾਲ ’ਚ ਬਿੱਲ ਨੂੰ ਲੈ ਕੇ ਹੰਗਾਮਾ, ਡਾਕਟਰਾਂ-ਕਰਮਚਾਰੀਆਂ ਨਾਲ ਕੁੱਟਮਾਰ; ਸ਼ਿਵਸੈਨਾ ਨੇਤਾ ਸਮੇਤ 17 ਖ਼ਿਲਾ.ਫ਼ FIR ਦਰਜ

**ਕੌਮੀ ਪਤ੍ਰਿਕਾ**

ਮੁੰਬਈ 12 ਅਕਤੂਬਰ। ਮਹਾਰਾਸ਼ਟਰ ਦੇ ਪਾਲਘਰ ’ਚ ਇੱਕ ਨਿੱਜੀ ਹਸਪਤਾਲ ’ਚ ਜ਼ਖਮੀ ਗੋਵਿੰਦਾ ਮੰਡਲ ਦੇ ਮੈਂਬਰ ਦੇ ਇਲਾਜ ਨੂੰ ਲੈ ਕੇ ਹੋਏ ਵਿਵਾਦ ਤੋਂ ਬਾਅਦ ਸ਼ਿਵਸੈਨਾ ਦੇ ਜ਼ਿਲ੍ਹਾ ਪ੍ਰਧਾਨ ਕੁੰਦਨ ਸੰਖੇ, ਵਿਧਾਇਕ ਰਾਜੇਂਦਰ ਗਾਵਿਤ ਦੇ ਪੁੱਤਰ ਰੋਹਿਤ ਗਾਵਿਤ ਅਤੇ ਸ਼ਹਿਰ ਪ੍ਰਧਾਨ ਰਾਹੁਲ ਘਰਾਤ ਸਮੇਤ 17 ਲੋਕਾਂ ਖ਼?ਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਹਸਪਤਾਲ ਪ੍ਰਸ਼ਾਸਨ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਮੁਤਾਬਕ, ਮੁਲਜ਼ਮਾਂ ਦਾ ਇੱਕ ਸਮੂਹ ਰਿਲੀਫ ਹਸਪਤਾਲ ’ਚ ਦਾਖ਼ਲ ਹੋਇਆ ਅਤੇ ਇੱਕ ਜ਼ਖਮੀ ਗੋਵਿੰਦਾ ਦਾ ਸੀਟੀ ਸਕੈਨ ਕਰਵਾਉਣ ਦੇ ਡਾਕਟਰਾਂ ਦੇ ਫ਼ੈਸਲੇ ’ਤੇ ਸਵਾਲ ਚੁੱਕਣ ਲੱਗਾ। ਹਸਪਤਾਲ ਦਾ ਦੋਸ਼ ਹੈ ਕਿ ਇਨ੍ਹਾਂ ਲੋਕਾਂ ਨੇ ਡਾਕਟਰਾਂ ਅਤੇ ਕਰਮਚਾਰੀਆਂ ਨਾਲ ਗਾਲੀ-ਗਲੌਚ ਕੀਤੀ, ਇੱਕ ਕਰਮਚਾਰੀ ਨੂੰ ਥੱਪੜ ਮਾਰਿਆ ਅਤੇ ਹਸਪਤਾਲ ’ਚ ਤੋੜਫੋੜ ਕਰਨ ਦੀ ਧਮਕੀ ਦਿੱਤੀ। ਦਰਅਸਲ, ਸ਼ਨੀਵਾਰ ਨੂੰ ਦਹੀਂ ਹਾਂਡੀ ਉਤਸਵ ਦੌਰਾਨ ਮਨੁੱਖੀ ਪਿਰਾਮਿਡ ਬਣਾਉਂਦੇ ਸਮੇਂ ਜ਼ਖਮੀ ਹੋਏ ਇੱਕ ਗੋਵਿੰਦਾ ਮੰਡਲ ਦੇ ਪੰਜ ਮੈਂਬਰਾਂ ਨੂੰ ਇਸ ਹਸਪਤਾਲ ’ਚ ਦਾਖ਼ਲ ਕਰਵਾਇਆ ਗਿਆ



ਸੀ। ਇਨ੍ਹਾਂ ’ਚੋਂ ਇੱਕ ਨੂੰ ਸਿਰ ਅਤੇ ਰੀੜ੍ਹ ਦੀ ਹੱਡੀ ’ਚ ਗੰਭੀਰ ਸੱਟਾਂ ਲੱਗੀਆਂ ਸਨ। ਡਾਕਟਰਾਂ ਨੇ ਉਸ ਨੂੰ ਸੀਟੀ ਸਕੈਨ ਅਤੇ ਅੱਗੇ ਦੇ ਇਲਾਜ ਦੀ ਸਲਾਹ ਦਿੱਤੀ ਸੀ, ਜਿਸ ਦਾ ਅੰਦਾਜ਼ਨ ਖਰਚਾ ਕਰੀਬ 20,000 ਰੁਪਏ ਦੱਸਿਆ ਗਿਆ ਸੀ। ਸ਼ਿਕਾਇਤ ਮੁਤਾਬਕ, ਪ੍ਰਬੰਧਕਾਂ ਨੇ 10,000 ਰੁਪਏ ਜਮ?ਹਾਂ ਵੀ ਕਰਵਾ ਦਿੱਤੇ ਸਨ। ਪਰ ਵਿਵਾਦ ਉਸ ਸਮੇਂ ਵਧ ਗਿਆ ਜਦੋਂ ਪ੍ਰਬੰਧਕਾਂ ਨੇ ਸਕੈਨ ਦੀ ਲੋੜ ’ਤੇ ਸਵਾਲ ਚੁੱਕਦਿਆਂ ਮਰੀਜ਼ ਨੂੰ ਡਿਸਚਾਰਜ ਕਰਨ ਦੀ ਮੰਗ ਕੀਤੀ। ਇਸ ਤੋਂ ਬਾਅਦ ਕੁੰਦਨ ਸੰਖੇ ਸਮੇਤ ਸ਼ਿਵਸੈਨਾ ਦੇ ਕਈ ਅਹੁਦੇਦਾਰ ਹਸਪਤਾਲ ਪਹੁੰਚ ਗਏ। ਹਸਪਤਾਲ ਪ੍ਰਸ਼ਾਸਨ ਨੇ ਇਹ ਵੀ ਦੋਸ਼ ਲਗਾਇਆ ਹੈ ਕਿ ਸਮੂਹ ਦੇ ਕੁਝ ਮੈਂਬਰ ਜ਼ਬਰਦਸਤੀ 93” ’ਚ ਦਾਖ਼ਲ ਹੋ ਗਏ ਅਤੇ ਉੱਥੇ ਦਾਖ਼ਲ ਹੋਰ ਮਰੀਜ਼ਾਂ ਨੂੰ ਬਾਹਰ ਜਾਣ ਲਈ ਕਹਿਣ ਲੱਗੇ। ਇਸ ਕਾਰਨ ਹੋਰ ਮਰੀਜ਼ਾਂ ਦੀ ਸੁਰੱਖਿਆ ਲਈ ਗੰਭੀਰ ਖ਼ਤਰਾ ਪੈਦਾ ਹੋ ਗਿਆ। ਹਸਪਤਾਲ ਮੁਤਾਬਕ, ਇਹ ਪੂਰੀ ਘਟਨਾ ਸੀਸੀਟੀਵੀ ਕੈਮਰੇ ’ਚ ਕੈਦ ਹੋ ਗਈ ਹੈ ਅਤੇ ਫੁਟੇਜ ਪੁਲਿਸ ਨੂੰ ਸੌਂਪ ਦਿੱਤੀ ਗਈ ਹੈ। ਪੁਲਿਸ ਨੇ ਸਾਰੇ 17 ਮੁਲਜ਼ਮਾਂ ਖ਼?ਲਾਫ਼ ਭਾਰਤੀ ਨਿਆਂ ਸੰਹਿਤਾ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਇਨ੍ਹਾਂ ’ਚ ਸੱਟ ਪਹੁੰਚਾਉਣ, ਬੇਇੱਜ਼ਤ ਕਰਨ, ਅਪਰਾਧਿਕ ਧਮਕੀ ਦੇਣ, ਜ਼ਬਰਦਸਤੀ ਦਾਖ਼ਲ ਹੋਣ ਅਤੇ ਗੈਰ-ਕਾਨੂੰਨੀ ਤੌਰ ’ਤੇ ਇਕੱਠੇ ਹੋਣ ਨਾਲ ਸਬੰਧਤ ਧਾਰਾਵਾਂ ਸ਼ਾਮਲ ਹਨ। ਇਸ ਤੋਂ ਇਲਾਵਾ, ਮਹਾਰਾਸ਼ਟਰ ਮੈਡੀਕੇਅਰ ਸਰਵਿਸ-ਪਰਸਨ ਐਂਡ ਮੈਡੀਕੇਅਰ ਸਰਵਿਸ ਇੰਸਟੀਚਿਊਸ਼ਨਜ਼ ਵਾਇਲੈਂਸ ਐਂਡ ਪ੍ਰਾਪਰਟੀ ਡੈਮੇਜ ਪ੍ਰੀਵੈਂਸ਼ਨ ਐਕਟ, 2010 ਦੇ ਪ੍ਰਾਵਧਾਨ ਵੀ ਲਾਗੂ ਕੀਤੇ ਗਏ ਹਨ। ਇਹ ਘਟਨਾ ਅਜਿਹੇ ਸਮੇਂ ਸਾਹਮਣੇ ਆਈ ਹੈ, ਜਦੋਂ ਹਾਲ ਹੀ ’ਚ ਮੈਡੀਕਲ ਪੇਸ਼ੇਵਰਾਂ ’ਤੇ ਹੋਏ ਹਮਲਿਆਂ ਤੋਂ ਬਾਅਦ ਡਾਕਟਰਾਂ ਅਤੇ ਹਸਪਤਾਲ ਕਰਮਚਾਰੀਆਂ ਦੀ ਸੁਰੱਖਿਆ ਦਾ ਮੁੱਦਾ ਦੇਸ਼ ਭਰ ’ਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਦੂਜੇ ਪਾਸੇ, ਸ਼ਿਵਸੈਨਾ ਨੇਤਾ ਕੁੰਦਨ ਸੰਖੇ ਨੇ ਹਸਪਤਾਲ ਵੱਲੋਂ ਲਗਾਏ ਗਏ ਸਾਰੇ ਦੋਸ਼ਾਂ ਤੋਂ ਇਨਕਾਰ ਕੀਤਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਵਿਵਾਦ ਇਸ ਲਈ ਪੈਦਾ ਹੋਇਆ ਕਿਉਂਕਿ ਗੋਵਿੰਦਾ ਮੰਡਲ ਦੇ ਜਿਨ੍ਹਾਂ ਮਰੀਜ਼ਾਂ ਨੂੰ ਸਿਰਫ਼ ਮਾਮੂਲੀ ਸੱਟਾਂ ਲੱਗੀਆਂ ਸਨ, ਹਸਪਤਾਲ ਉਨ੍ਹਾਂ ਨੂੰ ਜਾਣਬੁੱਝ ਕੇ ਡਿਸਚਾਰਜ ਨਹੀਂ ਕਰ ਰਿਹਾ ਸੀ।

# ਮਾਮੂਲੀ ਬਹਿਸ ਮਗਰੋਂ ਲੋਹੇ ਦੀ ਰਾਡ ਨਾਲ ਪਤਨੀ ਨੂੰ ਦਿੱਤੀ ਦਰਦਨਾਕ ਮੌਤ

ਕਾਨਪੁਰ ਦੇਹਾਤ 12 ਅਕਤੂਬਰ। ਅਕਬਰਪੁਰ ਕਸਬੇ ਦੇ ਨਹਿਰੂ ਨਗਰ ਵਿੱਚ ਐਤਵਾਰ ਦੁਪਹਿਰ ਪਤੀ ਨੇ ਇੱਕ ਮਹਿਲਾ ਦੇ ਸਿਰ ’ਤੇ ਰਾਡ ਨਾਲ ਹਮਲਾ ਕਰ ਦਿੱਤਾ। ਖ਼ੂਨ ਨਾਲ ਲਥਪਥ ਹਾਲਤ ਵਿੱਚ ਉਸ ਨੂੰ ਅਕਬਰਪੁਰ ਮੈਡੀਕਲ ਕਾਲਜ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਐਮਰਜੈਂਸੀ ਵਿੱਚ ਮੌਜੂਦ ਡਾਕਟਰ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਿਸ ਨੇ ਦੋਸ਼ੀ ਪਤੀ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਡੇਰਾਪੁਰ ਇਲਾਕੇ ਦੇ ਦੁਰੌਲੀ ਪਿੰਡ ਦੀ ਰਹਿਣ ਵਾਲੀ 26 ਸਾਲਾ ਸਪਨਾ ਉਰਫ਼ ਆਸਮਾਂ ਆਪਣੇ ਪਤੀ ਗਜੇਂਦਰ ਨਾਲ ਕਰੀਬ ਦੋ ਮਹੀਨਿਆਂ ਤੋਂ ਅਕਬਰਪੁਰ ਕਸਬੇ ਦੇ ਨਹਿਰੂ ਨਗਰ ਵਿੱਚ ਆਰਟੀਓ ਦਫ਼ਤਰ ਦੇ ਪਿੱਛੇ ਕਿਰਾਏ ਦੇ ਮਕਾਨ ਵਿੱਚ ਰਹਿ ਰਹੀ ਸੀ। ਐਤਵਾਰ ਦੁਪਹਿਰ ਕਿਸੇ ਗੱਲ ਨੂੰ ਲੈ ਕੇ ਉਸ ਦਾ ਪਤੀ ਨਾਲ ਝਗੜਾ ਹੋ ਗਿਆ। ਇਸ ਗੱਲ ਤੋਂ ਗੁੱਸੇ ਵਿੱਚ ਆਏ ਪਤੀ ਨੇ ਸਪਨਾ ਦੇ ਸਿਰ ’ਤੇ ਲੋਹੇ ਦੀ ਰਾਡ ਨਾਲ ਹਮਲਾ ਕਰ ਦਿੱਤਾ, ਜਿਸ ਨਾਲ ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਈ। ਕਿਰਾਏਦਾਰ ਵੱਲੋਂ ਸੂਚਨਾ ਦਿੱਤੇ ਜਾਣ ਤੋਂ ਬਾਅਦ ਪੁਲਿਸ ਮੌਕੇ ’ਤੇ ਪਹੁੰਚੀ ਅਤੇ ਜ਼ਖਮੀ ਸਪਨਾ ਨੂੰ ਮੈਡੀਕਲ ਕਾਲਜ ਹਸਪਤਾਲ ਵਿੱਚ ਦਾਖਲ ਕਰਵਾਇਆ। ਉੱਥੇ ਐਮਰਜੈਂਸੀ ਵਿੱਚ ਮੌਜੂਦ ਡਾਕਟਰ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਸ਼ੋਰ ਸੁਣ ਕੇ ਆਸ-ਪਾਸ ਦੇ ਲੋਕ ਵੀ ਮੌਕੇ ’ਤੇ ਪਹੁੰਚ ਗਏ ਅਤੇ ਪੁਲਿਸ ਨੂੰ ਸੂਚਨਾ ਦਿੱਤੀ। ਪੁਲਿਸ ਨੇ ਐਂਬੂਲੈਂਸ ਦੀ ਮਦਦ ਨਾਲ ਜ਼ਖਮੀ ਸਪਨਾ ਨੂੰ ਅਕਬਰਪੁਰ ਮੈਡੀਕਲ ਕਾਲਜ ਹਸਪਤਾਲ ਪਹੁੰਚਾਇਆ, ਪਰ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਿਸ ਨੇ ਦੋਸ਼ੀ ਪਤੀ ਨੂੰ ਮੌਕੇ ਤੋਂ ਹੀ ਹਿਰਾਸਤ ਵਿੱਚ ਲੈ ਲਿਆ। ਥਾਣਾ ਮੁਖੀ ਹਰਮੀਤ ਸਿੰਘ ਨੇ ਦੱਸਿਆ ਕਿ ਆਪਸੀ ਝਗੜੇ ਦੌਰਾਨ ਪਤੀ ਨੇ ਪਤਨੀ ਦੇ ਸਿਰ ’ਤੇ ਲੋਹੇ ਦੀ ਰਾਡ ਨਾਲ ਵਾਰ ਕਰਕੇ ਉਸ ਦੀ ਹੱਤਿਆ ਕਰ ਦਿੱਤੀ। ਹੱਤਿਆ ਦੇ ਪਿੱਛੇ ਦੀ ਵਜ?ਹਾ ਅਤੇ ਮਾਮਲੇ ਨਾਲ ਜੁੜੇ ਹੋਰ ਪਹਿਲੂਆਂ ਦੀ ਜਾਂਚ ਕੀਤੀ ਜਾ ਰਹੀ ਹੈ। ਦੋਸ਼ੀ ਪਤੀ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ।

## ਦੋਰਾਂਗਲਾ ਸਬ-ਤਹਿਸੀਲ ’ਚ ਆਮਦਨ ਕਰ ਵਿਭਾਗ ਦਾ ਛਾਪਾ, ਜ਼ਰੂਰੀ ਦਸਤਾਵੇਜ਼ ਨਾਲ ਲੈ ਗਈ ਟੀਮ

ਗੁਰਦਾਸਪੁਰ 12 ਅਕਤੂਬਰ। ਆਮਦਨ ਕਰ ਵਿਭਾਗ ਦੀ ਟੀਮ ਨੇ ਦੋਰਾਂਗਲਾ ਸਬ-ਤਹਿਸੀਲ ’ਚ ਅਚਾਨਕ ਪਹੁੰਚ ਕੇ ਕਰੀਬ ਪੰਜ ਘੰਟੇ ਰਿਕਾਰਡ ਦੀ ਜਾਂਚ ਕੀਤੀ। ਟੀਮ ਜ਼ਰੂਰੀ ਦਸਤਾਵੇਜ਼ ਵੀ ਆਪਣੇ ਨਾਲ ਲੈ ਗਈ। ਇਸ ਕਾਰਵਾਈ ਦੌਰਾਨ ਤਹਿਸੀਲ ਦਫ਼ਤਰ ਵਿੱਚ ਚਰਚਾ ਦਾ ਮਾਹੌਲ ਰਿਹਾ। ਡਿਪਟੀ ਤਹਿਸੀਲਦਾਰ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਟੀਮ ਵੱਲੋਂ ਮੰਗਿਆ ਗਿਆ ਰਿਕਾਰਡ ਮੁਹੱਈਆ ਕਰਵਾ ਦਿੱਤਾ ਗਿਆ ਹੈ ਅਤੇ ਵਿਭਾਗ ਨੂੰ ਲੋੜੀਂਦਾ ਸਹਿਯੋਗ ਦਿੱਤਾ ਜਾ ਰਿਹਾ ਹੈ। ਵਿਭਾਗੀ ਅਧਿਕਾਰੀ ਮੁਤਾਬਕ ਦੋਰਾਂਗਲਾ ਸਬ-ਤਹਿਸੀਲ ਚਾਰ ਸਾਲ ਪਹਿਲਾਂ ਸਥਾਪਿਤ ਹੋਈ ਸੀ, ਪਰ ਇਸ ਦਾ ਐਸਆਰਓ ਪੋਰਟਲ ਹਾਲੇ ਤੱਕ ਰਜਿਸਟਰ ਨਹੀਂ ਹੋਇਆ ਸੀ। ਟੀਮ ਇਸੇ ਮਾਮਲੇ ਦੀ ਜਾਂਚ ਲਈ ਪਹੁੰਚੀ ਸੀ। ਰਿਕਾਰਡ ਦੀ ਜਾਂਚ ਤੋਂ ਬਾਅਦ ਜ਼ਰੂਰੀ ਦਸਤਾਵੇਜ਼ ਨਾਲ ਲਿਜਾਏ ਗਏ ਹਨ। ਅਧਿਕਾਰੀ ਨੇ ਕਿਹਾ ਕਿ ਜਾਂਚ ਦੇ ਆਧਾਰ ’ਤੇ ਲੋੜੀਂਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਤਹਿਸੀਲ ਪ੍ਰਸ਼ਾਸਨ ਨੂੰ ਐਸਆਰਓ ਪੋਰਟਲ ਜਲਦੀ ਆਨਲਾਈਨ ਕਰਨ ਦੀ ਹਦਾਇਤ ਵੀ ਦਿੱਤੀ ਗਈ ਹੈ।

# ਕਥਿਤ ਪੱਤਰਕਾਰ ਗੁਰਦੀਪ ਸਿੰਘ ਉਰ.ਫ ਮੁੰਨਾ ਖ਼ਿਲਾ.ਫ ਇਕ ਹੋਰ ਕੇਸ ਦਰਜ

ਜਲੰਧਰ 12 ਅਕਤੂਬਰ। ਵਿਵਾਦਾਂ ਵਿਚ ਰਹਿਣ ਵਾਲੇ ਕਥਿਤ ਪੱਤਰਕਾਰ ਗੁਰਦੀਪ ਸਿੰਘ ਤਲਵਾੜ ਉਰਫ਼ ਮੁੰਨਾ ਵਾਸੀ



ਸ਼ਹੀਦ ਭਗਤ ਸਿੰਘ ਕਾਲੋਨੀ ਖ਼?ਲਾਫ਼ ਥਾਣਾ ਨੰਬਰ 2 ਦੀ ਪੁਲਸ ਨੇ ਸ਼ਿਕਾਇਤ ਅਤੇ ਜਾਂਚ ਦੇ ਆਧਾਰ ’ਤੇ ਮਾਮਲਾ ਦਰਜ ਕੀਤਾ ਹੈ। ਪੁਲਸ ਮੁਤਾਬਕ ਮੁਲਜ਼ਮ ਫਿਲਹਾਲ ਫ਼ਰਾਰ ਹੈ ਅਤੇ ਉਸ ਦੀ ਗ੍ਰਿਫ਼ਤਾਰੀ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ਸ਼ਿਕਾਇਤ ਕਰਤਾ ਨਵੀਨ ਕੁਮਾਰ ਪੁੱਤਰ ਕਮਲ ਕੁਮਾਰ, ਨਿਵਾਸੀ ਮੁਹੱਲਾ ਨੰਬਰ 31 ਜਲੰਧਰ ਕੈਂਟ ਨੇ ਸੀਨੀਅਰ ਪੁਲਸ ਅਧਿਕਾਰੀਆਂ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਕਿ ਉਸ ਦੀ ਬਲੋਨੀ ਗੈਸ ਸਰਵਿਸ, ਆਦੇਸ਼ ਨਗਰ ਵਿਚ ਹੈ। ਸ਼ਿਕਾਇਤ ਮੁਤਾਬਕ 31 ਮਾਰਚ ਨੂੰ ਦੁਪਹਿਰ ਲਗਭਗ 2 ਵਜੇ ਉਹ ਆਪਣੀ ਗੈਸ ਏਜੰਸੀ ਵਿਚੋਂ ਬਾਹਰ ਆ ਰਿਹਾ ਸੀ। ਇਸ ਦੌਰਾਨ ਯੁਵਾ ਸਵੇਰਾ ਚੈਨਲ (ਵੈੱਬ ਪੋਰਟਲ) ਦਾ ਕਥਿਤ ਪੱਤਰਕਾਰ ਗੁਰਦੀਪ ਸਿੰਘ ਹੱਥ ਵਿਚ ਮਾਈਕ ਲੈ ਕੇ ਪਹੁੰਚਿਆ ਅਤੇ ਖ਼ੁਦ ਨੂੰ ਮੀਡੀਆ ਰਿਪੋਰਟਰ ਦੱਸਦੇ ਹੋਏ ਉਸ ਦਾ ਇੰਟਰਵਿਊ ਲੈਣ ਦੇ ਬਹਾਨੇ ਵੀਡੀਓ ਬਣਾਉਣ ਲੱਗਾ। ਦੋਸ਼ ਹੈ ਕਿ ਇਸ ਦੌਰਾਨ ਉਸ ਨੇ ਸ਼ਿਕਾਇਤ ਕਰਤਾ ਨਾਲ ਕਥਿਤ ਤੌਰ ’ਤੇ ਇਤਰਾਜ਼ਯੋਗ ਸ਼ਬਦਾਂ ਦੀ ਵਰਤੋਂ ਕੀਤੀ। ਉਸ ਦੀ ਜਾਤੀ ਨੂੰ ਜਾਣਦੇ ਹੋਏ ਉਸ ਦਾ ਅਕਸ ਖਰਾਬ ਕਰਨ ਦੀ ਧਮਕੀ ਦਿੱਤੀ। ਸ਼ਿਕਾਇਤ ਕਰਤਾ ਨੇ ਵੀਡੀਓ ਬਣਾਉਣ ਤੋਂ ਮਨ੍ਹਾ ਕੀਤਾ ਪਰ ਦੋਸ਼ ਹੈ ਕਿ ਇਸ ਦੇ ਬਾਵਜੂਦ ਵੀਡੀਓ ਬਣਾਈ ਗਈ ਅਤੇ ਉਸ ਨੂੰ ਆਨਲਾਈਨ ਅਪਲੋਡ ਕੀਤਾ ਗਿਆ। ਉਥੇ ਹੀ ਪੁਲਸ ਜਾਂਚ ਦੇ ਬਾਅਦ ਥਾਣਾ ਨੰਬਰ 2 ਦੇ ਸਾਬਕਾ ਐੱਸ. ਐੱਚ. ਓ. ਰਘੁਬੀਰ ਸਿੰਘ ਨੇ ਆਪਣੀ ਜਾਂਚ ਪੜਤਾਲ ਵਿਚ ਸਾਫ਼ ਕੀਤਾ ਕਿ ਗੁਰਦੀਪ ਸਿੰਘ ਇਕ ਰਿਪੋਰਟਰ ਹੈ ਅਤੇ ਉਸ ਖ਼?ਲਾਫ਼ ਕਈ ਥਾਣਿਆਂ ਵਿਚ ਅਪਰਾਧਿਕ ਮਾਮਲੇ ਦਰਜ ਹਨ। ਪੁਲਸ ਜਾਂਚ ਦੇ ਬਾਅਦ ਮਾਮਲੇ ਵਿਚ ਰਸਤਾ ਰੋਕਣ, ਧਮਕਾ ਕੇ ਪੈਸੇ ਮੰਗਣ, ਧਮਕੀਆਂ ਦੇਣ ਸਮੇਤ ਹੋਰ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ। ਏ. ਸੀ. ਪੀ. ਸੈਂਟਰਲ ਰਾਜੇਸ਼ ਠਾਕੁਰ ਨੇ ਦੱਸਿਆ ਕਿ ਮੁਲਜ਼ਮ ਫ਼ਰਾਰ ਹੈ ਅਤੇ ਉਸ ਦੀ ਗ੍ਰਿਫ਼ਤਾਰੀ ਲਈ ਪੁਲਸ ਟੀਮਾਂ ਛਾਪੇਮਾਰੀ ਕਰ ਰਹੀਆਂ ਹਨ।

# ਆਟੋ-ਰਿਕਸ਼ਾ ’ਚ ਭਾਰੀ ਮਾਤਰਾ ’ਚ ਲਿਜਾ ਰਹੇ ਸੀ ਨਾਜਾਇਜ਼ ਸ਼ਰਾਬ, 2 ਗ੍ਰਿ.ਫਤਾਰ

**ਕੌਮੀ ਪਤ੍ਰਿਕਾ**

ਜਲੰਧਰ 12 ਅਕਤੂਬਰ। ਐਕਸਾਈਜ਼ ਵਿਭਾਗ ਅਤੇ ਥਾਣਾ ਬਸਤੀ ਬਾਵਾ ਖੇਲ ਦੀ ਪੁਲਸ ਨੇ ਵੱਡੀ ਕਾਰਵਾਈ ਕਰਦੇ ਹੋਏ ਇਕ ਆਟੋ-ਰਿਕਸ਼ਾ ਵਿਚੋਂ ਭਾਰੀ ਮਾਤਰਾ ਵਿਚ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਹੈ। ਕਾਰਵਾਈ ਦੌਰਾਨ ਆਟੋ ਚਾਲਕ ਸਮੇਤ 2 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਦਕਿ ਸ਼ਰਾਬ ਨਾਲ ਭਰੇ ਆਟੋ ਨੂੰ ਕਬਜ਼ੇ ਵਿਚ ਲੈ ਕੇ ਥਾਣੇ ਭੇਜ ਦਿੱਤਾ ਗਿਆ। ਥਾਣਾ ਬਸਤੀ ਬਾਵਾ ਖੇਲ ਦੇ ਇੰਚਾਰਜ ਗੁਰਦੀਪ ਚੰਦ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਗ੍ਰਿਫ਼ਤਾਰ ਸਮੱਗਲਰਾਂ ਦੀ ਪਛਾਣ ਸੰਜੂ ਨਿਵਾਸੀ ਗੁਰਦੇਵ ਨਗਰ ਅਤੇ ਪ੍ਰਿੰਸ ਨਿਵਾਸੀ ਬਸਤੀ ਪੀਰਦਾਦ ਜਲੰਧਰ ਦੇ ਰੂਪ ਵਿਚ ਹੋਈ ਹੈ। ਪੁਲਸ ਅਨੁਸਾਰ ਇਹ ਕਾਰਵਾਈ ਗੁਪਤ ਸੂਚਨਾ ਦੇ ਆਧਾਰ ’ਤੇ ਐਕਸਾਈਜ਼ ਵਿਭਾਗ ਨਾਲ ਸਾਂਝੇ ਰੂਪ ਨਾਲ ਕੀਤੀ ਗਈ। ਗ੍ਰਿਫ਼ਤਾਰ ਕੀਤੇ ਗਏ ਨਾਜਾਇਜ਼ ਸ਼ਰਾਬ ਦੇ ਸਮੱਗਲਰਾਂ ਖ਼?ਲਾਫ਼ ਥਾਣਾ ਬਸਤੀ ਬਾਵਾ ਖੇਲ ਵਿਚ ਐੱਫ. ਆਈ. ਆਰ. ਦਰਜ ਕਰ ਲਈ ਗਈ ਹੈ। ਜਾਣਕਾਰੀ ਮੁਤਾਬਕ ਜਲੰਧਰ-ਕਪੂਰਥਲਾ ਰੋਡ ’ਤੇ ਜਲੰਧਰ ਕੁੰਜ ਨੇੜੇ ਸਾਂਝੀ ਟੀਮ ਨੇ ਨਾਕਾਬੰਦੀ ਕਰ ਕੇ ਵਾਹਨਾਂ ਦੀ ਜਾਂਚ ਸ਼ੁਰੂ ਕੀਤੀ ਸੀ। ਇਸ ਦੌਰਾਨ ਇਕ ਸ਼ੱਕੀ ਆਟੋ-ਰਿਕਸ਼ਾ (ਨੰਬਰ ਪੀ. ਬੀ. 08 ਐੱਫ. ਐੱਮ-4108) ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ ਪਰ ਚਾਲਕ ਵਾਹਨ ਲੈ ਕੇ ਫ਼ਰਾਰ ਹੋਣ ਲੱਗਾ। ਟੀਮ ਨੇ ਕੁਝ ਦੂਰੀ ਤਕ ਪਿੱਛਾ ਕਰ ਕੇ ਆਟੋ ਨੂੰ ਰੋਕ ਲਿਆ ਅਤੇ ਉਸ ਦੀ ਤਲਾਸ਼ੀ ਲਈ। ਤਲਾਸ਼ੀ ਦੌਰਾਨ ਆਟੋ ਵਿਚੋਂ ਭਾਰੀ ਮਾਤਰਾ ਵਿਚ ਸ਼ਰਾਬ ਬਰਾਮਦ ਹੋਈ। ਜਾਂਚ ਵਿਚ ਸਾਹਮਣੇ ਆਇਆ ਕਿ ਸਾਰੀਆਂ ਬੋਤਲਾਂ ਤੋਂ ‘ਟ?ਰੈਕ ਐਂਡ ਟ?ਰੇਸ’ ਹੋਲੋਗ੍ਰਾਮ ਹਟਾਏ ਗਏ ਸਨ। ਸ਼ਰਾਬ



ਵਿਚ ‘ਪੰਜਾਬ ਕਿੰਗ’ ਬ੍ਰਾਂਡ ਦੀਆਂ 12 ਪੇਟੀਆਂ (144 ਬੋਤਲਾਂ) ਅਤੇ ਇਸੇ ਬ੍ਰਾਂਡ ਦੀਆਂ 13 ਪੇਟੀਆਂ, ਜਿਨ੍ਹਾਂ ਵਿਚ 650 ਨਿਪ (ਛੋਟੀਆਂ ਬੋਤਲਾਂ) ਸਨ, ਸ਼ਾਮਲ ਹਨ। ਕੁੱਲ 794 ਬੋਤਲਾਂ ਪੁਲਸ ਨੇ ਜ਼ਬਤ ਕੀਤੀਆਂ ਹਨ। ਇਹ ਕਾਰਵਾਈ ਸਹਾਇਕ ਆਬਕਾਰੀ ਕਮਿਸ਼ਨਰ ਡਾ. ਹਰਸਿਮਰਤ ਕੌਰ ਗਰੇਵਾਲ ਦੇ ਨਿਰਦੇਸ਼ਾਂ ’ਤੇ ਆਬਕਾਰੀ ਇੰਸਪੈਕਟਰ ਮਨਜੀਤ ?ਸੰਘ ਢੀਂਡਸਾ ਦੀ ਮੌਜੂਦਗੀ ਵਿਚ ਕੀਤੀ ਗਈ। ਥਾਣਾ ਇੰਚਾਰਜ ਗੁਰਦੀਪ ਚੰਦ ਨੇ ਕਿਹਾ ਕਿ ਪੁਲਸ ਇਸ ਗੱਲ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ ਕਿ ਮੁਲਜ਼ਮ ਕਿੰਨੀ ਦੇਰ ਤੋਂ ਇਸ ਗੈਰ-ਕਾਨੂੰਨੀ ਕੰਮ ਨੂੰ ਅੰਜਾਮ ਦੇ ਰਹੇ ਸਨ ਅਤੇ ਉਨ੍ਹਾਂ ਦੇ ਇਸ ਕਾਰੋਬਾਰ ਨਾਲ ਹੋਰ ਕਿਹੜੇ-ਕਿਹੜੇ ਲੋਕ ਜੁੜੇ ਹੋਏ ਹਨ। ਪੁਲਸ ਮੁਲਜ਼ਮਾਂ ਦਾ ਪੁਰਾਣਾ ਕ੍ਰਿਮੀਨਲ ਰਿਕਾਰਡ ਵੀ ਚੈੱਕ ਕਰ ਰਹੀ ਹੈ।

## ਪ੍ਰਾਪਰਟੀ ਦੇ ਲਾਲਚ ’ਚ ਦੋਹਤਾ ਬਣਿਆ ਹੈਵਾਨ ! ਨਾਨੀ ਦਾ ਗਲਾ ਘੁੱਟ ਕੇ ਕੀਤਾ ਕਤਲ

ਜਗਰਾਉਂ 12 ਅਕਤੂਬਰ। ਜਗਰਾਉਂ ਨੇੜਲੇ ਪਿੰਡ ਅਮਰਗੜ੍ਹ ਕਲੇਰ ਵਿਖੇ ਦੋ ਦਿਨ ਪਹਿਲਾਂ ਬਜ਼ੁਰਗ ਔਰਤ ਦੀ ਹੋਈ ਮੌਤ ਦਾ ਮਾਮਲਾ ਕਤਲ ’ਚ ਬਦਲ ਗਿਆ। ਸੀ.ਸੀ.ਟੀ.ਵੀ. ਕੈਮਰੇ ਵਿੱਚ ਕੈਦ ਹੋਈ ਘਟਨਾ ਵਿੱਚ ਦੋਹਤਾ ਹੀ ਆਪਣੀ ਦਾਦੀ ਦਾ ਗਲਾ ਘੁੱਟਦਾ ਨਜ਼ਰ ਆਇਆ, ਜਿਸ ਤੋਂ ਬਾਅਦ ਜਗਰਾਉਂ ਥਾਣਾ ਸਦਰ ਦੀ ਪੁਲਿਸ ਨੇ ਮੁਕੱਦਮਾ ਦਰਜ ਕਰਕੇ ਦੋਹਤੇ ਨੂੰ ਗ੍ਰਿਫ਼ਤਾਰ ਕਰ ਲਿਆ। ਪ੍ਰਾਪਤ ਜਾਣਕਾਰੀ ਅਨੁਸਾਰ ਅਮਰਗੜ੍ਹ ਕਲੇਰ ਵਾਸੀ ਮਨਜੀਤ ਕੌਰ ਦੀ ਦੇਖਭਾਲ ਉਸ ਦਾ ਦੋਹਤਾ ਗੁਰਕੀਰਤ ਸਿੰਘ ਕਰਦਾ ਸੀ। ਬੀਤੀ ਤਿੰਨ ਸਤੰਬਰ ਨੂੰ ਮਨਜੀਤ ਕੌਰ ਦੀ ਮੌਤ ਹੋ ਗਈ, ਜਿਸ ਨੂੰ ਕੁਦਰਤੀ ਮੌਤ ਸਮਝ ਕੇ ਪਰਿਵਾਰ ਨੇ ਮਨਜੀਤ ਕੌਰ ਦਾ ਅੰਤਿਮ ਸੰਸਕਾਰ ਕਰ ਦਿੱਤਾ। ਇਸੇ ਦੌਰਾਨ ਅੱਜ ਪਰਿਵਾਰ ਨੇ ਕੋਈ ਸੂਹ ਮਿਲਣ ’ਤੇ ਗੁਆਂਢ ਲੱਗੇ ਕੈਮਰੇ ਚੈੱਕ ਕੀਤੇ ਤਾਂ ਦੋਹਤਾ ਗੁਰਕੀਰਤ ਸਿੰਘ ਕਿਸੇ ਗੱਲ ਨੂੰ ਲੈ ਕੇ ਮੰਜੇ ’ਤੇ ਪਈ ਆਪਣੀ ਨਾਨੀ ਮਨਜੀਤ ਕੌਰ ਦੇ ਉੱਪਰ ਬੈਠ ਜਾਂਦਾ ਹੈ ਅਤੇ ਗਲਾ ਘੁੱਟ ਕੇ ਮਾਰ ਦਿੰਦਾ ਹੈ। ਇਸ ਸਬੰਧ ’ਚ ਜਗਰਾਓ ਥਾਣਾ ਸਦਰ ਦੇ ਮੁਖੀ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਗੁਰਕੀਰਤ ਸਿੰਘ ਖ਼?ਲਾਫ਼ ਮੁਕੱਦਮਾ ਦਰਜ ਕਰਕੇ ਉਸ ਨੂੰ ਗ੍ਰਿਫਤਾਰ ਕਰ ਲਿਆ।

## ਪੰਜਾਬ ਤੇ ਹਰਿਆਣਾ ਹਾਈ ਕੋਰਟ ’ਚ 23 ਨਿਆਂਇਕ ਅਧਿਕਾਰੀਆਂ ਦੇ ਤਬਾਦਲੇ

ਲੁਧਿਆਣਾ 12 ਅਕਤੂਬਰ। ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਅਤੇ ਚੰਡੀਗੜ੍ਹ ਵਿੱਚ 23 ਨਿਆਂਇਕ ਅਧਿਕਾਰੀਆਂ ਦੇ ਤਬਾਦਲੇ ਤੇ ਨਵੀਆਂ ਤਾਇਨਾਤੀਆਂ ਦੇ ਹੁਕਮ ਜਾਰੀ ਕੀਤੇ ਹਨ। ਲੁਧਿਆਣਾ ਦੀ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਯੁਕਤੀ ਗੋਇਲ ਨੂੰ ਮੁਹਾਲੀ ਦੀ ਸੀਬੀਆਈ ਵਿਸ਼ੇਸ਼ ਅਦਾਲਤ ਵਿੱਚ ਨਿਯੁਕਤ ਕੀਤਾ ਗਿਆ ਹੈ। ਡੀਕੇ ਵਾਧਵਾ ਨੂੰ ਮੁਹਾਲੀ ਦੀ ਨਵੀਂ ਐੱਨਆਈਏ ਵਿਸ਼ੇਸ਼ ਅਦਾਲਤ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ। ਸਾਰੂ ਮਹਿਤਾ ਕੌਸ਼ਿਕ ਨੂੰ ਤਰੱਕੀ ਦੇ ਕੇ ਲੁਧਿਆਣਾ ਦੀ ਪ੍ਰਿੰਸੀਪਲ ਜੱਜ, ਫੈਮਿਲੀ ਕੋਰਟ ਲਾਇਆ ਗਿਆ ਹੈ, ਜਦਕਿ ਰਮਨ ਕੁਮਾਰ ਨੂੰ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਨਿਯੁਕਤ ਕੀਤਾ ਗਿਆ ਹੈ। ਜ਼ਿਲ੍ਹਾ ਤੇ ਸੈਸ਼ਨ ਜੱਜਾਂ ਦੇ ਤਬਾਦਲਿਆਂ ਤਹਿਤ ਕੰਵਲਜੀਤ ਸਿੰਘ ਬਾਜਵਾ ਨੂੰ ਤਰਨਤਾਰਨ ਤੋਂ ਚੰਡੀਗੜ੍ਹ, ਮਨਜਿੰਦਰ ਸਿੰਘ ਨੂੰ ਮਾਨਸਾ ਤੋਂ ਬਠਿੰਡਾ, ਹਰਬੰਸ ਸਿੰਘ ਲੇਖੀ ਨੂੰ ਹੁਸ਼ਿਆਰਪੁਰ ਤੋਂ ਗੁਰਦਾਸਪੁਰ, ਹਰਿੰਦਰ ਸਿੱਧੂ ਨੂੰ ਚੰਡੀਗੜ੍ਹ ਤੋਂ ਮਾਨਸਾ, ਹਰਜੀਤ ਸਿੰਘ ਨੂੰ ਪਟਿਆਲਾ ਤੋਂ ਬਠਿੰਡਾ ਅਤੇ ਰਾਜੇਸ਼ ਕੁਮਾਰ ਨੂੰ ਬਠਿੰਡਾ ਤੋਂ ਤਰਨਤਾਰਨ ਭੇਜਿਆ ਗਿਆ ਹੈ। ਕਰੁਣੇਸ਼ ਕੁਮਾਰ ਨੂੰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਮੁਹਾਲੀ ਦਾ ਮੈਂਬਰ ਸਕੱਤਰ ਲਾਇਆ ਗਿਆ ਹੈ। ਰਾਜਵਿੰਦਰ ਕੌਰ ਨੂੰ ਅੰਮ੍ਰਿਤਸਰ ਵਿੱਚ ਜ਼ਿਲ੍ਹਾ ਤੇ ਸੈਸ਼ਨ ਜੱਜ ਅਤੇ ਉਦਯੋਗਿਕ ਟ੍ਰਿਬਿਊਨਲ ਦੀ ਪ੍ਰੀਜ਼ਾਈਡਿੰਗ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਬਲਜਿੰਦਰ ਸਿੰਘ-ਦੂਜਾ ਨੂੰ ਫਾਜ਼ਿਲਕਾ, ਰਾਕੇਸ਼ ਕੁਮਾਰ ਗੁਪਤਾ ਨੂੰ ਕਪੂਰਥਲਾ ਦਾ ਜ਼ਿਲ੍ਹਾ ਤੇ ਸੈਸ਼ਨ ਜੱਜ ਅਤੇ ਡਾ. ਅਜੀਤ ਅਤਰੀ ਨੂੰ ਸੁਪਰੀਮ ਕੋਰਟ ਦਾ ਸਕੱਤਰ ਜਨਰਲ ਨਿਯੁਕਤ ਕੀਤਾ ਗਿਆ ਹੈ। ਮੁਹਾਲੀ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਿਆਂ ਲਈ ਜਗਦੀਪ ਕੌਰ ਵਿਰਕ ਅਤੇ ਪ੍ਰਸ਼ਾਂਤ ਵਰਮਾ ਨੂੰ ਵਿਸ਼ੇਸ਼ ਅਦਾਲਤਾਂ ਵਿੱਚ ਲਾਇਆ ਗਿਆ ਹੈ। ਕੁਲਭੂਸ਼ਣ ਕੁਮਾਰ ਨੂੰ ਬਠਿੰਡਾ ਅਤੇ ਹਰਗੁਰਜੀਤ ਕੌਰ ਨੂੰ ਮਾਨਸਾ ਵਿੱਚ ਜਬਰ-ਜਨਾਹ ਤੇ ਪੋਕਸੋ ਮਾਮਲਿਆਂ ਦੀ ਫਾਸਟ ਟਰੈਕ ਅਦਾਲਤਾਂ ਵਿੱਚ ਤਾਇਨਾਤ ਕੀਤਾ ਗਿਆ ਹੈ।

# ਪਤੀ ਦੀ ਗੈਰਹਾਜ਼ਰੀ ’ਚ ਘਰ ਆਉਂਦਾ ਸੀ ਪ੍ਰਿੰਸੀਪਲ, ਫਿਰ ਮਹਿਲਾ ਅਧਿਆਪਕਾ ਨਾਲ ਕਰ’ਤਾ ਵੱਡਾ ਕਾਂਡ

ਮਸੌੜੀ 12 ਅਕਤੂਬਰ। ਕੈਲੂਚਕ ਮੁਹੱਲੇ ਵਿੱਚ ਬੀਤੇ ਮੰਗਲਵਾਰ ਦੇਰ ਰਾਤ 46 ਸਾਲਾ ਮਹਿਲਾ ਅਧਿਆਪਕਾ ਦੀ ਤੇਜ਼ਧਾਰ ਹਥਿਆਰ ਨਾਲ ਹੱਤਿਆ ਕੀਤੇ ਜਾਣ ਦੇ ਮਾਮਲੇ ਵਿੱਚ ਪ੍ਰੇਮ ਸਬੰਧਾਂ ਦਾ ਐਂਗਲ ਸਾਹਮਣੇ ਆਇਆ ਹੈ। ਇਸ ਮਾਮਲੇ ਵਿੱਚ ਮ੍ਰਿਤਕਾ ਦੇ ਪਤੀ ਨੇ ਅਧਿਆਪਕਾ ਸਕੂਲ ਦੇ ਇੰਚਾਰਜ ਪ੍ਰਿੰਸੀਪਲ ਬ੍ਰਜੇਸ਼ ਕੁਮਾਰ ਤੇ ਇਸ ਦੇ ਪਰਿਵਾਰ ਮੈਂਬਰਾਂ ਸਮੇਤ ਹੋਰਾਂ ਵਿਰੁੱਧ ਐਫਆਈਆਰ ਦਰਜ ਕਰਵਾਈ ਹੈ। ਦੋਸ਼ ਹੈ ਕਿ ਪਤੀ ਦੀ ਗੈਰਹਾਜ਼ਰੀ ਦੌਰਾਨ ਸਕੂਲ ਦੇ ਇੰਚਾਰਜ ਪ੍ਰਿੰਸੀਪਲ ਬ੍ਰਜੇਸ਼ ਕੁਮਾਰ ਦਾ ਮਹਿਲਾ ਅਧਿਆਪਕਾ ਦੇ ਘਰ ਆਉਣਾ-ਜਾਣਾ ਸੀ। ਇਸ ਨੂੰ ਲੈ ਕੇ ਬ੍ਰਜੇਸ਼ ਕੁਮਾਰ ਦੀ ਭਾਬੀ, ਉਸ ਦਾ ਪੁੱਤਰ ਅਤੇ ਮੰਟੂ ਸਿੰਘ ਮ੍ਰਿਤਕਾ ਨੂੰ ਮੋਬਾਈਲ ’ਤੇ ਜਾਤੀਸੂਚਕ ਸ਼ਬਦਾਂ ਨਾਲ ਗਾਲ੍ਹਾਂ ਕੱਢਦੇ ਸਨ। ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ ਜਾਂਦੀਆਂ ਸਨ। ਮੰਟੂ ਸਿੰਘ ਦਾ ਵੀ ਅਧਿਆਪਕਾ ਦੇ ਘਰ ਆਉਣਾ-ਜਾਣਾ ਸੀ। ਦੋਸ਼ ਹੈ ਕਿ ਸਾਰੇ ਮੁਲਜ਼ਮਾਂ ਨੇ ਬੀਤੇ ਮੰਗਲਵਾਰ ਦੇਰ ਰਾਤ ਅਧਿਆਪਕਾ ਦੀ ਹੱਤਿਆ ਕਰ ਦਿੱਤੀ ਅਤੇ ਅਲਮਾਰੀ ਵਿੱਚੋਂ ਗਹਿਣੇ ਲੈ ਕੇ ਫਰਾਰ ਹੋ ਗਏ। ਇਸ ਦੌਰਾਨ ਐਸਡੀਪੀਓ ਰਾਘਵ ਦਿਆਲ ਨੇ ਦੱਸਿਆ ਕਿ ਨਾਮਜ਼ਦ ਮੁਲਜ਼ਮਾਂ ਵਿੱਚੋਂ ਕੁਝ ਨੇ ਪ੍ਰੇਮ ਸਬੰਧਾਂ ਦੇ ਕਾਰਨ ਮਹਿਲਾ ਅਧਿਆਪਕਾ ਲਕਸ਼ਮੀ ਕੁਮਾਰੀ ਦੀ ਹੱਤਿਆ ਕੀਤੀ ਹੈ। ਬੰਦ ਘਰ ਵਿੱਚ ਮੁਲਜ਼ਮ ਕਿਵੇਂ ਦਾਖ਼ਲ ਹੋਏ, ਇਸ ਸਬੰਧੀ ਐਸਡੀਪੀਓ ਨੇ ਦੱਸਿਆ ਕਿ ਮੁਲਜ਼ਮਾਂ ਕੋਲ ਵੀ ਮਕਾਨ ਦੀ ਚਾਬੀ ਸੀ। ਉਸੇ ਚਾਬੀ ਨਾਲ ਕਮਰਾ ਖੋਲ੍ਹ ਕੇ ਮੁਲਜ਼ਮ ਘਰ ਵਿੱਚ ਦਾਖ਼ਲ ਹੋਏ ਅਤੇ ਅਧਿਆਪਕਾ ਦੀ ਹੱਤਿਆ ਕਰ ਦਿੱਤੀ। ਬੁੱਧਵਾਰ ਨੂੰ ਉਸ ਦੀ ਲਾਸ਼ ਬਰਾਮਦ ਕੀਤੀ ਗਈ ਸੀ। ਫਿਲਹਾਲ ਸਾਰੇ ਮੁਲਜ਼ਮ ਫਰਾਰ ਦੱਸੇ ਜਾ ਰਹੇ ਹਨ ਅਤੇ ਪੁਲਿਸ ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕਰ ਰਹੀ ਹੈ।

## ਅੰਮ੍ਰਿਤਸਰ ’ਚ .ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦਾ ਪਰਦਾਫਾਸ਼, ਰਾਈ.ਫਲ ਤੇ 9 ਪਿਸਤੌਲਾਂ ਸਮੇਤ 4 ਗ੍ਰਿ.ਫਤਾਰ

ਅੰਮ੍ਰਿਤਸਰ 12 ਅਕਤੂਬਰ। ਅੰਮ੍ਰਿਤਸਰ ਦਿਹਾਤੀ ਪੁਲਿਸ ਨੂੰ ਇੱਕ ਵੱਡੀ ਸਫ਼ਲਤਾ ਮਿਲੀ ਹੈ। ਪੁਲਿਸ ਨੇ .ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰਨ ਵਾਲੇ ਦੋ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ, 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ 15 ਕਿੱਲੋ ਅ.ਫੀਮ, ਇੱਕ ਆਧੁਨਿਕ $16 ਰਾਈ.ਫਲ, 9 .ਗੈਰ-ਕਾਨੂੰਨੀ ਪਿਸਤੌਲਾਂ ਅਤੇ 25 ਜਿਉਂਦੇ ਕਾਰਤੂਸ ਬਰਾਮਦ ਕੀਤੇ ਹਨ। ਸ਼ੁਰੂਆਤੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਮੁਲਜ਼ਮ ਕਥਿਤ ਤੌਰ ’ਤੇ ਵਿਦੇਸ਼ ਵਿੱਚ ਬੈਠੇ ਤਸਕਰਾਂ ਨਾਲ ਜੁੜੇ ਹੋਏ ਹਨ ਅਤੇ .ਗੈਰ-ਕਾਨੂੰਨੀ ਹਥਿਆਰ ਹਾਸਲ ਕਰਨ ਵਿੱਚ ਸ਼ਾਮਲ ਹਨ। ਅੰਮ੍ਰਿਤਸਰ ਦੇ ਘਰਿੰਡਾ ਅਤੇ ਲੋਪੋਕੇ ਪੁਲਿਸ ਥਾਣਿਆਂ ’ਚ ਵੱਖ-ਵੱਖ ਐੱਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ। ਮਾਮਲੇ ਦੀ ਅੱਗੇ ਦੀ ਜਾਂਚ ਜਾਰੀ ਹੈ ਤਾਂ ਜੋ ਪੂਰੇ ਨੈੱਟਵਰਕ (ਪਿਛਲੇ ਅਤੇ ਅਗਲੇ ਲਿੰਕ) ਦਾ ਪਤਾ ਲਗਾਇਆ ਜਾ ਸਕੇ ਅਤੇ ਇਸ ’ਚ ਸ਼ਾਮਲ ਹੋਰ ਲੋਕਾਂ ਦੀ ਪਛਾਣ ਕੀਤੀ ਜਾ ਸਕੇ। ਪੁਲਿਸ .ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਅਤੇ ਸੰਗਠਿਤ ਅਪਰਾਧਿਕ ਨੈੱਟਵਰਕ ’ਤੇ ਤਿੱਖੀ ਨਜ਼ਰ ਰੱਖਣ ਅਤੇ ਹਥਿਆਰਾਂ ਦੀ .ਗੈਰ-ਕਾਨੂੰਨੀ ਸਪਲਾਈ ਤੇ ਵੰਡ ਵਿੱਚ ਸ਼ਾਮਲ ਲੋਕਾਂ ਖ਼?ਲਾਫ਼ ਸਖ਼ਤ ਕਾਰਵਾਈ ਕਰਨ ਲਈ ਵਚਨਬੱਧ ਹੈ। ਆਈ.ਜੀ. ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਗਿਰੋਹ ਦੇ ਹੋਰ ਮੈਂਬਰਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਮੁਲਜ਼ਮਾਂ ਦਾ ਪੁਰਾਣਾ ਰਿਕਾਰਡ ਵੀ ਖੰਘਾਲਿਆ ਜਾ ਰਿਹਾ ਹੈ ਅਤੇ ਇਹ ਪਤਾ ਲਗਾਇਆ ਜਾ ਰਿਹਾ ਹੈ ਕਿ ਫੜੇ ਗਏ ਮੁਲਜ਼ਮਾਂ ਖ਼?ਲਾਫ਼ ਪਹਿਲਾਂ ਤੋਂ ਕਿੰਨੇ ਮਾਮਲੇ ਦਰਜ ਹਨ।

# ਫਰੀਦਕੋਟ ਪੁਲਿਸ ਦੀ ਵੱਡੀ ਕਾਮਯਾਬੀ, 4 ਕਿਲੋ ਤੋਂ ਵੱਧ ਹੈਰੋਇਨ ਸਮੇਤ ਚਾਰ ਨਸ਼ਾ ਤਸਕਰ ਕਾਬੂ

**ਕੌਮੀ ਪਤ੍ਰਿਕਾ**

ਫਰੀਦਕੋਟ 12 ਅਕਤੂਬਰ। ਸੀਆਈਏ ਸਟਾਫ ਫਰੀਦਕੋਟ ਵੱਲੋਂ ਨਸ਼ਾ ਤਸਕਰਾਂ ਖ਼?ਲਾਫ਼ ਵੱਡੀ ਕਾਰਵਾਈ ਕਰਦਿਆਂ 4 ਕਿਲੋ 29 ਗ੍ਰਾਮ ਹੈਰੋਇਨ ਸਮੇਤ ਚਾਰ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਗਿਆ ਹੈ। ਪੁਲਿਸ ਨੇ ਮੁਲਜ਼ਮਾਂ ਕੋਲੋਂ ਤਸਕਰੀ ਲਈ ਵਰਤੀ ਜਾ ਰਹੀ ਬ੍ਰੀਜ਼ਾ ਕਾਰ ਅਤੇ ਸਾਰੇ ਮੁਲਜ਼ਮਾਂ ਕੋਲੋਂ ਆਈਫੋਨ ਵੀ ਬਰਾਮਦ ਕੀਤੇ ਹਨ। ਇਸ ਸਬੰਧੀ ਸੀਆਈਏ ਸਟਾਫ ਫਰੀਦਕੋਟ ਦੇ ਇੰਚਾਰਜ ਐੱਸਆਈ ਹਾਕਮ ਸਿੰਘ ਨੇ ਦੱਸਿਆ ਕਿ ਉਹ ਪੁਲਿਸ ਟੀਮ ਸਮੇਤ ਗਸ਼ਤ ਦੌਰਾਨ ਕੋਟਕਪੂਰਾ-ਸ੍ਰੀ ਮੁਕਤਸਰ ਸਾਹਿਬ ਰੋਡ ’ਤੇ ਪਿੰਡ ਖਾਰਾ ਵੱਲ ਜਾ ਰਹੇ ਸਨ। ਇਸ ਦੌਰਾਨ ਪਿੰਡ ਖਾਰਾ ਨੇੜੇ ਇੱਕ ਬੰਦ ਪਏ ਪੈਟਰੋਲ ਪੰਪ, ਜਿਸ ਦੀ ਇਮਾਰਤ ਖੰਡਰ ਬਣ ਚੁੱਕੀ ਹੈ, ਕੋਲ ਇੱਕ ਬ੍ਰੀਜ਼ਾ ਕਾਰ ਖੜ੍ਹੀ ਦਿਖਾਈ ਦਿੱਤੀ। ਕਾਰ ਦੇ ਨੇੜੇ ਚਾਰ ਵਿਅਕਤੀ ਵੀ ਖੜ੍ਹੇ ਸਨ। ਪੁਲਿਸ ਟੀਮ ਨੇ ਸ਼ੱਕ ਦੇ ਆਧਾਰ ’ਤੇ ਜਦੋਂ ਉਨ੍ਹਾਂ ਤੋਂ



ਪੁੱਛਗਿੱਛ ਕਰਨ ਲਈ ਗੱਡੀ ਉਨ੍ਹਾਂ ਵੱਲ ਮੋੜੀ ਤਾਂ ਚਾਰੇ ਵਿਅਕਤੀ ਕਾਰ ਵਿੱਚ ਬੈਠ ਕੇ ਉੱਥੋਂ ਫਰਾਰ ਹੋਣ ਦੀ ਕੋਸ਼ਿਸ਼ ਕਰਨ ਲੱਗੇ। ਪੁਲਿਸ ਨੇ ਚਾਰੇ ਨੂੰ ਕਾਬੂ ਕਰ ਲਿਆ। ਪੁੱਛਗਿੱਛ ਦੌਰਾਨ ਮੁਲਜ਼ਮਾਂ ਦੀ ਪਛਾਣ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਬਰੀਵਾਲਾ ਵਾਸੀ ਸੰਦੀਪ ਸਿੰਘ ਉਰਫ਼ ਸੀਪਾ ਪੁੱਤਰ ਜਗਤਾਰ ਸਿੰਘ, ਪਿੰਡ ਖਾਰਾ ਵਾਸੀ ਮਨਵੀਰ ਸਿੰਘ ਉਰਫ਼ ਹਨੀ ਪੁੱਤਰ ਚਮਕੌਰ ਸਿੰਘ ਅਤੇ ਕੋਟਕਪੂਰਾ ਵਾਸੀ ਪ੍ਰਵੇਸ਼ ਪੁੱਤਰ ਰੌਸ਼ਨ ਲਾਲ ਤੇ ਵਾਸੂ ਬਿਰਲਾ ਪੁੱਤਰ ਵਿਨੋਦ ਕੁਮਾਰ ਵਜੋਂ ਹੋਈ। ਕਾਰ ਦੀ ਤਲਾਸ਼ੀ ਲੈਣ ’ਤੇ ਪੁਲਿਸ ਨੇ ਉਨ੍ਹਾਂ ਕੋਲੋਂ 4 ਕਿਲੋ 29 ਗ੍ਰਾਮ ਹੈਰੋਇਨ ਬਰਾਮਦ ਕੀਤੀ। ਇਸ ਤੋਂ ਬਾਅਦ ਚਾਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਖ਼?ਲਾਫ਼ ਥਾਣਾ ਸਦਰ ਕੋਟਕਪੂਰਾ ਵਿੱਚ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸਬੰਧੀ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਾ ਤਸਕਰਾਂ ਖ਼?ਲਾਫ਼ ਮੁਹਿੰਮ ਚਲਾ ਕੇ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ, ਜਿਸ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਪੰਜਾਬ ਸਰਕਾਰ ਅਤੇ ਪੁਲਿਸ ਵਿਭਾਗ ਨਸ਼ਾ ਤਸਕਰਾਂ ਦੇ ਖ਼ਾਤਮੇ ਲਈ ਲਗਾਤਾਰ ਯਤਨ ਕਰ ਰਹੇ ਹਨ।

## ਰੂਹ ਕੰਬਾਊ ਵਾਰਦਾਤ: ਅੱਧੀ ਰਾਤ ਨੂੰ ਘਰ ’ਚ ਵੜ ਕੇ ਮਾਂ-ਧੀ ਨੂੰ ਗੋਲੀਆਂ ਨਾਲ ਭੁੰਨਿਆ

ਸ਼ਿਵਹਰ 12 ਅਕਤੂਬਰ। ਸ਼ਿਆਮਪੁਰ ਭੱਠਣ ਥਾਣਾ ਖੇਤਰ ਦੇ ਅਧੀਨ ਆਉਂਦੇ ਲਾਲਗੜ੍ਹ ਯੋਗੀਆ ਪਿੰਡ ਵਿੱਚ ਗੁੰਡਿਆਂ ਨੇ ਬੀਤੀ ਦੇਰ ਰਾਤ ਇੱਕ ਘਰ ਵਿੱਚ ਵੜ ਕੇ ਇੱਕ ਮਾਂ-ਧੀ ਨੂੰ ਗੋਲੀ ਮਾਰ ਦਿੱਤੀ, ਜਿਸ ਨਾਲ ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਈਆਂ। ਦੋਵਾਂ ਨੂੰ ਸਦਰ ਹਸਪਤਾਲ ਤੋਂ ਮੁਜ਼ੱਫਰਪੁਰ ਦੇ ਐਸਕੇਐਮਸੀਐਚ ਰੈਫਰ ਕੀਤਾ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਜ਼ਖਮੀਆਂ ਵਿੱਚ 55 ਸਾਲਾ ਰਾਜਕੁਮਾਰੀ ਦੇਵੀ ਅਤੇ ਉਸ ਦੀ 38 ਸਾਲਾ ਧੀ ਰੋਸ਼ਨੀ ਕੁਮਾਰੀ ਸ਼ਾਮਲ ਹਨ। ਸੂਚਨਾ ਮਿਲਣ ਤੋਂ ਬਾਅਦ ਮੌਕੇ ’ਤੇ ਪਹੁੰਚੀ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਚਾਰ ਲੋਕਾਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਘਟਨਾ ਨੂੰ ਪ੍ਰੇਮ ਸਬੰਧਾਂ ਨਾਲ ਜੋੜ ਕੇ ਵੀ ਦੇਖਿਆ ਜਾ ਰਿਹਾ ਹੈ। ਐਸਪੀ ਸ਼ੈਲਿੰਦਰ ਸਿੰਘ ਨੇ ਦੱਸਿਆ ਕਿ ਪੂਰੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਹਰ ਪਹਿਲੂ ਤੋਂ ਘਟਨਾ ਦੀ ਪੜਤਾਲ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮਾਮਲਾ ਪ੍ਰੇਮ ਸਬੰਧਾਂ ਨਾਲ ਜੁੜਿਆ ਹੋ ਸਕਦਾ ਹੈ ਅਤੇ ਹਿਰਾਸਤ ਵਿੱਚ ਲਏ ਗਏ ਸ਼ੱਕੀ ਵਿਅਕਤੀਆਂ ਤੋਂ ਲਗਾਤਾਰ ਪੁੱਛਗਿੱਛ ਕੀਤੀ ਜਾ ਰਹੀ ਹੈ। ਪ੍ਰੇਮਿਕਾ ਨੇ ਘਰ ਬੁਲਾ ਕੇ ਵੱਢਿਆ ਪ੍ਰੇਮੀ ਦਾ ਗਲਾ! ਆਰੀ ਨਾਲ ਕੀਤੇ ਟੁਕੜੇ ਤੇ ਲਾਸ਼ ਨੂੰ ਤੇਜ਼ਾਬ ਨਾਲ ਭਰੇ ਡਰੰਮ ’ਚ ਸੁੱਟਿਆ ਦੱਸਿਆ ਜਾ ਰਿਹਾ ਹੈ ਕਿ ਸ਼ਨੀਵਾਰ ਅਤੇ ਐਤਵਾਰ ਦੀ ਦਰਮਿਆਨੀ ਰਾਤ ਲਾਲਗੜ੍ਹ ਯੋਗੀਆ ਪਿੰਡ ਗੋਲੀਆਂ ਦੀਆਂ ਆਵਾਜ਼ਾਂ ਨਾਲ ਗੂੰਜ ਉੱਠਿਆ। ਅੱਧੀ ਰਾਤ ਤੋਂ ਬਾਅਦ ਗੋਲੀਬਾਰੀ ਅਤੇ ਸ਼ੋਰ ਦੀ ਆਵਾਜ਼ ਸੁਣ ਕੇ ਆਸ-ਪਾਸ ਦੇ ਲੋਕ ਰਾਜਕੁਮਾਰੀ ਦੇਵੀ ਦੇ ਘਰ ਪਹੁੰਚੇ। ਉੱਥੇ ਮਾਂ ਅਤੇ ਧੀ ਖ਼ੂਨ ਨਾਲ ਲੱਥਪੱਥ ਪਈਆਂ ਸਨ।

# ਹਿਮਾਚਲ ’ਚ ਨਸ਼ੇ ਖ਼ਿਲਾ.ਫ ਪੁਲਸ ਦਾ ਵੱਡਾ ਐਕਸ਼ਨ ! 34.31 ਗ੍ਰਾਮ ਚਿੱਟਾ ਬਰਾਮਦ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 12 ਅਕਤੂਬਰ। ਹਿਮਾਚਲ ਪ੍ਰਦੇਸ਼ ’ਚ ਵੱਧ ਰਹੇ ਨਸ਼ੀਲੇ ਪਦਾਰਥਾਂ ਦੇ ਖਤਰੇ ਨਾਲ ਨਜਿੱਠਣ ਲਈ ਸ਼ਿਮਲਾ ਪੁਲਸ ਦੀ ਵਿਸ਼ੇਸ਼ ਮੁਹਿੰਮ ਜਾਰੀ ਹੈ। ਇਸ ਸਬੰਧ ਵਿੱਚ ਪੁਲਸ ਨੇ ਰਾਮਪੁਰ ਸਬ-ਡਿਵੀਜ਼ਨ ਅਧੀਨ ਤਿੰਨ ਵੱਖ-ਵੱਖ ਮਾਮਲਿਆਂ ’ਚ ਚਾਰ ਅੰਤਰਰਾਜੀ ਅਤੇ ਸਥਾਨਕ ਤਸਕਰਾਂ ਨੂੰ ਸਫਲਤਾਪੂਰਵਕ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮਾਂ ਤੋਂ ਕੁੱਲ 34.31 ਗ੍ਰਾਮ ਚਿੱਟਾ ਬਰਾਮਦ ਕੀਤਾ ਗਿਆ। ਪਹਿਲੇ ਮਾਮਲੇ ਵਿੱਚ ਰਾਮਪੁਰ ਪੁਲਸ ਸਟੇਸ਼ਨ ਦੀ ਇੱਕ ਟੀਮ, ਚੀਫ ਕਾਂਸਟੇਬਲ ਪੀਯੂਸ਼ ਰਾਜ ਦੀ ਅਗਵਾਈ ਵਿੱਚ 5 ਸਤੰਬਰ ਨੂੰ ਰਚੋਲੀ ਖੇਤਰ ਵਿੱਚ ਰਾਤ ਦੀ ਗਸ਼ਤ ’ਤੇ ਸੀ। ਰਾਤ ਲਗਭਗ 9:10 ਵਜੇ, ਟੀਮ ਨੇ ਸ਼ੱਕ ਦੇ ਆਧਾਰ ’ਤੇ ਇੱਕ ਵਿਅਕਤੀ ਦੀ ਤਲਾਸ਼ੀ ਲਈ ਅਤੇ 7.15 ਗ੍ਰਾਮ ਚਿੱਟਾ ਬਰਾਮਦ ਕੀਤਾ। ਮੁਲਜ਼ਮ ਦੀ ਪਛਾਣ ਕਮਲਵੀਰ (34) ਵਜੋਂ ਹੋਈ ਹੈ, ਜੋ ਕਿ ਰਾਮ ਕੁਮਾਰ ਦਾ ਪੁੱਤਰ ਹੈ, ਜੋ ਕਿ ਕੁਰੂਕਸ਼ੇਤਰ, ਹਰਿਆਣਾ ਦਾ ਰਹਿਣ ਵਾਲਾ ਹੈ। ਪੁਲਸ ਨੇ ਮੁਲਜ਼ਮਾਂ ਖ਼?ਲਾਫ਼ ਐਨਡੀਪੀਐਸ ਐਕਟ ਦੀ ਧਾਰਾ 21 ਤਹਿਤ ਮਾਮਲਾ ਦਰਜ ਕੀਤਾ ਹੈ। ਦੂਜੀ ਕਾਰਵਾਈ ਵੀ 5 ਸਤੰਬਰ ਨੂੰ ਰਚੋਲੀ ਇਲਾਕੇ ਵਿੱਚ ਕੀਤੀ ਗਈ। ਏਐਸਆਈ ਇੰਦਰਜੀਤ ਦੀ ਅਗਵਾਈ ਹੇਠ ਇੱਕ ਟੀਮ ਸ਼ਾਮ 4:35 ਵਜੇ ਦੇ ਕਰੀਬ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ। ਪੁਲਸ ਨੇ ਡੇਰਾਬੱਸੀ (ਪੰਜਾਬ) ਦੇ ਰਹਿਣ ਵਾਲੇ ਜਤਿੰਦਰ ਸਿੰਘ (30) ਅਤੇ ਝਾਖੜੀ (ਰਾਮਪੁਰ) ਦੇ ਰਹਿਣ ਵਾਲੇ ਰਾਜਾ ਨੇਗੀ (30) ਨੂੰ ਰੋਕਿਆ। ਉਨ੍ਹਾਂ ਦੀ ਤਲਾਸ਼ੀ ਲੈਣ ’ਤੇ ਉਨ੍ਹਾਂ ਕੋਲੋਂ 6.16 ਗ੍ਰਾਮ ਚਿੱਟਾ



ਬਰਾਮਦ ਹੋਇਆ। ਦੋਵਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਅਤੇ ਰਾਮਪੁਰ ਥਾਣੇ ਵਿੱਚ ਐਨਡੀਪੀਐਸ ਐਕਟ ਦੀ ਧਾਰਾ 21 ਅਤੇ 29 ਤਹਿਤ ਐਫਆਈਆਰ ਦਰਜ ਕੀਤੀ ਗਈ। ਤੀਜੀ ਅਤੇ ਸਭ ਤੋਂ ਵੱਡੀ ਕਾਰਵਾਈ ਰਾਮਪੁਰ ਸਬ-ਡਿਵੀਜ਼ਨ ਦੇ ਜੂਰੀ ਇਲਾਕੇ ਵਿੱਚ ਕੀਤੀ ਗਈ। ਕਟੋਲੂ ਪੁਲ ਨੇੜੇ ਨਾਕਾਬੰਦੀ ਦੌਰਾਨ, ਡਿਟੈਕਸ਼ਨ ਸੈੱਲ ਦੀ ਇੱਕ ਟੀਮ ਨੇ ਇੱਕ ਸ਼ੱਕੀ ਨੌਜਵਾਨ ਦੀ ਤਲਾਸ਼ੀ ਲਈ ਅਤੇ 21 ਗ੍ਰਾਮ ਨਸ਼ੀਲੇ ਪਦਾਰਥ ਬਰਾਮਦ ਕੀਤੇ। ਦੋਸ਼ੀ ਦੀ ਪਛਾਣ ਅੰਕਿਤ ਠਾਕੁਰ (27) ਪੁੱਤਰ ਪਵਨ ਠਾਕੁਰ, ਵਾਸੀ ਹਯੋਦ, ਸਰਕਾਘਾਟ, ਮੰਡੀ ਜ਼ਿਲ੍ਹੇ ਵਜੋਂ ਹੋਈ ਹੈ। ਝਾਖੜੀ ਪੁਲਸ ਸਟੇਸ਼ਨ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ ਤੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਸ਼ਿਮਲਾ ਪੁਲਸ ਨੇ ਚਾਰਾਂ ਦੋਸ਼ੀਆਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਹੋਰ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਰਿਮਾਂਡ ਦੌਰਾਨ ਦੋਸ਼ੀਆਂ ਤੋਂ ਵਿਆਪਕ ਪੁੱਛਗਿੱਛ ਕੀਤੀ ਜਾ ਰਹੀ ਹੈ। ਜਾਂਚ ਅਧਿਕਾਰੀ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੇ ਹਨ ਕਿ ਨਸ਼ੀਲੇ ਪਦਾਰਥਾਂ ਦੀ ਇਹ ਖੇਪ ਕਿੱਥੋਂ ਆਈ ਸੀ ਅਤੇ ਇਹ ਸਥਾਨਕ ਤੌਰ ’ਤੇ ਕਿਸ ਨੂੰ ਸਪਲਾਈ ਕੀਤੀ ਜਾਣੀ ਸੀ।


**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਰੋਡਵੇਜ਼ ਬੱਸ ਚੋਰੀ ਕਰਕੇ ਫਰਾਰ ਹੋਏ ਚੋਰ, ਵੱਡੇ ਕਾਂਡ ਮਗਰੋਂ ਲਵਾਰਸ ਛੱਡੀ ਬੱਸ

**ਕੌਮੀ ਪਤ੍ਰਿਕਾ**

ਲੁਧਿਆਣਾ 12 ਅਕਤੂਬਰ। ਲੁਧਿਆਣਾ 'ਚ ਚੋਰਾਂ ਨੇ ਬੱਸ ਚੋਰੀ ਦੀ ਅਜਿਹੀ ਵਾਰਦਾਤ ਨੂੰ ਅੰਜਾਮ ਦਿੱਤਾ, ਜੋ ਕਿਸੇ ਫ਼?ਲਮੀ ਦ੍ਰਿਸ਼ ਤੋਂ ਘੱਟ ਨਹੀਂ ਹੈ। ਬੱਸ ਸਟੈਂਡ ਡਿਪੋ ਦੇ ਸਾਹਮਣੇ ਪਾਰਕਿੰਗ 'ਚ ਖੜ੍ਹੀ ਪੀਆਰਟੀਸੀ ਦੀ ਟਾਪ ਮਾਡਲ ਬੱਸ ਨੂੰ ਚੋਰ ਚੋਰੀ ਕਰਕੇ ਲੈ ਗਏ। ਅਗਲੇ ਦਿਨ ਬੱਸ ਸ਼ਹਿਰ ਤੋਂ ਕਰੀਬ 21 ਕਿਲੋਮੀਟਰ ਦੂਰ ਢੱਟ ਪਿੰਡ ਨੇੜੇ ਇੱਟਾਂ ਦੇ ਸਹਾਰੇ ਖੜ੍ਹੀ ਮਿਲੀ। ਚੋਰ ਬੱਸ ਦੇ ਟਾਇਰ, ਦੋਵੇਂ ਬੈਟਰੀਆਂ ਅਤੇ ਹੋਰ ਕੀਮਤੀ ਸਮਾਨ ਕੱਢ ਕੇ ਲੈ ਗਏ। ਪੂਰੀ ਵਾਰਦਾਤ ਸੀਸੀਟੀਵੀ ਕੈਮਰਿਆਂ 'ਚ ਕੈਦ ਹੋ ਗਈ ਹੈ। ਬੱਸ ਡਰਾਈਵਰ ਮੁਤਾਬਕ, 28 ਅਗਸਤ ਦੀ ਰਾਤ



ਕਰੀਬ 12:30 ਵਜੇ ਇੱਕ ਬੋਲੇਰੋ ਪਿਕਅਪ ਪਾਰਕਿੰਗ ਨੇੜੇ ਆ ਕੇ ਰੁਕੀ। ਇਸ 'ਚ ਸੱਤ ਤੋਂ ਅੱਠ ਲੋਕ ਸਵਾਰ ਸਨ। ਮੁਲਜ਼ਮ ਕਰੀਬ ਦੋ ਘੰਟਿਆਂ ਤੱਕ ਉੱਥੇ ਬੈਠੇ ਰਹੇ ਅਤੇ ਰੇਕੀ ਕਰਦੇ ਰਹੇ। ਇਸ ਤੋਂ ਬਾਅਦ ਉਨ੍ਹਾਂ ਨੇ ਬੱਸ ਦੇ ਸਟਾਰਟਿੰਗ ਸ'ਚ ਦੀਆਂ ਤਾਰਾਂ ਤੋੜ ਕੇ ਵਾਇਰਿੰਗ ਰਾਹੀਂ ਬੱਸ ਨੂੰ ਡਾਇਰੈਕਟ ਸਟਾਰਟ ਕੀਤਾ ਅਤੇ ਲੈ ਕੇ ਫਰਾਰ ਹੋ ਗਏ। ਡਰਾਈਵਰ ਦੇ ਅਨੁਸਾਰ, ਬੱਸ ਨੂੰ ਇਸ ਤਰ੍ਹਾਂ ਸਟਾਰਟ ਕਰਨ ਲਈ ਉਸ ਦੇ ਸਿਸਟਮ ਅਤੇ ਵਾਇਰਿੰਗ ਦੀ ਤਕਨੀਕੀ ਜਾਣਕਾਰੀ ਹੋਣਾ ਜ਼ਰੂਰੀ ਹੈ। ਅਗਲੀ ਸਵੇਰ ਯਾਨੀ 29 ਅਗਸਤ ਨੂੰ ਕਰੀਬ 7:30 ਵਜੇ ਡਰਾਈਵਰ ਡਿਊਟੀ 'ਤੇ ਪਹੁੰਚਿਆ ਤਾਂ ਬੱਸ ਗਾਇਬ ਮਿਲੀ। ਤਲਾਸ਼ ਦੌਰਾਨ ਬੱਸ ਚੌਕੀਮਾਨ ਟੋਲ ਪਲਾਜ਼ਾ ਤੋਂ ਕਰੀਬ ਦੋ ਕਿਲੋਮੀਟਰ ਪਿੱਛੇ ਢੱਟ ਪਿੰਡ ਨੇੜੇ ਮਿਲੀ। ਚੋਰਾਂ ਨੇ ਬੱਸ ਨੂੰ ਇੱਟਾਂ 'ਤੇ ਖੜ੍ਹਾ ਕਰਕੇ ਉਸ ਦੇ ਟਾਇਰ ਅਤੇ ਬੈਟਰੀਆਂ ਕੱਢ ਲਈਆਂ ਸਨ। ਸਬੂਤ ਮਿਟਾਉਣ ਲਈ ਬੱਸ 'ਚ ਲੱਗੇ ਸੀਸੀਟੀਵੀ ਕੈਮਰੇ ਵੀ ਤੋੜ ਕੇ ਲੈ ਗਏ। ਵਾਰਦਾਤ ਤੋਂ ਬਾਅਦ ਪੀਆਰਟੀਸੀ ਸਟਾਫ਼ ਥਾਣਾ ਨੰਬਰ ਪੰਜ ਪਹੁੰਚਿਆ। ਪਰ ਕਿਸੇ ਨੇ ਉਨ੍ਹਾਂ ਦੀ ਸੁਣਵਾਈ ਨਹੀਂ ਕੀਤੀ। ਪੁਲਿਸ ਦਾ ਕਹਿਣਾ ਹੈ ਕਿ ਸੀਸੀਟੀਵੀ ਫੁਟੇਜ ਤੋਂ ਬੋਲੇਰੋ ਪਿਕਅਪ ਦਾ ਨੰਬਰ ਪਤਾ ਲੱਗ ਗਿਆ ਹੈ। ਮਾਮਲੇ ਦੀ ਜਾਂਚ ਜਾਰੀ ਹੈ, ਪਰ ਅਜੇ ਤੱਕ ਕਿਸੇ ਮੁਲਜ਼ਮ ਦੀ ਗ੍ਰਿਫ਼ਤਾਰੀ ਨਹੀਂ ਹੋਈ ਹੈ। ਨੁਕਸਾਨ ਕਰੀਬ ਸੱਤ ਤੋਂ ਅੱਠ ਲੱਖ ਰੁਪਏ ਦੱਸਿਆ ਜਾ ਰਿਹਾ ਹੈ।

## ਮਾਸੂਮ ਬੱਚੇ ਦੇ ਬੇਰਹਿਮੀ ਨਾਲ ਕਤਲ ਤੋਂ ਬਾਅਦ ਭੜਕੀ ਹਿੰਸਾ, ਗੁੱਸੇ 'ਚ ਆਈ ਭੀੜ ਨੇ ਮੁਲਜ਼ਮ ਨੂੰ ਮੌਕੇ 'ਤੇ ਹੀ ਉਤਾਰਿਆ ਮੌਤ ਦੇ ਘਾਟ

ਮਧੇਪੁਰਾ 12 ਅਕਤੂਬਰ। ਸ਼ਨੀਵਾਰ ਸਵੇਰੇ ਕਰੀਬ 11 ਵਜੇ ਘੈਲਾਢ ਬਲਾਕ ਦੇ ਇਟਾਹਰੀ ਪਿੰਡ ਵਿੱਚ ਅਨਿਲ ਯਾਦਵ (45) ਨੇ 12 ਸਾਲਾ ਲੜਕੇ ਦਾ ਗਲਾ ਵੱਢ ਦਿੱਤਾ। ਗੁੱਸੇ ਵਿੱਚ ਆਏ ਪਿੰਡ ਵਾਸੀਆਂ ਨੇ ਮੁਲਜ਼ਮ ਅਨਿਲ ਯਾਦਵ ਨੂੰ ਲੱਭ ਲਿਆ ਅਤੇ ਕੁੱਟ-ਕੁੱਟ ਕੇ ਉਸ ਦੀ ਜਾਨ ਲੈ ਲਈ। ਇਟਾਹਰੀ ਪਿੰਡ ਦੇ ਵਾਰਡ ਨੰਬਰ 2 ਦੇ ਵਸਨੀਕ ਸੁਨੀਲ ਠਾਕੁਰ ਦੇ ਪੁੱਤਰ ਸੁਮਿਤ ਕੁਮਾਰ (12) ਦੇ ਕਤਲ ਬਾਰੇ ਪਤਾ ਲੱਗਣ 'ਤੇ ਗੁੱਸੇ ਵਿੱਚ ਆਏ ਪਿੰਡ ਵਾਸੀਆਂ ਨੇ ਮੁਲਜ਼ਮ ਅਨਿਲ ਯਾਦਵ ਨੂੰ ਲੱਭ ਕੇ ਉਸ ਨੂੰ ਮਾਰ ਦਿੱਤਾ। ਪਿੰਡ ਵਾਸੀਆਂ ਅਨੁਸਾਰ, ਮੁਲਜ਼ਮ ਜੋ ਬਰਾਹੀ ਪੰਚਾਇਤ ਦੇ ਵਾਰਡ ਨੰਬਰ 8 ਦੇ ਰਹਿਣ ਵਾਲੇ ਸਵਰਗੀ ਰਾਜਕਿਸ਼ੋਰ ਯਾਦਵ ਦਾ ਪੁੱਤਰ ਸੀ। ਮਾਨਸਿਕ ਤੌਰ 'ਤੇ ਅਸਥਿਰ ਸੀ। ਸਦਰ ਥਾਣਾ ਮੁਖੀ ਵਿਮਲੇਂਦੂ ਕੁਮਾਰ ਅਨੁਸਾਰ, ਦੋਵੇਂ ਲਾਸ਼ਾਂ ਬਰਾਮਦ ਕਰ ਲਈਆਂ ਗਈਆਂ ਹਨ ਅਤੇ ਉਨ੍ਹਾਂ ਨੂੰ ਪੋਸਟਮਾਰਟਮ ਲਈ ਭੇਜਿਆ ਜਾ ਰਿਹਾ ਹੈ। ਕਾਨੂੰਨ ਨੂੰ ਆਪਣੇ ਹੱਥਾਂ ਵਿੱਚ ਲੈਣ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ। ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਆਮ ਹੈ।

## 55 ਸਾਲਾ ਅਧੇੜ ਉਮਰ ਦੇ ਗੁਆਂਢੀ ਨੇ 6 ਸਾਲ ਦੀ ਮਾਸੂਮ ਨੂੰ ਬਣਾਇਆ ਹਵਸ ਦਾ ਸ਼ਿਕਾਰ

ਗੋਪਾਲਗੰਜ 12 ਅਕਤੂਬਰ। ਸ਼੍ਰੀਪੁਰ ਥਾਣਾ ਖੇਤਰ ਦੇ ਇੱਕ ਪਿੰਡ ਵਿੱਚ ਛੇ ਸਾਲਾ ਬੱਚੀ ਨਾਲ ਜਬਰ-ਜਨਾਹ ਦਾ ਦੋਸ਼ ਸਾਹਮਣੇ ਆਇਆ ਹੈ। ਘਟਨਾ ਤੋਂ ਬਾਅਦ ਬੱਚੀ ਦੀ ਮਾਂ ਦੀ ਲਿਖਤੀ ਸ਼ਿਕਾਇਤ 'ਤੇ ਪੁਲਿਸ ਨੇ 55 ਸਾਲਾ ਗੁਆਂਢੀ ਖ਼?ਲਾਫ਼ ਪੋਕਸੋ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ। ਪੁਲਿਸ ਅਨੁਸਾਰ, ਮੈਡੀਕਲ ਜਾਂਚ ਵਿੱਚ ਬੱਚੀ ਨਾਲ ਜਿਨਸੀ ਛੇੜਛਾੜ ਕੀਤੇ ਜਾਣ ਦੀ ਪੁਸ਼ਟੀ ਹੋਈ ਹੈ। ਐਫ.ਆਈ.ਆਰ. ਵਿੱਚ ਦੋਸ਼ ਲਾਇਆ ਗਿਆ ਹੈ ਕਿ ਸ਼ਨੀਵਾਰ ਰਾਤ ਬੱਚੀ ਆਪਣੀ ਮਾਂ ਨਾਲ ਗੁਆਂਢੀ ਦੇ ਘਰ ਗਈ ਸੀ। ਇਸ ਦੌਰਾਨ ਰਾਤ ਕਰੀਬ ਅੱਠ ਤੋਂ ਨੌਂ ਵਜੇ ਦੇ ਵਿਚਕਾਰ ਬਿਜਲੀ ਗੁੱਲ ਹੋਣ ਕਾਰਨ ਘਰ ਵਿੱਚ ਹਨ੍ਹੇਰਾ ਹੋ ਗਿਆ। ਦੋਸ਼ ਹੈ ਕਿ ਹਨ੍ਹੇਰੇ ਦਾ ਫ਼ਾਇਦਾ ਉਠਾ ਕੇ ਗੁਆਂਢੀ ਨੇ ਬੱਚੀ ਨਾਲ ਗਲਤ ਹਰਕਤ ਕੀਤੀ। ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ ਪਰਿਵਾਰਕ ਮੈਂਬਰ ਬੱਚੀ ਨੂੰ ਲੈ ਕੇ ਸ਼੍ਰੀਪੁਰ ਥਾਣੇ ਪਹੁੰਚੇ ਅਤੇ ਲਿਖਤੀ ਸ਼ਿਕਾਇਤ ਦਰਜ ਕਰਵਾਈ।

## ਸੜਕ 'ਤੇ ਪਏ ਟੋਏ ਕਾਰਨ ਜੋਤਸ਼ੀ ਵਿਨੋਦ ਜੋਸ਼ੀ ਦੀ ਦਰਦਨਾਕ ਮੌਤ

ਲੁਧਿਆਣਾ 12 ਅਕਤੂਬਰ। ਲੁਧਿਆਣਾ ਦੀਆਂ ਖਸਤਾਹਾਲ ਸੜਕਾਂ ਤੇ ਨਗਰ ਨਿਗਮ ਦੀ ਅਣਗਹਿਲੀ ਆਮ ਲੋਕਾਂ ਲਈ ਜਾਨਲੇਵਾ ਸਾਬਤ ਹੋ ਰਹੀ ਹੈ। ਤਾਜ਼ਾ ਮਾਮਲੇ ਵਿਚ ਸੈਕਟਰ-32 ਮੰਦਰ ਨੇੜੇ ਸੜਕ ਦੇ ਵਿਚਕਾਰ ਬਣੇ ਇਕ ਡੂੰਘੇ ਟੋਏ ਕਾਰਨ ਐਕਟਿਵਾ ਸਵਾਰ 57 ਸਾਲਾ ਜੋਤਸ਼ੀ ਵਿਨੋਦ ਜੋਸ਼ੀ ਦੀ ਮੌਕੇ 'ਤੇ ਹੀ ਦਰਦਨਾਕ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਵਿਨੋਦ ਜੋਸ਼ੀ ਤਾਜਪੁਰ ਰੋਡ ਸਥਿਤ ਸੈਂਟਰਲ ਜੇਲ ਨੇੜੇ ਰਹਿੰਦੇ ਸਨ। ਉਨ੍ਹਾਂ ਦਾ ਮੁੱਖ ਦਫ਼ਤਰ ਹਿਮਾਚਲ ਪ੍ਰਦੇਸ਼ ਦੇ ਸੋਲਨ ਜ਼ਿਲੇ ਦੇ ਧਰਮਪੁਰ ਵਿਖੇ ਸੀ, ਜਿੱਥੇ ਉਹ ਹਫ਼ਤੇ ਵਿਚ ਤਿੰਨ ਦਿਨ ਜੋਤਿਸ਼ ਸਲਾਹ ਦੇਣ ਜਾਂਦੇ ਸਨ ਤੇ ਬਾਕੀ ਦਿਨ ਲੁਧਿਆਣਾ ਵਿੱਚ ਪਰਿਵਾਰ ਨਾਲ ਸਮਾਂ ਬਿਤਾਉਂਦੇ ਸਨ। ਮੰਗਲਵਾਰ ਸਵੇਰੇ ਸਾਢੇ ਦੱਸ ਵਜੇ ਉਹ ਘਰ ਦਾ ਜ਼ਰੂਰੀ ਸਾਮਾਨ ਲੈਣ ਲਈ ਆਪਣੀ ਐਕਟਿਵਾ 'ਤੇ ਸਵਾਰ ਹੋ ਕੇ ਬਾਜ਼ਾਰ ਨਿਕਲੇ ਸਨ। ਜਿਵੇਂ ਹੀ ਉਹ ਸੈਕਟਰ-32 ਮੰਦਰ ਨੇੜੇ ਪਹੁੰਚੇ ਤਾਂ ਉਨ੍ਹਾਂ ਦੀ ਐਕਟਿਵਾ ਦਾ ਪਹੀਆ ਅਚਾਨਕ ਸੜਕ ਦੇ ਵਿਚਕਾਰ ਬਣੇ ਡੂੰਘੇ ਖੱਡੇ ਵਿੱਚ ਫਸ ਗਿਆ। ਪਹੀਆ ਧੱਸਣ ਨਾਲ ਐਕਟਿਵਾ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਤੇਜ਼ ਝਟਕੇ ਨਾਲ ਸੜਕ 'ਤੇ ਜਾ ਡਿੱਗੇ। ਇਸ ਦੌਰਾਨ ਕਿਸੇ ਰਾਹਗੀਰ ਨੇ ਉਨ੍ਹਾਂ ਨੂੰ ਹਸਪਤਾਲ ਪਹੁੰਚਾਉਣ ਦੀ ਖੇਚਲ ਨਹੀਂ ਕੀਤੀ। ਕੁਝ ਦੇਰ ਬਾਅਦ ਜਦੋਂ ਮ੍ਰਿਤਕ ਦਾ ਭਤੀਜਾ ਗੌਰਵ ਗੈਸ ਸਿਲੰਡਰ ਲੈ ਕੇ ਉਸੇ ਰਸਤੇ ਤੋਂ ਲੰਘ ਰਿਹਾ ਸੀ ਤਾਂ ਉਸ ਨੇ ਭੀੜ ਅਤੇ ਜ਼ਖ਼ਮੀ ਵਿਅਕਤੀ ਨੂੰ ਦੇਖ ਕੇ ਰੋਕਿਆ। ਕਰੀਬ ਜਾ ਕੇ ਦੇਖਣ 'ਤੇ ਉਸ ਨੂੰ ਪਤਾ ਲੱਗਾ ਕਿ ਇਹ ਹਾਦਸਾ ਉਸ ਦੇ ਆਪਣੇ ਚਾਚਾ ਨਾਲ ਵਾਪਰਿਆ ਹੈ। ਉਹ ਤੁਰੰਤ ਉਨ੍ਹਾਂ ਨੂੰ ਸਿਵਲ ਹਸਪਤਾਲ ਲੈ ਕੇ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਘਟਨਾ ਤੋਂ ਬਾਅਦ ਇਲਾਕਾ ਨਿਵਾਸੀਆਂ ਵਿੱਚ ਪ੍ਰਸ਼ਾਸਨ ਖ਼?ਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਨੇ ਮੰਗ ਕੀਤੀ ਹੈ ਕਿ ਸ਼ਹਿਰ ਦੀਆਂ ਟੁੱਟੀਆਂ ਸੜਕਾਂ ਤੇ ਜਾਨਲੇਵਾ ਖੱਡਿਆਂ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ ਤਾਂ ਜੋ ਭਵਿੱਖ ਵਿੱਚ ਅਜਿਹੇ ਹਾਦਸਿਆਂ ਨੂੰ ਰੋਕਿਆ ਜਾ ਸਕੇ।


### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.



### NAME CHANGE
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.



### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



### NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

### NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

### PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.



### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.



### NAME CHANGE
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

### NAME CHANGE
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

### NAME CHANGE
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.



### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.



### NAME CHANGE
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose



### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.



### PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

### PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

### NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

### NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

### NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

### NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

### NAME CHANGE
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

### NAME CHANGE
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

### NAME CHANGE
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

### NAME CHANGE
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

### NAME CHANGE
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

### NAME CHANGE
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

### NAME CHANGE
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.



### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.



### NAME CHANGE
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.



### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.



### NAME CHANGE
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

### NAME CHANGE
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

### NAME CHANGE
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

### NAME CHANGE
It is for general information that I, ANIL KUMAR AGGARWAL S/o Om Parkash Aggarwal, R/o House No. 35, Tagore Park, Opposite New Sabzi Mandi, Maqsudan, Jalandhar-I, Jalandhar, Punjab-144008, declare that name of mine and my father have been wrongly written as ANIL KUMAR and OM PARKASH in Service Record. The actual name of mine and my father are ANIL KUMAR AGGARWAL and OM PARKASH AGGARWAL respectively, which may be amended accordingly.

### PUBLIC NOTICE
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI

# ਸ਼ਿਕਾਇਤਾਂ ਦੇ ਹੱਲ ਦੀ ਹੁਣ ਹੋਵੇਗੀ ਬਾਰੀਕੀ ਨਾਲ ਨਿਗਰਾਨੀ, ਏ.ਟੀ.ਆਰ. 'ਤੇ ਨੋਡਲ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼

➢ ਸੀ.ਐਮ. ਵਿੰਡੋ, ਜਨਸੰਵਾਦ ਅਤੇ ਸੋਸ਼ਲ ਮੀਡੀਆ ਗ੍ਰੀਵੈਂਸ ਟ੍ਰੈਕਰ ਤੋਂ ਪ੍ਰਾਪਤ ਸ਼ਿਕਾਇਤਾਂ ਦੇ ਹੱਲ ਦੀ ਸਮੀਖਿਆ ਤੇਜ਼
➢ ਮੈਡੀਕਲ ਸਿੱਖਿਆ ਅਤੇ ਸਿਹਤ ਵਿਭਾਗ ਦੀਆਂ 259 ਸ਼ਿਕਾਇਤਾਂ ਦੀ ਐਕਸ਼ਨ ਟੇਕਨ ਰਿਪੋਰਟ ਦੀ ਸਮੀਖਿਆ

**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਦੇ ਵਿਸ਼ੇਸ਼ ਅਧਿਕਾਰੀ (ਸ਼ਿਕਾਇਤ ਨਿਵਾਰਨ) ਭੋਪਾਲ ਸਿੰਘ ਖੱਦਰੀ ਨੇ ਦੱਸਿਆ ਕਿ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਵੱਲੋਂ ਪਿਛਲੇ ਦਿਨੀਂ ਜਨ ਸੰਵਾਦ, ਸੀ.ਐਮ. ਵਿੰਡੋ, ਐਸ.ਐਮ.ਜੀ.ਟੀ. (ਸੋਸ਼ਲ ਮੀਡੀਆ ਗ੍ਰੀਵੈਂਸ ਟ੍ਰੈਕਰ) ਅਤੇ ਸਮਾਧਾਨ ਸ਼ਿਵਿਰਾਂ ਰਾਹੀਂ ਪ੍ਰਾਪਤ ਸ਼ਿਕਾਇਤਾਂ ਦੇ ਹੱਲ ਦੀ ਸਮੀਖਿਆ ਲਈ ਆਯੋਜਿਤ ਮੀਟਿੰਗ ਤੋਂ ਬਾਅਦ ਹੁਣ ਹਾਂ-ਪੱਖੀ ਨਤੀਜੇ ਸਾਹਮਣੇ ਆਉਣ ਲੱਗੇ ਹਨ। ਇਸੇ ਲੜੀ ਵਿੱਚ ਅੱਜ ਮੈਡੀਕਲ ਸਿੱਖਿਆ ਅਤੇ ਖੋਜ ਅਤੇ ਸਿਹਤ ਵਿਭਾਗ ਨਾਲ ਸਬੰਧਤ ਨੋਡਲ ਅਧਿਕਾਰੀਆਂ ਦੀ ਮੀਟਿੰਗ ਲੈਂਦੇ ਹੋਏ ਸ਼ਿਕਾਇਤਾਂ ਦੇ ਹੱਲ ਨੂੰ ਲੈ ਕੇ ਕੀਤੀ ਗਈ ਕਾਰਵਾਈ ਦੀ ਰਿਪੋਰਟ (ਏ.ਟੀ.ਆਰ.) 'ਤੇ ਵਿਸ਼ੇਸ਼ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਸ਼ਿਕਾਇਤਾਂ ਦੇ ਹੱਲ ਦੀ ਪ੍ਰਕਿਰਿਆ ਵਿੱਚ ਸਿਰਫ ਕਾਰਵਾਈ ਦਰਜ ਕਰਨਾ ਹੀ ਕਾਫੀ ਨਹੀਂ ਹੈ, ਸਗੋਂ ਇਹ ਵੀ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਸਬੰਧਤ ਸ਼ਿਕਾਇਤਕਰਤਾ ਨੂੰ ਮੌਜਦਾ ਰਾਹਤ ਮਿਲੀ ਹੈ ਜਾਂ ਨਹੀਂ।

ਖੱਦਰੀ ਨੇ ਕਿਹਾ ਕਿ ਮੁੱਖ ਮੰਤਰੀ ਕੋਲ ਆਪਣੀ ਸ਼ਿਕਾਇਤ ਲੈ ਕੇ ਆਉਣ ਵਾਲੇ ਹਰ ਫਰਿਆਦੀ ਦੀ ਸਮੱਸਿਆ ਦੇ ਹੱਲ ਨੂੰ ਗੰਭੀਰਤਾ ਨਾਲ ਲਿਆ ਜਾਵੇ। ਮੁੱਖ ਮੰਤਰੀ ਕੋਲ ਫਰਿਆਦੀ ਦੇ ਦਸਤਾਵੇਜ਼ ਇਸ ਆਸ ਅਤੇ ਵਿਸ਼ਵਾਸ ਨਾਲ ਭੇਜੇ ਜਾਂਦੇ ਹਨ ਕਿ ਉਸ ਦੀ ਸ਼ਿਕਾਇਤ 'ਤੇ ਕਾਰਵਾਈ ਹੋਵੇਗੀ। ਅਜਿਹੇ ਵਿੱਚ ਵਿਭਾਗਾਂ ਦੇ ਨੋਡਲ ਅਧਿਕਾਰੀ ਇਹ ਯਕੀਨੀ ਬਣਾਉਣ ਕਿ ਸ਼ਿਕਾਇਤਾਂ 'ਤੇ ਪ੍ਰਭਾਵੀ ਕਾਰਵਾਈ ਹੋਵੇ ਅਤੇ ਫਰਿਆਦੀ ਨੂੰ ਹੱਲ ਮਿਲੇ।

ਉਨ੍ਹਾਂ ਇਹ ਨਿਰਦੇਸ਼ ਸਕੱਤਰੇਤ ਸਥਿਤ ਆਪਣੇ ਦਫ਼ਤਰ ਵਿੱਚ ਮੈਡੀਕਲ ਸਿੱਖਿਆ ਅਤੇ ਸਿਹਤ ਵਿਭਾਗ ਨਾਲ ਸਬੰਧਤ ਸ਼ਿਕਾਇਤਾਂ ਦੀ ਐਕਸ਼ਨ ਟੇਕਨ ਰਿਪੋਰਟ ਦੀ ਸਮੀਖਿਆ ਦੌਰਾਨ ਦਿੱਤੇ। ਮੀਟਿੰਗ ਵਿੱਚ 1 ਮਾਰਚ 2026 ਤੋਂ ਪ੍ਰਾਪਤ ਕੁੱਲ 259 ਸ਼ਿਕਾਇਤਾਂ ਦੀ ਸਮੀਖਿਆ ਕੀਤੀ ਗਈ, ਜਿਨ੍ਹਾਂ ਵਿੱਚ ਜਨਸੰਵਾਦ ਰਾਹੀਂ ਪ੍ਰਾਪਤ 68 ਅਤੇ ਸੀ.ਐਮ. ਵਿੰਡੋ ਰਾਹੀਂ ਪ੍ਰਾਪਤ 191 ਸ਼ਿਕਾਇਤਾਂ ਸ਼ਾਮਲ ਹਨ। ਇਸ ਦੌਰਾਨ ਸ਼ਿਕਾਇਤਾਂ 'ਤੇ ਕੀਤੀ ਗਈ ਕਾਰਵਾਈ, ਪੈਂਡਿੰਗ ਮਾਮਲਿਆਂ ਦੀ ਸਥਿਤੀ ਅਤੇ ਉਨ੍ਹਾਂ ਦੇ ਹੱਲ ਲਈ ਚੁੱਕੇ ਜਾ ਰਹੇ ਕਦਮਾਂ ਦੀ ਜਾਣਕਾਰੀ ਲਈ ਗਈ।

ਉਨ੍ਹਾਂ ਵਿਭਾਗਾਂ ਦੇ ਨੋਡਲ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੀ.ਐਮ. ਵਿੰਡੋ ਅਤੇ ਜਨਸੰਵਾਦ ਰਾਹੀਂ ਪ੍ਰਾਪਤ ਸ਼ਿਕਾਇਤਾਂ ਦੀ ਰੈਗੂਲਰ ਸਮੀਖਿਆ ਕੀਤੀ ਜਾਵੇ ਅਤੇ ਜਿਨ੍ਹਾਂ ਮਾਮਲਿਆਂ ਵਿੱਚ ਕਾਰਵਾਈ ਕੀਤੀ ਜਾ ਚੁੱਕੀ ਹੈ, ਉਨ੍ਹਾਂ ਦੀ ਐਕਸ਼ਨ ਟੇਕਨ ਰਿਪੋਰਟ ਸਮੇਂ 'ਤੇ ਅਪਡੇਟ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸ਼ਿਕਾਇਤ ਨੂੰ ਸਿਰਫ ਇੱਕ ਦਫ਼ਤਰ ਤੋਂ ਦੂਜੇ ਦਫ਼ਤਰ ਭੇਜਣ ਤੱਕ ਕਾਰਵਾਈ ਸੀਮਤ ਨਾ ਰਹੇ, ਸਗੋਂ ਉਸ ਦੀ ਮੌਜੂਦਾ ਸਥਿਤੀ ਅਤੇ ਹੱਲ ਦੀ ਵੀ ਨਿਗਰਾਨੀ ਕੀਤੀ ਜਾਵੇ।

ਆਗਾਮੀ ਦੋ-ਤਿੰਨ ਮਹੀਨਿਆਂ ਵਿੱਚ ਲਗਭਗ ਸੱਤ ਵਿਭਾਗਾਂ ਦੀਆਂ ਮੀਟਿੰਗਾਂ ਦਾ ਰੋਡਮੈਪ

ਖੱਦਰੀ ਨੇ ਦੱਸਿਆ ਕਿ ਆਗਾਮੀ ਦੋ-ਤਿੰਨ ਮਹੀਨਿਆਂ ਦੌਰਾਨ ਸਾਰੇ ਵਿਭਾਗਾਂ ਨਾਲ ਇਸੇ ਤਰ੍ਹਾਂ ਦੀਆਂ ਲਗਭਗ ਸੱਤ ਮੀਟਿੰਗਾਂ ਦਾ ਰੋਡਮੈਪ ਤਿਆਰ ਕੀਤਾ ਗਿਆ ਹੈ। ਇਨ੍ਹਾਂ ਮੀਟਿੰਗਾਂ ਵਿੱਚ ਸਬੰਧਤ ਵਿਭਾਗਾਂ ਦੇ ਨੋਡਲ ਅਧਿਕਾਰੀਆਂ ਨਾਲ ਸ਼ਿਕਾਇਤਾਂ ਦੀ ਸਥਿਤੀ, ਪੈਂਡਿੰਗ ਮਾਮਲਿਆਂ ਵਿੱਚ ਕੀਤੀ ਗਈ ਕਾਰਵਾਈ ਅਤੇ ਏ.ਟੀ.ਆਰ. ਦੀ ਬਾਰੀਕੀ ਨਾਲ ਸਮੀਖਿਆ ਕੀਤੀ ਜਾਵੇਗੀ, ਤਾਂ ਜੋ ਸ਼ਿਕਾਇਤਾਂ ਦੇ ਨਿਪਟਾਰੇ ਦੀ ਪ੍ਰਕਿਰਿਆ ਨੂੰ ਹੋਰ ਵਧੇਰੇ ਪ੍ਰਭਾਵੀ ਬਣਾਇਆ ਜਾ ਸਕੇ।

ਉਨ੍ਹਾਂ ਕਿਹਾ ਕਿ ਕੋਈ ਵੀ ਸ਼ਿਕਾਇਤ ਪੈਂਡਿੰਗ ਨਹੀਂ ਰਹਿਣੀ ਚਾਹੀਦੀ। ਸ਼ਿਕਾਇਤਾਂ ਦਾ ਹੱਲ ਜਲਦ ਤੋਂ ਜਲਦ ਕੀਤਾ ਜਾਣਾ ਚਾਹੀਦਾ ਹੈ। ਜੇਕਰ ਕਿਸੇ ਮਾਮਲੇ ਵਿੱਚ ਵਿਭਾਗੀ ਪੱਧਰ 'ਤੇ ਹੱਲ ਸੰਭਵ ਨਹੀਂ ਹੈ ਤਾਂ ਉਸ ਨੂੰ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਕੇ ਜ਼ਰੂਰੀ ਕਾਰਵਾਈ ਲਈ ਰੈਫਰ ਕੀਤਾ ਜਾਵੇ ਜਾਂ ਨਿਯਮਾਂ ਅਨੁਸਾਰ ਡਿਸਪੋਜ਼ ਆਫ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜਿਨ੍ਹਾਂ ਮਾਮਲਿਆਂ ਵਿੱਚ ਕਿਸੇ ਉੱਚ ਪੱਧਰੀ ਫੈਸਲੇ ਜਾਂ ਮਾਰਗਦਰਸ਼ਨ ਦੀ ਲੋੜ ਹੈ, ਉਨ੍ਹਾਂ ਨੂੰ ਅਣਚਾਹੇ ਢੰਗ ਨਾਲ ਪੈਂਡਿੰਗ ਰੱਖਣ ਦੀ ਬਜਾਏ ਸਮਾਂ ਰਹਿੰਦੇ ਸਬੰਧਤ ਅਧਿਕਾਰੀ ਦੇ ਧਿਆਨ ਵਿੱਚ ਲਿਆਂਦਾ ਜਾਵੇ।

**ਐਮ.ਪੀ.ਐਚ.ਡਬਲਿਊ. ਕੋਰਸ ਨਾਲ ਸਬੰਧਤ ਸ਼ਿਕਾਇਤਾਂ 'ਤੇ ਵੀ ਚਰਚਾ**

ਮੀਟਿੰਗ ਵਿੱਚ ਬਹੁ-ਉਦੇਸ਼ੀ ਸਿਹਤ ਵਰਕਰ (ਐਮ.ਪੀ.ਐਚ.ਡਬਲਿਊ.) ਦੇ ਕੋਰਸ ਨਾਲ ਸਬੰਧਤ ਸ਼ਿਕਾਇਤਾਂ 'ਤੇ ਵੀ ਚਰਚਾ ਹੋਈ। ਇਸ ਸਬੰਧ ਵਿੱਚ ਖੱਦਰੀ ਨੂੰ ਜਾਣੂ ਕਰਵਾਇਆ ਗਿਆ ਕਿ ਸੂਬੇ ਵਿੱਚ ਐਮ.ਪੀ.ਐਚ.ਡਬਲਿਊ. ਕੋਰਸ ਲਈ 24 ਨਿੱਜੀ ਅਤੇ 2 ਸਰਕਾਰੀ ਸਿੱਖਿਆ ਸੰਸਥਾਵਾਂ ਹਨ। ਸਾਲ 2025 ਵਿੱਚ ਇਸ ਕੋਰਸ ਲਈ ਨਿਰਧਾਰਤ ਵਿਦਿਅਕ ਯੋਗਤਾ ਨੂੰ ਦਸਵੀਂ ਤੋਂ ਵਧਾ ਕੇ 12ਵੀਂ ਕੀਤੀ ਗਈ ਸੀ। ਇਸ ਦੇ ਨਾਲ ਹੀ ਹੋਰ ਨਿਰਧਾਰਤ ਨਿਯਮਾਂ ਅਨੁਸਾਰ ਵਿਦਿਆਰਥੀਆਂ ਨੂੰ ਸਿੱਖਿਆ ਅਤੇ ਸਿਖਲਾਈ ਦਿੱਤੀ ਜਾ ਰਹੀ ਹੈ।

ਮੀਟਿੰਗ ਵਿੱਚ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਅਰਜ਼ੀ ਤੌਰ 'ਤੇ ਹਰਿਆਣਾ ਅਲਾਇਡ ਹੈਲਥ ਕੇਅਰ ਕੌਂਸਲ ਦਾ ਗਠਨ ਕੀਤਾ ਗਿਆ ਹੈ। ਅੱਗੇ ਤੋਂ ਐਮ.ਪੀ.ਐਚ.ਡਬਲਿਊ. ਕੋਰਸ ਦੇ ਮਾਪਦੰਡ ਕੌਂਸਲ ਦੀਆਂ ਗਾਈਡਲਾਈਨਜ਼ ਅਨੁਸਾਰ ਤੈਅ ਕੀਤੇ ਜਾਣਗੇ। ਖੱਦਰੀ ਨੇ ਕਿਹਾ ਕਿ ਲੋਕਾਂ ਦੀ ਮੰਗ ਅਤੇ ਉਮੀਦਾਂ ਨੂੰ ਦੇਖਦੇ ਹੋਏ ਮੁੱਖ ਮੰਤਰੀ ਨੇ ਜਨਸੰਵਾਦ ਅਤੇ ਸੀ.ਐਮ. ਵਿੰਡੋ ਪੋਰਟਲ 'ਤੇ ਪ੍ਰਾਪਤ ਸ਼ਿਕਾਇਤਾਂ ਦੇ ਹੱਲ 'ਤੇ ਵਿਸ਼ੇਸ਼ ਫੋਕਸ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਨੋਡਲ ਅਧਿਕਾਰੀਆਂ ਨੂੰ ਕਿਹਾ ਕਿ ਮੁੱਖ ਮੰਤਰੀ ਦੀ ਇਸ ਪ੍ਰਾਥਮਿਕਤਾ ਅਨੁਸਾਰ ਸ਼ਿਕਾਇਤਾਂ ਦੇ ਨਿਪਟਾਰੇ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਹਰੇਕ ਸ਼ਿਕਾਇਤ ਨੂੰ ਉਸ ਦੇ ਤਰਕਪੂਰਨ ਸਿੱਟੇ ਤੱਕ ਪਹੁੰਚਾਉਣ ਦਾ ਯਤਨ ਕੀਤਾ ਜਾਵੇ।

# ਹਰਿਆਣਾ ਵਿੱਚ ਵਿਭਾਗੀ ਪ੍ਰੀਖਿਆਵਾਂ 16 ਤੋਂ 20 ਨਵੰਬਰ ਤੱਕ

**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਲਈ ਆਉਣ ਵਾਲੀਆਂ ਵਿਭਾਗੀ ਪ੍ਰੀਖਿਆਵਾਂ ਦਾ ਪ੍ਰੋਗਰਾਮ ਜਾਰੀ ਕਰ ਦਿੱਤਾ ਹੈ। ਵਿਭਾਗੀ ਪ੍ਰੀਖਿਆਵਾਂ 16 ਨਵੰਬਰ ਤੋਂ 20 ਨਵੰਬਰ, 2026 ਤੱਕ ਪੰਚਕੂਲਾ ਦੇ ਸੈਕਟਰ-12-ਏ ਸਥਿਤ ਸਾਰਥਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਆਯੋਜਿਤ ਕੀਤੀਆਂ ਜਾਣਗੀਆਂ। ਪ੍ਰੀਖਿਆਵਾਂ ਨਿਰਧਾਰਤ ਦੋ ਸੈਸ਼ਨਾਂ ਵਿੱਚ ਹੋਣਗੀਆਂ। ਸਵੇਰ ਦਾ ਸੈਸ਼ਨ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਅਤੇ ਸ਼ਾਮ ਦਾ ਸੈਸ਼ਨ ਦੁਪਹਿਰ 2 ਵਜੇ ਤੋਂ ਸ਼ਾਮ 5 ਵਜੇ ਤੱਕ ਹੋਵੇਗਾ।
ਇਸ ਸਬੰਧ ਵਿੱਚ ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਵੱਲੋਂ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ।

16 ਨਵੰਬਰ ਨੂੰ ਸਹਾਇਕ ਕਮਿਸ਼ਨਰ, ਵਧੀਕ ਸਹਾਇਕ ਕਮਿਸ਼ਨਰ ਦੇ ਅਹੁਦੇ ਦੇ ਉਮੀਦਵਾਰਾਂ ਅਤੇ ਤਹਿਸੀਲਦਾਰਾਂ ਲਈ ਕ੍ਰਿਮੀਨਲ ਲਾਅ ਪਹਿਲਾ ਪ੍ਰਸ਼ਨ-ਪੱਤਰ ਅਤੇ ਸਿਵਲ ਲਾਅ ਦੀ ਪ੍ਰੀਖਿਆ ਹੋਵੇਗੀ। ਜੰਗਲਾਤ ਵਿਭਾਗ ਲਈ ਜੰਗਲਾਤ ਕਾਨੂੰਨ ਅਤੇ ਭੂ-ਰਾਜਸਵ, ਪਸ਼ੂ ਪਾਲਣ ਅਤੇ ਡੇਅਰੀ ਵਿਭਾਗ ਅਤੇ ਮੱਛੀ ਪਾਲਣ ਵਿਭਾਗ ਲਈ ਲੇਖਾ ਅਤੇ ਵਿਭਾਗੀ ਨਿਯਮ, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀਆਂ ਲਈ ਪ੍ਰਸ਼ਨ ਪੱਤਰ-1 ਵਿਕਾਸ ਅਤੇ ਯੋਜਨਾਬੰਦੀ, ਪੰਚਾਇਤ ਰਾਜ ਵਿਭਾਗ ਦੇ ਇੰਜੀਨੀਅਰਿੰਗ ਗਰੁੱਪ ਦੇ ਐਸਡੀਓ ਲਈ ਐਸਟੀਮੇਸ਼ਨ ਅਤੇ ਲਾਗਤ ਨਿਰਧਾਰਨ (ਬਿਜਲੀ)-1, ਲੋਕ ਨਿਰਮਾਣ ਵਿਭਾਗ ਦੀਆਂ ਵਿਸ਼ੇਸ਼ਤਾਵਾਂ-1 ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਲਈ ਲੇਖਾ ਅਤੇ ਵਿਭਾਗੀ ਨਿਯਮਾਂ ਨਾਲ ਸਬੰਧਤ ਪ੍ਰੀਖਿਆ ਵੀ ਇਸੇ ਦਿਨ ਹੋਵੇਗੀ।

17 ਨਵੰਬਰ ਨੂੰ ਸਹਾਇਕ ਕਮਿਸ਼ਨਰ, ਵਧੀਕ ਸਹਾਇਕ ਕਮਿਸ਼ਨਰ ਦੇ ਅਹੁਦੇ ਦੇ ਉਮੀਦਵਾਰਾਂ ਅਤੇ ਤਹਿਸੀਲਦਾਰਾਂ ਲਈ ਕ੍ਰਿਮੀਨਲ ਲਾਅ ਦੂਜਾ ਪ੍ਰਸ਼ਨ-ਪੱਤਰ ਅਤੇ ਵਿੱਤੀ ਨਿਯਮਾਂ ਦੀ ਪ੍ਰੀਖਿਆ ਹੋਵੇਗੀ। ਜੰਗਲਾਤ ਵਿਭਾਗ ਲਈ ਪ੍ਰਕਿਰਿਆ ਅਤੇ ਲੇਖਾ ਅਤੇ ਹਿੰਦੀ, ਸਹਿਕਾਰਤਾ ਵਿਭਾਗ ਲਈ ਲੇਖਾ, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀਆਂ ਲਈ ਵਿਕਾਸ ਯੋਜਨਾ ਪ੍ਰਸ਼ਨ ਪੱਤਰ-2, ਪੰਚਾਇਤ ਰਾਜ ਵਿਭਾਗ ਦੇ ਇੰਜੀਨੀਅਰਿੰਗ ਗਰੁੱਪ ਦੇ ਐਸਡੀਓ ਲਈ ਪਾਵਰ ਟਰਾਂਸਮਿਸ਼ਨ ਅਤੇ ਡਿਸਟ੍ਰੀਬਿਊਸ਼ਨ-2 ਪ੍ਰੀਖਿਆ ਅਤੇ ਡਿਜ਼ਾਈਨ-2 ਦੀ ਪ੍ਰੀਖਿਆ ਵੀ ਇਸੇ ਦਿਨ ਹੋਵੇਗੀ।

18 ਨਵੰਬਰ ਨੂੰ ਸਹਾਇਕ ਕਮਿਸ਼ਨਰਾਂ ਅਤੇ ਈਏਸੀ ਅਹੁਦੇ ਦੇ ਉਮੀਦਵਾਰਾਂ ਲਈ ਅਤੇ ਤਹਿਸੀਲਦਾਰਾਂ ਲਈ ਕ੍ਰਿਮੀਨਲ ਲਾਅ ਤੀਜਾ ਪ੍ਰਸ਼ਨ-ਪੱਤਰ, ਜਿਸ ਵਿੱਚ ਜੇਲ੍ਹ ਨਾਲ ਸਬੰਧਤ ਪ੍ਰਬੰਧ ਵੀ ਸ਼ਾਮਲ ਹਨ, ਅਤੇ ਮਾਲੀਆ ਕਾਨੂੰਨ ਪਹਿਲਾ ਪ੍ਰਸ਼ਨ-ਪੱਤਰ ਹੋਵੇਗਾ। ਜੇਲ੍ਹ ਵਿਭਾਗ ਲਈ ਪੰਜਾਬ ਜੇਲ੍ਹ ਮੈਨੂਅਲ ਅਤੇ ਸਬੰਧਤ ਵਿਸ਼ਿਆਂ ਦੀ ਪ੍ਰੀਖਿਆ, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀਆਂ ਲਈ ਬਜਟ ਅਤੇ ਲੇਖਾ ਪ੍ਰਸ਼ਨ ਪੱਤਰ-3, ਪੰਚਾਇਤ ਰਾਜ ਵਿਭਾਗ ਦੇ ਇੰਜੀਨੀਅਰਿੰਗ ਗਰੁੱਪ ਦੇ ਐਸਡੀਓ ਲਈ ਮੈਨੂਅਲ ਆਫ਼ ਆਰਡਰਜ਼, ਲੇਖਾ ਅਤੇ ਦਫ਼ਤਰ ਪ੍ਰਕਿਰਿਆ ਦੀ ਪ੍ਰੀਖਿਆ (ਬਿਜਲੀ) ਅਤੇ ਚੋਣ ਵਿਭਾਗ ਦੇ ਸਹਾਇਕ ਅਤੇ ਚੋਣ ਕਾਨੂੰਨਗੋ ਲਈ ਇਲੈਕਸ਼ਨ ਲਾਅ-1 ਦੀ ਪ੍ਰੀਖਿਆ ਹੋਵੇਗੀ।

19 ਨਵੰਬਰ ਨੂੰ ਸਹਾਇਕ ਕਮਿਸ਼ਨਰ, ਵਧੀਕ ਸਹਾਇਕ ਕਮਿਸ਼ਨਰ ਦੇ ਅਹੁਦੇ ਦੇ ਉਮੀਦਵਾਰਾਂ ਅਤੇ ਤਹਿਸੀਲਦਾਰਾਂ ਲਈ ਸਥਾਨਕ ਫੰਡ ਅਤੇ ਮਾਲੀਆ ਵਿਧੀ ਦੂਜਾ ਪ੍ਰਸ਼ਨ-ਪੱਤਰ ਦੀ ਪ੍ਰੀਖਿਆ ਹੋਵੇਗੀ। ਜੇਲ੍ਹ ਵਿਭਾਗ ਲਈ ਕ੍ਰਿਮੀਨਲ ਲਾਅ ਪ੍ਰਸ਼ਨ ਪੱਤਰ-3 ਅਤੇ ਵਿੱਤੀ ਨਿਯਮ ਪ੍ਰਸ਼ਨ ਪੱਤਰ-4, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀਆਂ ਲਈ ਪ੍ਰਸ਼ਨ ਪੱਤਰ-4 (ਸਬੰਧਤ ਐਕਟ), ਪੰਚਾਇਤ ਰਾਜ ਵਿਭਾਗ ਦੇ ਇੰਜੀਨੀਅਰਿੰਗ ਗਰੁੱਪ ਦੇ ਐਸਡੀਓ ਲਈ ਬਿਜਲੀ ਐਕਟ ਅਤੇ ਸਬੰਧਤ ਤਕਨੀਕੀ ਵਿਸ਼ਿਆਂ ਦੀ ਪ੍ਰੀਖਿਆ ਹੋਵੇਗੀ। ਚੋਣ ਵਿਭਾਗ ਦੇ ਸਹਾਇਕ ਅਤੇ ਚੋਣ ਕਾਨੂੰਨਗੋ ਲਈ ਪ੍ਰਸ਼ਾਸਕੀ/ਲੇਖਾ ਨਿਯਮਾਂ ਅਤੇ ਕਲਰਕ, ਜੂਨੀਅਰ ਸਕੇਲ ਸਟੈਨੋ ਗ੍ਰਾਫਰ ਅਤੇ ਮੁਹਰਿਰ ਲਈ ਚੋਣ ਕਾਨੂੰਨ ਦੀ ਪ੍ਰੀਖਿਆ ਵੀ ਇਸੇ ਦਿਨ ਹੋਵੇਗੀ।

20 ਨਵੰਬਰ ਨੂੰ ਸਹਾਇਕ ਕਮਿਸ਼ਨਰ, ਵਧੀਕ ਸਹਾਇਕ ਕਮਿਸ਼ਨਰ ਅਤੇ 513 ਅਹੁਦੇ ਦੇ ਉਮੀਦਵਾਰਾਂ ਲਈ ਹਿੰਦੀ ਅਤੇ ਤਹਿਸੀਲਦਾਰਾਂ ਲਈ ਪਟਵਾਰੀ, ਖੇਤਰਮਿਤੀ ਅਤੇ ਉਰਦੂ ਦੀ ਪ੍ਰੀਖਿਆ ਹੋਵੇਗੀ। ਖੇਤੀਬਾੜੀ ਅਤੇ ਬਾਗਬਾਨੀ ਵਿਭਾਗ ਲਈ ਲੇਖਾ, ਜੇਲ੍ਹ ਵਿਭਾਗ ਲਈ ਹਿੰਦੀ ਭਾਸ਼ਾ ਅਤੇ ਪੰਚਾਇਤ ਰਾਜ ਵਿਭਾਗ ਦੇ ਇੰਜੀਨੀਅਰਿੰਗ ਗਰੁੱਪ ਦੇ ਐਸਡੀਓ ਲਈ ਐਚਪੀਡਬਲਿਊਡੀ ਸਪੈਸੀਫਿਕੇਸ਼ਨ ਅਤੇ ਐਸਟੀਮੇਸ਼ਨ ਦੀ ਪ੍ਰੀਖਿਆ ਵੀ ਇਸੇ ਦਿਨ ਹੋਵੇਗੀ।

# ਹਰਿਆਣਾ ਵਿੱਚ ਮੌਤ ਦੇ ਕਾਰਨਾਂ ਨਾਲ ਜੁੜੀ ਜਾਣਕਾਰੀ ਦੀ ਉਪਲਬਧਤਾ ਅਤੇ ਗੁਣਵੱਤਾ ਨੂੰ ਮਜ਼ਬੂਤ ਕਰਨ ਲਈ ਰੋਹਤਕ ਵਿੱਚ ਵਰਬਲ ਆਟੋਪਸੀ ਪ੍ਰੋਜੈਕਟ ਦਾ ਕੀਤਾ ਜਾਵੇਗਾ ਪਾਇਲਟ ਟੈਸਟ

**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿੱਚ ਮੌਤ ਦੇ ਕਾਰਨਾਂ ਨਾਲ ਜੁੜੀ ਜਾਣਕਾਰੀ ਦੀ ਉਪਲਬਧਤਾ ਅਤੇ ਗੁਣਵੱਤਾ ਨੂੰ ਮਜ਼ਬੂਤ ਕਰਨ ਲਈ, ਰੋਹਤਕ ਜ਼ਿਲ੍ਹੇ ਵਿੱਚ ਆਈ.ਸੀ.ਐਮ.ਆਰ.-ਫੰਡਿਡ ਵਰਬਲ ਆਟੋਪਸੀ ਪ੍ਰੋਜੈਕਟ ਦਾ ਪਾਇਲਟ ਟੈਸਟ ਕੀਤਾ ਜਾਵੇਗਾ। ਹਰਿਆਣਾ ਸਿਹਤ ਵਿਭਾਗ ਦੇ ਸਹਿਯੋਗ ਨਾਲ ਏਮਜ਼ (199$♥), ਨਵੀਂ ਦਿੱਲੀ ਦੀ ਅਗਵਾਈ ਵਿਚ ਸ਼ੁਰੂ ਕੀਤੀ ਗਈ ਇਸ ਪਹਿਲਕਦਮੀ ਤਹਿਤ ਰੋਹਤਕ ਨੂੰ ਪਾਇਲਟ ਜ਼ਿਲ੍ਹੇ ਵਜੋਂ ਚੁਣਿਆ ਗਿਆ ਹੈ। ਇਸ ਪ੍ਰੋਜੈਕਟ ਦਾ ਉਦੇਸ਼ ਸਿਹਤ ਯੋਜਨਾਬੰਦੀ ਅਤੇ ਜਨਤਕ ਸਿਹਤ ਫੈਸਲਿਆਂ ਦਾ ਸਮਰਥਨ ਕਰਨ ਲਈ ਮੌਤ ਦੇ ਕਾਰਨਾਂ ਬਾਰੇ ਵਧੇਰੇ ਵਿਵਸਥਿਤ ਜਾਣਕਾਰੀ ਇਕੱਠੀ ਕਰਨਾ ਹੈ।

ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ, ਡਾ. ਸੁਮਿਤਾ ਮਿਸ਼ਰਾ ਨੇ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਲਾਗੂ ਕਰਨ ਦੀ ਮਿਆਦ ਦੌਰਾਨ ਲਗਭਗ 5,000 ਮੌਤਾਂ ਨੂੰ ਸ਼ਾਮਲ ਕੀਤਾ ਜਾਵੇਗਾ। ਇਸ ਪਹਿਲ ਤਹਿਤ ਸਿਹਤ ਪ੍ਰਣਾਲੀ ਦੇ ਨਾਮਜ਼ਦ ਕਰਮਚਾਰੀ ਯੋਗ ਮੌਤਾਂ ਦੀ ਪਛਾਣ ਕਰਨਗੇ ਅਤੇ ਇੱਕ ਨਿਰਧਾਰਤ ਮੋਬਾਈਲ-ਅਧਾਰਿਤ ਐਪਲੀਕੇਸ਼ਨ ਰਾਹੀਂ ਵਰਬਲ ਆਟੋਪਸੀ (ਮੌਖਿਕ) ਇੰਟਰਵਿਊ ਆਯੋਜਿਤ ਕਰਨਗੇ। ਇੰਟਰਵਿਊ ਦੌਰਾਨ ਇਕੱਠੀ ਕੀਤੀ ਗਈ ਜਾਣਕਾਰੀ ਦੀ ਸਮੀਖਿਆ ਬਾਅਦ ਵਿੱਚ ਇੱਕ ਮੈਡੀਕਲ ਅਧਿਕਾਰੀ ਵੱਲੋਂ ਕੀਤੀ ਜਾਵੇਗੀ, ਜੋ ਨਿਰਧਾਰਤ ਪ੍ਰਕਿਰਿਆ ਦੇ ਅਨੁਸਾਰ ਮੌਤ ਦਾ ਕਾਰਨ ਤੈਅ ਕਰਨਗੇ।

ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਮੌਤਾਂ ਦੀਆਂ ਸਥਿਤੀਆਂ ਅਤੇ ਉਨ੍ਹਾਂ ਦੇ ਸੰਭਾਵੀ ਕਾਰਨਾਂ ਬਾਰੇ ਜਾਣਕਾਰੀ ਪ੍ਰਦਾਨ ਕਰਕੇ ਲਗਾਤਾਰ ਮੌਤ ਰਿਪੋਰਟਿੰਗ ਨੂੰ ਵਧੇਰੇ ਪ੍ਰਭਾਵਸ਼ਾਲੀ ਬਣਾਉਣਾ ਹੈ। ਮੌਤ ਦੇ ਕਾਰਨਾਂ ਨਾਲ ਜੁੜਿਆ ਵਧੇਰੇ ਸਹੀ ਡਾਟਾ ਸਿਹਤ ਅਧਿਕਾਰੀਆਂ ਨੂੰ ਜ਼ਿਲ੍ਹਾ ਪੱਧਰ 'ਤੇ ਮੌਤ ਦਰ ਦੇ ਪੈਟਰਨ ਨੂੰ ਸਮਝਣ ਵਿੱਚ ਮਦਦ ਕਰੇਗਾ ਅਤੇ ਸਬੂਤ-ਅਧਾਰਿਤ ਯੋਜਨਾਬੰਦੀ ਅਤੇ ਜਨਤਕ ਸਿਹਤ ਦਖਲਅੰਦਾਜ਼ੀ ਨੂੰ ਪਹਿਲ ਦੇਣ ਨੂੰ ਆਸਾਨ ਬਣਾਏਗਾ।

ਉਨ੍ਹਾਂ ਕਿਹਾ ਕਿ ਲਾਗੂ ਕਰਨ ਦੀ ਮਿਆਦ ਲਗਭਗ 8 ਮਹੀਨੇ ਤੈਅ ਕੀਤੀ ਗਈ ਹੈ ਅਤੇ ਇਸ ਨੂੰ ਰੋਹਤਕ ਜ਼ਿਲ੍ਹਾ ਸਿਹਤ ਪ੍ਰਸ਼ਾਸਨ ਦੇ ਤਾਲਮੇਲ ਨਾਲ ਮੌਜੂਦਾ ਸਿਹਤ ਪ੍ਰਣਾਲੀ ਰਾਹੀਂ ਚਲਾਇਆ ਜਾਵੇਗਾ। ਇਸ ਅਭਿਆਸ ਵਿੱਚ ਕਮਿਊਨਿਟੀ ਹੈਲਥ ਆਫ਼ੀਸਰ (38®) ਅਤੇ ਮੈਡੀਕਲ ਆਫ਼ੀਸਰ ਸ਼ਾਮਲ ਹੋਣਗੇ।

ਪ੍ਰੋਜੈਕਟ ਦੇ ਉਪਬੰਧਾਂ ਅਨੁਸਾਰ, ਹਰੇਕ ਪੂਰੀ ਵਰਬਲ ਆਟੋਪਸੀ ਲਈ ਕਮਿਊਨਿਟੀ ਹੈਲਥ ਆਫ਼ੀਸਰ ਨੂੰ 100 ਰੁਪਏ ਅਤੇ ਜਾਣਕਾਰੀ ਦੀ ਸਮੀਖਿਆ ਕਰਕੇ ਮੌਤ ਦਾ ਕਾਰਨ ਤੈਅ ਕਰਨ ਲਈ ਮੈਡੀਕਲ ਆਫ਼ੀਸਰ ਨੂੰ 100 ਰੁਪਏ ਦਾ ਮਾਣਕ ਭੱਤਾ ਨਿਰਧਾਰਤ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਇੱਕ ਡਿਜੀਟਲ ਵਰਕਫ਼ਲੋ ਦੀ ਪਾਲਣਾ ਕੀਤੀ ਜਾਵੇਗੀ, ਜਿਸ ਵਿੱਚ ਵਰਬਲ ਆਟੋਪਸੀ ਇੰਟਰਵਿਊ ਨਿਰਧਾਰਤ ਮੋਬਾਈਲ ਐਪਲੀਕੇਸ਼ਨ ਰਾਹੀਂ ਆਯੋਜਿਤ ਕੀਤੇ ਜਾਣਗੇ। ਇਸ ਅਭਿਆਸ ਵਿੱਚ ਸ਼ਾਮਲ ਕਰਮਚਾਰੀਆਂ ਨੂੰ ਕਾਰਜਪ੍ਰ???? ਅਤੇ ਡਿਜੀਟਲ ਪ੍ਰਕਿਰਿਆ ਬਾਰੇ ਸਿਖਲਾਈ ਪ੍ਰਦਾਨ ਕੀਤੀ ਜਾਵੇਗੀ। ਇਹ ਪਹਿਲ ਮੌਤ ਦੇ ਕਾਰਨਾਂ ਦੀ ਜਾਣਕਾਰੀ ਨੂੰ ਦਸਤਾਵੇਜ਼ੀ ਰੂਪ ਦੇਣ ਅਤੇ ਰਿਪੋਰਟ ਕਰਨ ਵਿੱਚ ਸਿਹਤ ਕਰਮਚਾਰੀਆਂ ਦੀ ਸਮਰੱਥਾ ਨੂੰ ਮਜ਼ਬੂਤ ਕਰਨ ਦਾ ਵੀ ਯਤਨ ਕਰਦੀ ਹੈ।ਏਮਜ਼, ਨਵੀਂ ਦਿੱਲੀ ਨੇ ਰੋਹਤਕ ਵਿੱਚ ਮੌਜੂਦਾ ਸਿਹਤ ਬੁਨਿਆਦੀ ਢਾਂਚੇ ਰਾਹੀਂ ਪ੍ਰੋਜੈਕਟ ਨੂੰ ਲਾਗੂ ਕਰਨ ਲਈ ਹਰਿਆਣਾ ਸਿਹਤ ਵਿਭਾਗ ਤੋਂ ਸਹਿਯੋਗ ਮੰਗਿਆ ਹੈ। ਇਸ ਪਾਇਲਟ ਟੈਸਟ ਤੋਂ ਜ਼ਿਲ੍ਹਾ ਪੱਧਰ 'ਤੇ ਮੌਤ ਦੇ ਕਾਰਨਾਂ ਦੀ ਜਾਣਕਾਰੀ ਦੇ ਸੰਗ੍ਰਹਿ ਅਤੇ ਦਸਤਾਵੇਜ਼ੀਕਰਨ ਲਈ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਦਾ ਤਜਰਬਾ ਮਿਲਣ ਦੀ ਉਮੀਦ ਹੈ।

# 'ਨਮੋ ਸੇਵਾ ਅਣਕਹੀ ਕਹਾਣੀਆਂ' ਤਹਿਤ ਨੁੱਕੜ ਨਾਟਕ ਰਾਹੀਂ ਜਨ-ਸੇਵਾ ਅਤੇ ਰਾਸ਼ਟਰ ਨਿਰਮਾਣ ਦਾ ਦਿੱਤਾ ਸੰਦੇਸ਼

**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਮੋ ਸੇਵਾ ਅਣਕਹੀ ਕਹਾਣੀਆਂ' ਮੁਹਿੰਮ ਤਹਿਤ ਮੰਗਲਵਾਰ ਨੂੰ ਸਰਕਾਰੀ ਹਾਈ ਸਕੂਲ ਨੂਰਵਾਲਾ, ਪਾਣੀਪਤ ਵਿੱਚ ਨੁੱਕੜ ਨਾਟਕ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਵਿੱਚ ਹਰਿਆਣਾ ਦੇ ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਨੁੱਕੜ ਨਾਟਕ ਰਾਹੀਂ ਸਮਾਜਿਕ ਸਰੋਕਾਰ, ਜਨ-ਸੇਵਾ, ਰਾਸ਼ਟਰ ਹਿੱਤ ਅਤੇ ਸਮਾਜ ਦੇ ਆਖਰੀ ਵਿਅਕਤੀ ਤੱਕ ਵਿਕਾਸ ਦਾ ਲਾਭ ਪਹੁੰਚਾਉਣ ਦਾ ਪ੍ਰਭਾਵਸ਼ਾਲੀ ਸੰਦੇਸ਼ ਦਿੱਤਾ ਗਿਆ।

ਸਿੱਖਿਆ ਮੰਤਰੀ ਨੇ ਪ੍ਰੋਗਰਾਮ ਦੌਰਾਨ ਕਲਾਕਾਰਾਂ ਵੱਲੋਂ ਪੇਸ਼ ਕੀਤੇ ਗਏ ਨੁੱਕੜ ਨਾਟਕ ਦਾ ਜਾਇਜ਼ਾ ਲਿਆ ਅਤੇ ਉਨ੍ਹਾਂ ਦੀ ਪੇਸ਼ਕਾਰੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਨੁੱਕੜ ਨਾਟਕ ਵਰਗੇ ਸ਼ਕਤਿਸ਼ਾਲੀ ਮਾਧਿਅਮ ਸਮਾਜ ਵਿੱਚ ਸਿੱਧੀ ਗੱਲਬਾਤ ਕਾਇਮ ਕਰਦੇ ਹਨ ਅਤੇ ਗੁੰਝਲਦਾਰ ਵਿਸ਼ਿਆਂ ਨੂੰ ਵੀ ਸਰਲ ਅਤੇ ਪ੍ਰਭਾਵਸ਼ਾਲੀ ਤਰੀਕੇ ਨਾਲ ਆਮ ਲੋਕਾਂ ਤੱਕ ਪਹੁੰਚਾਉਣ



ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਸਿੱਖਿਆ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿੱਚ ਸੇਵਾ, ਸੁਸ਼ਾਸਨ ਅਤੇ ਜਨ-ਕਲਿਆਣ ਨੂੰ ਕੇਂਦਰ ਵਿੱਚ ਰੱਖ ਕੇ ਕਈ ਜਨ-ਹਿਤਕਾਰੀ ਕੰਮ ਕੀਤੇ ਜਾ ਰਹੇ ਹਨ। 'ਨਮੋ ਸੇਵਾ ਅਣਕਹੀ ਕਹਾਣੀਆਂ' ਰਾਹੀਂ ਅਜਿਹੇ ਕੰਮਾਂ ਅਤੇ ਉਨ੍ਹਾਂ ਨਾਲ ਜੁੜੇ ਸਕਾਰਾਤਮਕ ਬਦਲਾਵਾਂ ਨੂੰ ਰਚਨਾਤਮਕ ਮਾਧਿਅਮ ਰਾਹੀਂ ਆਮ ਲੋਕਾਂ ਤੱਕ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ।

ਸਿੱਖਿਆ ਮੰਤਰੀ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਰਾਸ਼ਟਰ ਨਿਰਮਾਣ ਦੀ ਪ੍ਰਕਿਰਿਆ ਨਾਲ ਜੋੜਨਾ ਸਮੇਂ ਦੀ ਲੋੜ ਹੈ। ਕਲਾ, ਸੱਭਿਆਚਾਰ ਅਤੇ ਨੁੱਕੜ ਨਾਟਕ ਵਰਗੇ ਮਾਧਿਅਮ ਵਿਦਿਆਰਥੀਆਂ ਅਤੇ ਆਮ ਲੋਕਾਂ ਵਿੱਚ ਸਮਾਜਿਕ ਜਾਗਰੂਕਤਾ ਪੈਦਾ ਕਰਨ ਦੇ ਨਾਲ-ਨਾਲ ਜ਼ਿੰਮੇਵਾਰ ਨਾਗਰਿਕ ਬਣਨ ਦੀ ਪ੍ਰੇਰਨਾ ਵੀ ਦਿੰਦੇ ਹਨ। ਪ੍ਰੋਗਰਾਮ ਵਿੱਚ ਪੇਸ਼ ਕੀਤੇ ਗਏ ਨੁੱਕੜ ਨਾਟਕ ਨੇ ਦਰਸ਼ਕਾਂ ਨੂੰ ਆਪਣੀ ਪ੍ਰਭਾਵਸ਼ਾਲੀ ਪੇਸ਼ਕਾਰੀ ਨਾਲ ਬੰਨ੍ਹ ਕੇ ਰੱਖਿਆ।

ਇਸ ਦੌਰਾਨ ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਸਕੂਲੀ ਵਿਦਿਆਰਥੀਆਂ ਵੱਲੋਂ ਲਗਾਈ ਗਈ ਪ੍ਰਦਰਸ਼ਨੀ ਦਾ ਜਾਇਜ਼ਾ ਵੀ ਲਿਆ ਅਤੇ ਖੁੱਲ੍ਹੇ ਮਨ ਨਾਲ ਸਾਰੇ ਬੱਚਿਆਂ ਦੀ ਪ੍ਰਸ਼ੰਸਾ ਕੀਤੀ।

ਇਸ ਮੌਕੇ ਐਸ.ਡੀ.ਐਮ. ਮਨਦੀਪ ਕੁਮਾਰ, ਸਾਬਕਾ ਮੇਅਰ ਅਵਨੀਤ ਕੌਰ, ਸਾਬਕਾ ਜ਼ਿਲ੍ਹਾ ਸਿੱਖਿਆ ਅਧਿਕਾਰੀ ਰਾਕੇਸ਼ ਬੂਰਾ ਅਤੇ ਖੇਤਰ ਦੇ ਪਤਵੰਤੇ ਸੱਜਣ ਹਜ਼ਾਰ ਸਨ।

# ਹਰਿਆਣਾ ਦੀਆਂ ਸੜਕਾਂ ਦੀ ਬਦਲੇਗੀ ਤਸਵੀਰ, ਭਵਿੱਖ ਦੀ ਲੋੜ ਦੇ ਹਿਸਾਬ ਨਾਲ ਬਣੇਗੀ ਯੋਜਨਾ

**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਤੇਜ਼ੀ ਨਾਲ ਵਧਦੇ ਵਿਕਾਸ ਦੇ ਨਾਲ ਸੂਬੇ ਦੇ ਸੜਕ ਤੰਤਰ ਨੂੰ ਵੀ ਨਵੀਂ ਦਿਸ਼ਾ ਦੇਣ ਦੀ ਤਿਆਰੀ ਹੈ। ਵਧਦੇ ਆਵਾਜਾਈ ਦੇ ਬੋਝ, ਉਦਯੋਗਿਕ ਵਿਸਤਾਰ ਅਤੇ ਬਿਹਤਰ ਕਨੈਕਟੀਵਿਟੀ ਦੀ ਲੋੜ ਨੂੰ ਦੇਖਦੇ ਹੋਏ ਆਉਣ ਵਾਲੇ ਸਾਲਾਂ ਲਈ ਸੜਕਾਂ ਦੀ ਸਮਰੱਥਾ ਵਧਾਉਣ ਅਤੇ ਆਵਾਜਾਈ ਨੂੰ ਹੋਰ ਸੁਖਾਲਾ ਬਣਾਉਣ 'ਤੇ ਜ਼ੋਰ ਦਿੱਤਾ ਜਾ ਰਹਾ ਹੈ। ਗੁਜਰਾਤ ਦੇ ਨਰਮਦਾ ਜ਼ਿਲ੍ਹੇ ਦੇ ਏਕਤਾ ਨਗਰ ਵਿੱਚ ਆਯੋਜਿਤ ਦੋ ਰੋਜ਼ਾ ਰਾਸ਼ਟਰੀ ਚਿੰਤਨ ਸ਼ਿਵਿਰ ਦੇ ਆਖਰੀ ਦਿਨ ਲੋਕ ਨਿਰਮਾਣ ਅਤੇ ਜਨ ਸਿਹਤ ਇੰਜੀਨੀਅਰਿੰਗ ਮੰਤਰੀ ਰਣਬੀਰ ਗੰਗਵਾ ਨੇ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਕੇ ਹਰਿਆਣਾ ਦੀਆਂ ਭਵਿੱਖ ਦੀਆਂ ਸੜਕ ਯੋਜਨਾਵਾਂ ਨੂੰ ਲੈ ਕੇ ਚਰਚਾ ਕੀਤੀ।ਇਸ ਦੌਰਾਨ ਸੂਬੇ ਵਿੱਚ ਮਾਰਗਾਂ ਦੇ ਲੇਨ ਵਿਸਤਾਰ, ਮੁੱਖ ਸੜਕਾਂ ਦੀ ਸਮਰੱਥਾ ਵਧਾਉਣ, ਬਿਹਤਰ ਸੰਪਰਕ ਵਿਵਸਥਾ ਅਤੇ ਸੜਕ ਸੁਰੱਖਿਆ ਦੇ ਅਧੁਨਿਕ ਮਾਪਦੰਡਾਂ ਨੂੰ ਲੈ ਕੇ ਵਿਚਾਰ-ਵਟਾਂਦਰਾ ਹੋਇਆ। ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਕਿਹਾ ਕਿ ਹਰਿਆਣਾ ਦੀਆਂ ਸੜਕਾਂ ਹੁਣ ਮੌਜੂਦਾ ਲੋੜਾਂ ਦੇ ਨਾਲ-ਨਾਲ ਆਉਣ ਵਾਲੇ ਸਮੇਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀਆਂ ਜਾਣਗੀਆਂ।

ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਦੱਸਿਆ ਕਿ ਪ੍ਰਦੇਸ਼ ਵਿੱਚ ਜਿੱਥੇ ਟ੍ਰੈਫਿਕ ਦਾ ਦਬਾਅ ਲਗਾਤਾਰ ਵਧ ਰਿਹਾ ਹੈ ਜਾਂ ਆਉਣ ਵਾਲੇ ਸਮੇਂ ਵਿੱਚ ਵਧਣ ਦੀ ਸੰਭਾਵਨਾ ਹੈ, ਅਜਿਹੇ ਮੁੱਖ ਮਾਰਗਾਂ ਦੀ ਪਛਾਣ ਕਰਕੇ ਉਨ੍ਹਾਂ



ਦੀ ਸਮਰੱਥਾ ਵਧਾਉਣ ਦੀ ਦਿਸ਼ਾ ਵਿੱਚ ਯੋਜਨਾ ਤਿਆਰ ਕੀਤੀ ਜਾਵੇਗੀ। ਲੋਕ ਨਿਰਮਾਣ ਵਿਭਾਗ ਇਨ੍ਹਾਂ ਮਾਰਗਾਂ ਦਾ ਅਧਿਐਨ ਕਰਕੇ ਲੋੜ ਅਨੁਸਾਰ ਲੇਨਾਂ ਵਧਾਉਣ ਲਈ ਸੜਕ ਪ੍ਰੋਜੈਕਟਾਂ ਦੇ ਪ੍ਰਸਤਾਵ ਤਿਆਰ ਕਰੇਗਾ। ਉਨ੍ਹਾਂ ਕਿਹਾ ਕਿ ਸੜਕ ਦਾ ਵਿਸਤਾਰ ਕੇਵਲ ਚੌੜਾਈ ਵਧਾਉਣ ਤੱਕ ਸੀਮਤ ਨਹੀਂ ਹੋਣਾ ਚਾਹੀਦਾ। ਲੋਕਾਂ ਦਾ ਸਫਰ ਆਸਾਨ ਹੋਵੇ, ਸਮੇਂ ਦੀ ਬਚਤ ਹੋਵੇ ਅਤੇ ਆਵਾਜਾਈ ਸੁਰੱਖਿਅਤ ਤੇ ਸੁਵਿਧਾਜਨਕ ਬਣੇ, ਇਸੇ ਸੋਚ ਦੇ ਨਾਲ ਸੜਕ ਯੋਜਨਾਵਾਂ ਨੂੰ ਅੱਗੇ ਵਧਾਇਆ ਜਾਵੇਗਾ।ਚਰਚਾ ਵਿੱਚ ਰਾਸ਼ਟਰੀ ਰਾਜਮਾਰਗਾਂ 'ਤੇ ਅਪਣਾਏ ਜਾ ਰਹੇ ਸੜਕ ਸੁਰੱਖਿਆ ਮਾਪਦੰਡਾਂ ਅਤੇ ਸੜਕ ਸੁਰੱਖਿਆ ਪ੍ਰੀਖਣ ਦੀ ਵਿਵਸਥਾ ਦਾ ਵੀ ਜ਼ਿਕਰ ਹੋਇਆ। ਸੜਕ ਦੀ ਬਣਤਰ, ਚੌਰਾਹਿਆਂ, ਸੰਕੇਤਕ ਵਿਵਸਥਾ, ਪੈਦਲ ਯਾਤਰੀਆਂ ਦੀ ਸੁਵਿਧਾ ਅਤੇ ਆਵਾਜਾਈ ਦੇ ਸੁਚਾਰੂ ਸੰਚਾਲਨ ਵਰਗੇ ਪਹਿਲੂਆਂ ਨੂੰ ਸੜਕ ਪ੍ਰੋਜੈਕਟਾਂ ਦੀ ਯੋਜਨਾ ਵਿੱਚ ਪਹਿਲਾਂ ਤੋਂ ਹੀ ਸ਼ਾਮਲ ਕਰਨ 'ਤੇ ਜ਼ੋਰ ਦਿੱਤਾ ਗਿਆ। ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਕਿਹਾ ਕਿ ਸੜਕ ਦੀ ਰਫ਼ਤਾਰ ਦੇ ਨਾਲ ਉਸ ਦੀ ਸੁਰੱਖਿਆ ਅਤੇ ਸੁਵਿਧਾ ਵੀ ਉੱਨੀ ਹੀ ਜ਼ਰੂਰੀ ਹੈ। ਪ੍ਰਦੇਸ਼ ਵਿੱਚ ਵੱਡੇ ਸੜਕ ਪ੍ਰੋਜੈਕਟਾਂ ਦੀ ਯੋਜਨਾ ਬਣਾਉਂਦੇ ਸਮੇਂ ਇਨ੍ਹਾਂ ਸਾਰੇ ਪਹਿਲੂਆਂ ਨੂੰ ਨਾਲ ਲੈ ਕੇ ਅੱਗੇ ਵਧਿਆ ਜਾਵੇਗਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਹਰਿਆਣਾ ਵਿੱਚ ਉਦਯੋਗ, ਵਪਾਰ ਅਤੇ ਸ਼ਹਿਰਾਂ ਦਾ ਵਿਸਤਾਰ ਤੇਜ਼ੀ ਨਾਲ ਹੋ ਰਿਹਾ ਹੈ। ਅਜਿਹੇ ਵਿੱਚ ਮਜ਼ਬੂਤ ਸੜਕ ਸੰਪਰਕ ਪ੍ਰਦੇਸ਼ ਦੀ ਵਿਕਾਸ ਯਾਤਰਾ ਨੂੰ ਹੋਰ ਗਤੀ ਦੇਣ ਵਿੱਚ ਅਹਿਮ ਭੂਮਿਕਾ ਨਿਭਾਏਗਾ। ਬਿਹਤਰ ਸੜਕਾਂ ਪਿੰਡਾਂ, ਕਸਬਿਆਂ, ਸ਼ਹਿਰਾਂ ਅਤੇ ਉਦਯੋਗਿਕ ਖੇਤਰਾਂ ਵਿਚਕਾਰ ਆਵਾਜਾਈ ਨੂੰ ਆਸਾਨ ਬਣਾਉਣ ਦੇ ਨਾਲ-ਨਾਲ ਆਰਥਿਕ ਗਤੀਵਿਧੀਆਂ ਨੂੰ ਵੀ ਬਿਹਤਰ ਸੰਪਰਕ ਦੇਣਗੀਆਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਪ੍ਰਦੇਸ਼ ਸਰਕਾਰ ਸੇਵਾ ਦੇ ਸੰਕਲਪ ਨਾਲ ਲੋਕਾਂ ਨੂੰ ਬਿਹਤਰ ਕਨੈਕਟੀਵਿਟੀ ਅਤੇ ਸੁਗਮ ਆਵਾਜਾਈ ਉਪਲਬਧ ਕਰਵਾਉਣ ਲਈ ਸੜਕ ਢਾਂਚੇ ਨੂੰ ਮਜ਼ਬੂਤ ਕਰਨ 'ਤੇ ਕੰਮ ਕਰ ਰਹੀ ਹੈ। ਕੇਂਦਰ ਅਤੇ ਪ੍ਰਦੇਸ਼ ਸਰਕਾਰ ਦੇ ਬਿਹਤਰ ਤਾਲਮੇਲ ਨਾਲ ਸੜਕ ਪ੍ਰੋਜੈਕਟਾਂ ਨੂੰ ਯੋਜਨਾਬੱਧ ਤਰੀਕੇ ਨਾਲ ਅੱਗੇ ਵਧਾਇਆ ਜਾਵੇਗਾ।

ਦੌਰੇ ਦੌਰਾਨ ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਗੁਜਰਾਤ ਦੇ ਨਰਮਦਾ ਜ਼ਿਲ੍ਹੇ ਦੇ ਏਕਤਾ ਨਗਰ ਵਿੱਚ ਸਥਿਤ ਸਟੈਚੂ ਆਫ ਯੂਨਿਟੀ ਪਹੁੰਚ ਕੇ ਸਰਦਾਰ ਵੱਲਭਭਾਈ ਪਟੇਲ ਨੂੰ ਨਮਨ ਕੀਤਾ। ਉਨ੍ਹਾਂ ਕਿਹਾ ਕਿ ਸਰਦਾਰ ਪਟੇਲ ਦਾ ਜੀਵਨ ਦੇਸ਼ ਦੀ ਏਕਤਾ ਅਤੇ ਮਜ਼ਬੂਤ ਰਾਸ਼ਟਰ ਨਿਰਮਾਣ ਦੀ ਪ੍ਰੇਰਨਾ ਦਿੰਦਾ ਹੈ।

ਦੋ ਰੋਜ਼ਾ ਚਿੰਤਨ ਸ਼ਿਵਿਰ ਦੇ ਸਮਾਪਨ ਦੇ ਦਿਨ ਭਰ ਤੋਂ ਆਏ ਮੰਤਰੀਆਂ ਅਤੇ ਸੀਨੀਅਰ ਅਧਿਕਾਰੀਆਂ ਵਿਚਕਾਰ ਰਾਜਾਂ ਦੇ ਵਿਕਾਸ, ਸੜਕ ਅਤੇ ਬੁਨਿਆਦੀ ਢਾਂਚੇ, ਨਵੀਂ ਤਕਨਾਲੋਜੀ, ਸੜਕ ਸੁਰੱਖਿਆ ਅਤੇ ਆਉਣ ਵਾਲੇ ਸਮੇਂ ਦੀਆਂ ਲੋੜਾਂ ਨਾਲ ਜੁੜੇ ਵਿਸ਼ਿਆਂ 'ਤੇ ਅਨੁਭਵ ਸਾਂਝੇ ਕੀਤੇ ਗਏ।

# ਕਿਸਾਨਾਂ ਦੇ ਹਿੱਤ ਵਿੱਚ ਹਰਿਆਣਾ ਵਿੱਚ ਨਿਰਧਾਰਤ ਸਮੇਂ ਤੋਂ ਪਹਿਲਾਂ ਸ਼ੁਰੂ ਕੀਤੀ ਗਈ ਝੋਨੇ ਦੀ ਖਰੀਦ

**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਸੂਬੇ ਦੇ ਕਿਸਾਨਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਖਰੀਫ ਸੀਜ਼ਨ 2026-27 ਦੌਰਾਨ ਝੋਨੇ ਦੀ ਖਰੀਦ ਨਿਰਧਾਰਤ ਸਮੇਂ ਤੋਂ ਪਹਿਲਾਂ ਸ਼ੁਰੂ ਕਰ ਦਿੱਤੀ ਹੈ। ਸੂਬੇ ਵਿੱਚ ਝੋਨੇ ਦੀ ਖਰੀਦ 1 ਅਕਤੂਬਰ ਦੀ ਬਜਾਏ 29 ਸਤੰਬਰ ਤੋਂ ਸ਼ੁਰੂ ਕਰ ਦਿੱਤੀ ਗਈ ਹੈ। ਝੋਨੇ ਦੀ ਖਰੀਦ ਦਾ ਕੰਮ 29 ਸਤੰਬਰ ਤੋਂ 15 ਨਵੰਬਰ ਤੱਕ ਚੱਲੇਗਾ।

ਸਰਕਾਰੀ ਬੁਲਾਰੇ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਇਸ ਸਾਲ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) ਆਮ ਝੋਨੇ (ਕਾਮਨ) ਲਈ 2441 ਰੁਪਏ ਪ੍ਰਤੀ ਕੁਇੰਟਲ ਅਤੇ ਝੋਨੇ (ਗ੍ਰੇਡ-ਏ) ਲਈ 2461 ਰੁਪਏ ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਗਿਆ ਹੈ। ਸੂਬੇ ਵਿੱਚ ਝੋਨੇ ਦੀ ਖਰੀਦ 249 ਮੰਡੀਆਂ/ਖਰੀਦ ਕੇਂਦਰਾਂ ਰਾਹੀਂ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਸਹੂਲਤ ਅਤੇ ਖਰੀਦ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਸਾਰੀਆਂ ਮੰਡੀਆਂ ਅਤੇ ਖਰੀਦ ਕੇਂਦਰਾਂ ਨੂੰ ਜੀਓ-ਫੈਂਸਿੰਗ ਸਹੂਲਤ ਨਾਲ ਲੈਸ ਕੀਤਾ ਗਿਆ ਹੈ। ਸੂਬੇ ਵਿੱਚ ਝੋਨੇ ਦੀ ਖਰੀਦ ਖੁਰਾਕ, ਨਾਗਰਿਕ ਸਪਲਾਈ ਅਤੇ ਉਪਭੋਗਤਾ ਮਾਮਲੇ ਵਿਭਾਗ, ਹੈਫੇਡ ਅਤੇ ਹਰਿਆਣਾ ਰਾਜ ਵੇਅਰਹਾਊਸਿੰਗ ਕਾਰਪੋਰੇਸ਼ਨ ਵੱਲੋਂ ਕੀਤੀ ਜਾ ਰਹੀ ਹੈ।

ਭਾਰਤ ਸਰਕਾਰ ਵੱਲੋਂ ਇਸ ਸਾਲ ਹਰਿਆਣਾ ਲਈ 58 ਲੱਖ ਮੀਟ੍ਰਿਕ ਟਨ ਝੋਨਾ ਖਰੀਦਣ ਦਾ ਟੀਚਾ ਨਿਰਧਾਰਤ ਕੀਤਾ ਗਿਆ ਹੈ। ਇਸ ਤੋਂ ਇਲਾਵਾ 32.5 ਲੱਖ ਮੀਟ੍ਰਿਕ ਟਨ ਝੋਨੇ ਦੀ 10 ਪ੍ਰਤੀਸ਼ਤ ਬ੍ਰੋਕਨ (ਟੁੱਟੇ ਹੋਏ ਚੌਲਾਂ) ਦੇ ਨਾਲ ਸੀ.ਐਮ.ਆਰ. ਦੀ ਡਿਲੀਵਰੀ ਭਾਰਤੀ ਖੁਰਾਕ ਨਿਗਮ (ਐਫ.ਸੀ.ਆਈ.) ਨੂੰ ਕਰਨ ਦਾ ਟੀਚਾ ਵੀ ਨਿਰਧਾਰਤ ਕੀਤਾ ਗਿਆ ਹੈ।

ਸਰਕਾਰ ਵੱਲੋਂ ਜਾਰੀ ਅੰਕੜਿਆਂ ਅਨੁਸਾਰ, 5 ਅਕਤੂਬਰ ਤੱਕ ਸੂਬੇ ਦੀਆਂ ਮੰਡੀਆਂ ਵਿੱਚ ਲਗਭਗ 7.35 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋ ਚੁੱਕੀ ਹੈ। ਖਰੀਦ ਏਜੰਸੀਆਂ ਵੱਲੋਂ ਹੁਣ ਤੱਕ 2.57 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਖਰੀਦੇ ਗਏ ਝੋਨੇ ਦੀ ਚੁਕਾਈ (ਲਿਫਟਿੰਗ) ਦੀ ਪ੍ਰਕਿਰਿਆ ਵੀ ਸ਼ੁਰੂ ਕਰ ਦਿੱਤੀ ਗਈ ਹੈ। ਹੁਣ ਤੱਕ 27,497 ਮੀਟ੍ਰਿਕ ਟਨ ਝੋਨੇ ਦੀ ਚੁਕਾਈ ਪੂਰੀ ਹੋ ਚੁੱਕੀ ਹੈ।

ਪਿਛਲੇ ਸਾਲ ਸੂਬੇ ਵਿੱਚ 1458 ਰਾਈਸ ਮਿਲਰਜ਼ ਵੱਲੋਂ ਸੀ.ਐਮ.ਆਰ. ਦਾ ਕੰਮ ਕੀਤਾ ਗਿਆ ਸੀ। ਇਸ ਸਾਲ 4 ਅਕਤੂਬਰ ਤੱਕ 1293 ਰਾਈਸ ਮਿਲਰਜ਼ ਨੇ ਸੀ.ਐਮ.ਆਰ. ਕੰਮ ਲਈ ਰਜਿਸਟ੍ਰੇਸ਼ਨ ਕਰਵਾਇਆ ਹੈ।

ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕਿਸੇ ਕਿਸਮ ਦੀ ਅਸੁਵਿਧਾ ਨਾ ਹੋਵੇ, ਇਸ ਲਈ ਹਰਿਆਣਾ ਰਾਜ ਖੇਤੀਬਾੜੀ ਮਾਰਕੀਟਿੰਗ ਬੋਰਡ ਵੱਲੋਂ ਮੰਡੀਆਂ ਅਤੇ ਖਰੀਦ ਕੇਂਦਰਾਂ 'ਤੇ ਬੁਨਿਆਦੀ ਸਹੂਲਤਾਂ ਦਾ ਸਹੀ ਪ੍ਰਬੰਧ ਕੀਤਾ ਗਿਆ ਹੈ। ਇਨ੍ਹਾਂ ਵਿੱਚ ਪੀਣ ਦਾ ਪਾਣੀ, ਟਾਇਲਟ, ਪਾਣੀ ਦੀ ਨਿਕਾਸੀ, ਹੈਲਪ ਡੈਸਕ ਸਮੇਤ ਹੋਰ ਲੋੜੀਂਦੀਆਂ ਸਹੂਲਤਾਂ ਸ਼ਾਮਲ ਹਨ।

ਝੋਨੇ ਵਿੱਚ ਨਮੀ ਦੀ ਸਮੱਸਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਝੋਨੇ ਦੀ ਕਟਾਈ (ਹਾਰਵੈਸਟਿੰਗ) ਦੇ ਸਬੰਧ ਵਿੱਚ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਰੋਕਥਾਮ ਵਾਲੇ ਹੁਕਮ ਜਾਰੀ ਕੀਤੇ ਜਾ ਚੁੱਕੇ ਹਨ। ਹਰਿਆਣਾ ਸਰਕਾਰ ਸੂਬੇ ਦੇ ਕਿਸਾਨਾਂ ਦੇ ਹਿੱਤਾਂ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ। ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕਿਸੇ ਵੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਸਰਕਾਰ ਵੱਲੋਂ ਅੰਨਦਾਤਾ ਦੇ ਇੱਕ-ਇੱਕ ਦਾਣੇ ਦੀ ਖਰੀਦ ਘੱਟੋ-ਘੱਟ ਸਮਰਥਨ ਮੁੱਲ 'ਤੇ ਯਕੀਨੀ ਬਣਾਉਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਖਰੀਦ ਪ੍ਰਕਿਰਿਆ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿੱਚ ਜ਼ਰੂਰੀ ਵਿਵਸਥਾਵਾਂ ਯਕੀਨੀ ਬਣਾਈਆਂ ਗਈਆਂ ਹਨ।

# ਪਾਣੀ ਦੀ ਸੁਰੱਖਿਆ ਲਈ ਚੱਕਰਵਾਤੀ ਪਾਣੀ ਦਾ ਪ੍ਰਬੰਧਨ ਜ਼ਰੂਰੀ

**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਵੀਂ ਦਿੱਲੀ ਸਥਿਤ ਇੰਡੀਆ ਹੈਬੀਟੇਟ ਸੈਂਟਰ ਦੇ ਜੈਕਾਰੰਡਾ ਹਾਲ ਵਿੱਚ ਗੁਰੂਜਲ ਵੱਲੋਂ 'ਅਰਬਨ ਅੱਡਾ 2026' ਦਾ ਆਯੋਜਨ ਕੀਤਾ ਗਿਆ। ਪਾਣੀ ਦੀ ਸੁਰੱਖਿਆ ਲਈ ਸਰਕੂਲਰਿਟੀ ਵਿਸ਼ੇ 'ਤੇ ਆਯੋਜਿਤ ਇਸ ਪ੍ਰੋਗਰਾਮ ਵਿੱਚ ਇਸ ਗੱਲ 'ਤੇ ਡੂੰਘੀ ਵਿਚਾਰ-ਚਰਚਾ ਹੋਈ ਕਿ ਭਾਰਤੀ ਸ਼ਹਿਰ ਪਾਣੀ ਨੂੰ ਸਿਰਫ਼ ਇੱਕ ਸਹੂਲਤ ਦੀ ਬਜਾਏ ਇੱਕ ਚੱਕਰਵਾਤੀ ਸਾਧਨ (ਸਰਕੂਲਰ ਵਾਟਰ) ਵਜੋਂ ਕਿਵੇਂ ਪ੍ਰਬੰਧਿਤ ਕਰ ਸਕਦੇ ਹਨ, ਜਿਸ ਨਾਲ ਪਾਣੀ ਦੀ ਸੰਭਾਲ, ਘੱਟ ਖਪਤ, ਵਧੇਰੇ ਮੁੜ-ਵਰਤੋਂ ਅਤੇ ਧਰਤੀ ਹੇਠਲੇ ਪਾਣੀ ਨੂੰ ਰੀਚਾਰਜ ਕਰਨ ਨੂੰ ਹੁਲਾਰਾ ਦੇ ਕੇ ਪਾਣੀ ਦੇ ਸੰਕਟ ਅਤੇ ਹੜ੍ਹ ਵਰਗੀਆਂ ਸਥਿਤੀਆਂ ਨਾਲ ਨਜਿੱਠਿਆ ਜਾ ਸਕੇ।ਇਸ ਪ੍ਰੋਗਰਾਮ ਦੌਰਾਨ ਦੇ ਈ.ਆਈ.ਸੀ.-ਸਹਿ-ਪ੍ਰਧਾਨ ਡਾਇਰੈਕਟਰ ਡਾ. ਸਤਬੀਰ ਸਿੰਘ ਕਾਦੀਆਨ ਨੇ ਦੇਸ਼ ਨੂੰ ਅਨਿਯੰਤਿਰਤ ਪਾਣੀ ਦੀ ਦੁਹਰਾਈ ਤੋਂ ਚੱਕਰਵਾਤੀ ਪਾਣੀ ਦੀ ਵਰਤੋਂ ਵੱਲ ਲਿਜਾਣ ਲਈ ਕਈ ਮਹੱਤਵਪੂਰਨ ਸੁਝਾਅ ਰੱਖੇ। ਉਨ੍ਹਾਂ ਕਿਹਾ ਕਿ ਵੱਖ-ਵੱਖ ਭੂਗੋਲਿਕ ਖੇਤਰਾਂ ਵਿੱਚ ਪਾਣੀ ਦੀ ਸਥਿਤੀ ਵੱਖ-ਵੱਖ ਹੁੰਦੀ ਹੈ, ਜਿਵੇਂ ਕਿ ਗੁਰੂਗ੍ਰਾਮ ਦੀ ਉਦਾਹਰਣ ਦੱਸਦੀ ਹੈ ਜਿੱਥੇ ਇੱਕ ਹੀ ਸਾਲ ਵਿੱਚ ਸ਼ਹਿਰੀ ਥਾਵਾਂ 'ਤੇ ਧਰਤੀ ਹੇਠਲੇ ਪਾਣੀ ਦਾ ਪੱਧਰ 0.08 ਮੀਟਰ ਤੋਂ 2.34 ਮੀਟਰ ਤੱਕ ਡਿੱਗ ਗਿਆ। ਇਸ ਲਈ ਰੈਗੂਲੇਟਰ ਇੱਕੋ ਦੇਸ਼ ਵਿਆਪੀ ਮਾਡਲ 'ਤੇ ਨਿਰਭਰ ਨਹੀਂ ਰਹਿ ਸਕਦੇ, ਸਗੋਂ ਉਨ੍ਹਾਂ ਨੂੰ ਤਿੰਨ ਮੁੱਖ ਢਾਂਚਾਗਤ ਪਹਿਲੂਆਂ 'ਤੇ ਕੰਮ ਕਰਨਾ ਪਵੇਗਾ।

ਡਾ. ਕਾਦੀਆਨ ਨੇ ਪਹਿਲਾ ਮੁੱਦਾ ਆਰਥਿਕ ਸੰਕੇਤਾਂ ਅਤੇ ਪ੍ਰੋਤਸਾਹਨਾਂ ਦੀ ਰੀ-ਇੰਜੀਨੀਅਰਿੰਗ ਦਾ ਉਠਾਇਆ। ਉਨ੍ਹਾਂ ਦੱਸਿਆ ਕਿ ਜਦੋਂ ਤੱਕ ਤਾਜ਼ਾ ਧਰਤੀ ਹੇਠਲਾ ਪਾਣੀ ਕੱਢਣਾ ਸਸਤਾ ਰਹੇਗਾ ਅਤੇ ਸਾਫ਼ ਕੀਤੇ ਗਏ ਗੰਦੇ ਪਾਣੀ 'ਤੇ ਉੱਚ ਇਲਾਜ ਅਤੇ ਢੋਆ-ਢੁਆਈ ਦੀ ਲਾਗਤ ਦਾ ਬੋਝ ਰਹੇਗਾ, ਤਦ ਤੱਕ ਚੱਕਰਵਾਤੀ ਪਾਣੀ ਦੀ ਵਰਤੋਂ ਡਿਫਾਲਟ ਵਿਕਲਪ ਨਹੀਂ ਬਣ ਸਕੇਗੀ। ਇਸ ਲਈ ਵਪਾਰਕ ਅਤੇ ਉਦਯੋਗਿਕ ਪਾਣੀ ਦੀ ਨਿਕਾਸੀ 'ਤੇ ਟੈਰਿਫ਼ ਅਤੇ ਧਰਤੀ ਹੇਠਲੇ ਪਾਣੀ ਦੇ ਸੈੱਸ ਅਤੇ ਭੂਜਲ ਉਪਕਰ ਨੂੰ ਵਧਾਉਣ ਦੀ ਲੋੜ ਹੈ। ਨਾਲ ਹੀ, ਸਾਰੇ ਕੰਮਾਂ ਲਈ ਮਹਿੰਗੇ ਤ੍ਰਤੀਯਕ ਇਲਾਜ ਮਾਪਦੰਡਾਂ ਨੂੰ ਲਾਜ਼ਮੀ ਬਣਾਉਣ ਤੋਂ ਬਚਦੇ ਹੋਏ ਉਦੇਸ਼ ਦੇ ਅਨੁਕੂਲ ਗੁਣਵੱਤਾ ਮਾਪਦੰਡਾਂ ਨੂੰ ਅਪਣਾਉਣਾ ਚਾਹੀਦਾ ਹੈ ਤਾਂ ਜੋ ਸ਼ਹਿਰੀ ਹਰੇ ਖੇਤਰਾਂ, ਨਿਰਮਾਣ, ਅਖਾਦ ਫ਼ਸਲਾਂ ਦੀ ਸਿੰਜਾਈ ਅਤੇ ਝੀਲਾਂ ਦੇ ਪੁਨਰ-ਸੁਰਜੀਤੀ ਵਿੱਚ ਸੈਕੰਡਰੀ-ਸਾਫ਼ ਕੀਤੇ ਪਾਣੀ ਦੀ ਵਰਤੋਂ ਵਧਾਈ ਜਾ ਸਕੇ।ਇਸ ਤੋਂ ਇਲਾਵਾ ਢੋਆ-ਢੁਆਈ ਪਾਈਪਲਾਈਨਾਂ ਲਈ ਵਾਇਬਿਲਿਟੀ ਗੈਪ ਫੰਡਿੰਗ (੭76) ਅਤੇ ਪ੍ਰਥਮਕਿਤਾ ਵਾਲੇ ਕਰਜ਼ੇ ਵਰਗੇ ਉਪ ਉਪਾਅ ਕੀਤੇ ਜਾਣੇ ਚਾਹੀਦੇ ਹਨ। ਦੂਜੇ ਪਹਿਲੂ ਵਿੱਚ ਉਨ੍ਹਾਂ ਵੱਖ-ਵੱਖ ਰਾਜਾਂ ਦੇ ਸਫਲ ਮਾਡਲਾਂ ਤੋਂ ਸਿੱਖਣ ਦੀ ਗੱਲ ਕਹੀ। ਨਾਗਪੁਰ ਅਤੇ ਚੇਨਈ ਦੇ ਪੀ.ਪੀ.ਪੀ. ਐਂਕਰ-ਆਫਟੇਕਰ ਮਾਡਲ ਨੇ ਦਿਖਾਇਆ ਹੈ ਕਿ ਉਦਯੋਗਿਕ ਮੰਗ ਦੀ ਵਰਤੋਂ ਕਰਕੇ ਸੀਵਰੇਜ ਨੂੰ ਨਗਰਪਾਲਿਕਾ ਦੇ ਮਾਲੀਏ (ਰੈਵੇਨਿਊ) ਦਾ ਸਰੋਤ ਬਣਾਇਆ ਜਾ ਸਕਦਾ ਹੈ। ਦਿੱਲੀ ਅਤੇ ਬੈਂਗਲੁਰੂ ਦੇ ਵਿਕੇਂਦਰੀਕ੍ਰਿਤ ਇਲਾਜ ਮਾਡਲ ਇਹ ਦਰਸਾਉਂਦੇ ਹਨ ਕਿ ਸਥਾਨਕ ਇਲਾਜ ਨਾਲ ਢੋਆ-ਢੁਆਈ ਦੀ ਲਾਗਤ ਘੱਟ ਹੁੰਦੀ ਹੈ ਅਤੇ ਸਥਾਨਕ ਜਲਭਰਤ ਸਿੱਧੇ ਰੀਚਾਰਜ ਹੁੰਦੇ ਹਨ।

ਉੱਥੇ ਹੀ ਹਰਿਆਣਾ ਦੀ ਉਦਾਹਰਣ ਦਿੰਦਿਆਂ ਉਨ੍ਹਾਂ ਦੱਸਿਆ ਕਿ ਰਾਜ ਦੀ ਏਕੀਕ੍ਰਿਤ ਜਲ ਸਰੋਤ ਕਾਰਜ ਯੋਜਨਾ ਅਤੇ ਹਰਿਆਣਾ ਜਲ ਸਰੋਤ ਅਥਾਰਟੀ ਇੱਕ ਏਕੀਕ੍ਰਿਤ ਢਾਂਚਾ ਪ੍ਰਦਾਨ ਕਰਦੇ ਹਨ। ਹਰਿਆਣਾ ਵਿੱਚ 27 ਐਸ.ਟੀ.ਪੀ. ਤੋਂ ਮਿਲਣ ਵਾਲੇ ਸਾਫ਼ ਕੀਤੇ ਪਾਣੀ ਦੀ ਵਰਤੋਂ ਲਈ ਬੁਨਿਆਦੀ ਢਾਂਚਾ ਤਿਆਰ ਕੀਤਾ ਜਾ ਰਿਹਾ ਹੈ, ਜਿਸ ਵਿੱਚੋਂ 20 ਐਸ.ਟੀ.ਪੀ. ਦੇ ਪ੍ਰੋਜੈਕਟ ਪੂਰੇ ਹੋ ਚੁੱਕੇ ਹਨ।ਇਸ ਤੋਂ ਇਲਾਵਾ 'ਵਾਟਰ ਸਿਕਿਓਰ ਹਰਿਆਣਾ ਪ੍ਰੋਜੈਕਟ' ਤਹਿਤ 4 ਐਸ.ਟੀ.ਪੀ. ਦੇ 171 $*4 ਸਾਫ਼ ਕੀਤੇ ਪਾਣੀ ਦੀ ਮੁੜ-ਵਰਤੋਂ ਲਈ ਸਹਾਇਕ ਬੁਨਿਆਦੀ ਢਾਂਚਾ ਬਣਾਉਣ ਦਾ ਪ੍ਰਸਤਾਵ ਹੈ।ਤੀਜੇ ਪਹਿਲੂ ਵਜੋਂ ਉਨ੍ਹਾਂ ਨੇ ਮੁੱਖ ਰੈਗੂਲਰਟੀ ਦਖਲਅੰਦਾਜ਼ੀ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨਿਗਰਾਨੀ ਨੂੰ ਸਿਰਫ਼ ਡਿਸਚਾਰਜ ਮਾਪਦੰਡਾਂ ਤੱਕ ਸੀਮਤ ਰੱਖਣ ਦੀ ਬਜਾਏ ਨਿਰਮਾਣ, ਕੂਲਿੰਗ, ਬਾਗਬਾਨੀ ਅਤੇ ਰੀਚਾਰਜ ਵਰਗੇ ਅੰਤਿਮ-ਵਰਤੋਂਮਾਪਦੰਡਾਂ ਵਿੱਚ ਬਦਲਿਆ ਜਾਣਾ ਚਾਹੀਦਾ ਹੈ। ਨਵੇਂ ਐਸ.ਟੀ.ਪੀ. ਦੀਆਂ ਟੈਂਡਰਾਂ ਅਤੇ ਖਰੀਦ ਪੜਾਅ ਵਿੱਚ ਹੀ ਮੁੜ-ਵਰਤੋਂ ਨੂੰ ਲਾਜ਼ਮੀ ਬਣਾਇਆ ਜਾਣਾ ਚਾਹੀਦਾ ਹੈ ਅਤੇ ਕੇਂਦਰੀਕ੍ਰਿਤ ਪਲਾਂਟਾਂ ਦੇ ਮੁਕਾਬਲੇ ਵਿਕੇਂਦਰੀਕ੍ਰਿਤ ਐਸ.ਟੀ.ਪੀ. ਨੂੰ ਹੁਲਾਰਾ ਮਿਲਣਾ ਚਾਹੀਦਾ ਹੈ, ਕਿਉਂਕਿ ਵੱਡੇ ਪਲਾਂਟਾਂ ਤੋਂ ਪਾਣੀ ਵਾਪਸ ਲਿਜਾਣਾ ਕਾਫ਼ੀ ਮਹਿੰਗਾ ਹੁੰਦਾ ਹੈ।

# ਹਰਿਆਣਾ ਦੇ ਹਰ ਪਰਿਵਾਰ ਨੂੰ ਮਿਲੇਗੀ ਮਿਆਰੀ ਸਿਹਤ ਸੁਵਿਧਾ - ਸਿਹਤ ਮੰਤਰੀ

**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਪ੍ਰਦੇਸ਼ ਦੇ ਹਰ ਨਾਗਰਿਕ ਨੂੰ ਮਿਆਰੀ ਅਤੇ ਕਿਫ਼ਾਇਤੀ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਦੇ ਸੰਕਲਪ ਨੂੰ ਦੁਹਰਾਉਂਦਿਆਂ ਚਿਰਾਯੂ ਆਯੁਸਮਾਨ ਭਾਰਤ ਯੋਜਨਾ ਦੇ ਵਿਆਪਕ ਵਿਸਤਾਰ ਦਾ ਐਲਾਨ ਕੀਤਾ ਹੈ।ਸਿਹਤ ਮੰਤਰੀ ਨੇ ਦੱਸਿਆ ਕਿ ਰਾਜ ਸਰਕਾਰ ਦੀ ਇਸ ਵੱਡੀ ਪਹਿਲਕਦਮੀ ਤਹਿਤ ਹੁਣ ?1.80 ਲੱਖ ਤੋਂ ਵੱਧ ਸਾਲਾਨਾ ਆਮਦਨ ਵਾਲੇ ਪਰਿਵਾਰ ਵੀ ਨਾਮਾਤਰ ਸਾਲਾਨਾ ਪ੍ਰੀਮੀਅਮ ਦੇ ਕੇ ਇਸ ਅਭਿਲਾਸ਼ੀ ਯੋਜਨਾ ਦਾ ਲਾਭ ਲੈ ਸਕਣਗੇ। ਯੋਜਨਾ ਤਹਿਤ ਪਾਤਰਤਾ ਪਰਿਵਾਰ ਪਛਾਣ ਪੱਤਰ ਵਿੱਚ ਦਰਜ ਤਸਦੀਕਸ਼ੁਦਾ ਸਾਲਾਨਾ ਆਮਦਨ ਦੇ ਆਧਾਰ 'ਤੇ ਤੈਅ ਕੀਤੀ ਜਾਵੇਗੀ ਅਤੇ ਪਾਤਰ ਪਰਿਵਾਰਾਂ ਨੂੰ ਪ੍ਰਦੇਸ਼ ਦੇ ਸੂਚੀਬੱਧ ਹਸਪਤਾਲਾਂ ਵਿੱਚ ਪ੍ਰਤੀ ਸਾਲ ?5 ਲੱਖ ਤੱਕ ਦਾ ਮੁਫ਼ਤ ਅਤੇ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਜਾਵੇਗਾ।

ਆਰਤੀ ਸਿੰਘ ਰਾਓ ਨੇ ਦੱਸਿਆ ਕਿ ਯੋਜਨਾ ਨੂੰ ਪਾਰਦਰਸ਼ੀ ਅਤੇ ਆਸਾਨ ਬਣਾਉਣ ਲਈ ਆਮਦਨ ਸਲੈਬ ਦੇ ਹਿਸਾਬ ਨਾਲ ਪ੍ਰੀਮੀਅਮ ਦੀਆਂ ਦਰਾਂ ਤੈਅ ਕੀਤੀਆਂ ਗਈਆਂ ਹਨ। ਇਸ ਤਹਿਤ ?1.80 ਲੱਖ ਤੋਂ ?3.00 ਲੱਖ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਲਈ ?1,500 ਪ੍ਰਤੀ ਸਾਲ, ?3.00 ਲੱਖ ਤੋਂ ?6.00 ਲੱਖ ਆਮਦਨ ਵਰਗ ਲਈ ?4,000 ਪ੍ਰਤੀ ਸਾਲ ਅਤੇ ?6.00 ਲੱਖ ਤੋਂ ਵੱਧ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਲਈ ?5,000 ਪ੍ਰਤੀ ਸਾਲ ਦਾ ਪ੍ਰੀਮੀਅਮ ਤੈਅ ਕੀਤਾ ਗਿਆ ਹੈ।

ਇਸ ਯੋਜਨਾ ਦਾ ਲਾਭ ਲੈਣ ਲਈ ਰਜਿਸਟ੍ਰੇਸ਼ਨ ਅਤੇ ਭੁਗਤਾਨ ਗੇਟਵੇ ਪੋਰਟਲ 30 ਨਵੰਬਰ, 2026 ਤੱਕ ਖੁੱਲ੍ਹਾ ਰਹੇਗਾ, ਜਦੋਂ ਕਿ ਨਵੀਂ ਪਾਲਸੀ ਦੀ ਮਿਆਦ 1 ਨਵੰਬਰ, 2026 ਤੋਂ 31 ਅਕਤੂਬਰ, 2027 ਤੱਕ ਪ੍ਰਭਾਵਸ਼ਾਲੀ ਰਹੇਗੀ।

ਸਿਹਤ ਮੰਤਰੀ ਨੇ ਰਾਜ ਵਿੱਚ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ 'ਤੇ ਰੌਸ਼ਨੀ ਪਾਉਂਦਿਆਂ ਦੱਸਿਆ ਕਿ ਆਯ??ਮਾਨ ਭਾਰਤ ਹਰਿਆਣਾ ਸਿਹਤ ਸੁਰੱਖਿਆ ਅਥਾਰਟੀ ਰਾਹੀਂ ਪ੍ਰਦੇਸ਼ ਭਰ ਦੇ 1,307 ਸੂਚੀਬੱਧ ਹਸਪਤਾਲਾਂ ਵਿੱਚ ਆਯੂਸਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਅਤੇ ਚਿਰਾਯੂ ਯੋਜਨਾ ਤਹਿਤ ਹੁਣ ਤੱਕ 40,27,391 ਲਾਭਪਾਤਰੀਆਂ ਨੂੰ ਸਫਲਤਾਪੂਰਵਕ ਇਲਾਜ ਮੁਹੱਈਆ ਕਰਵਾਇਆ ਜਾ ਚੁੱਕਾ ਹੈ।

ਇਸ ਤੋਂ ਇਲਾਵਾ, ?1.8 ਲੱਖ ਤੋਂ ?3 ਲੱਖ ਆਮਦਨ ਵਰਗ ਵਿੱਚ ਹੁਣ ਤੱਕ 47,547 ਪਰਿਵਾਰਾਂ ਨੂੰ ਯੋਜਨਾ ਦਾ ਸਿੱਧਾ ਲਾਭ ਮਿਲ ਚੁੱਕਾ ਹੈ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਿੰਗਾਪੁਰ ਸਥਿਤ ਸੁਰਬਾਨਾ ਜੁਰੋਂਗ ਦਾ ਕੀਤਾ ਦੌਰਾ

**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਸਿੰਗਾਪੁਰ ਸਥਿਤ ਵਿਸ਼ਵ ਪ੍ਰਸਿੱਧ ਸ਼ਹਿਰੀ ਵਿਕਾਸ ਅਤੇ ਬੁਨਿਆਦੀ ਢਾਂਚਾ ਸੁਰਬਾਨਾ ਜੁਰੋਂਗ ਦਾ ਦੌਰਾ ਕੀਤਾ। ਇਸ ਦੌਰੇ ਦਾ ਮੁੱਖ ਉਦੇਸ਼ ਹਰਿਆਣਾ ਵਿੱਚ ਵਿਕਸਿਤ ਕੀਤੀ ਜਾ ਰਹੀ ਨਵੀਂ ਉਦਯੋਗਿਕ ਮਾਡਲ ਟਾਊਨਸ਼ਿਪ ਲਈ ਆਧੁਨਿਕ, ਇੰਟੀਗ੍ਰੇਟਿਡ ਅਤੇ ਭਵਿੱਖਮੁਖੀ ਵਿਵਸਥਾਵਾਂ ਨੂੰ ਸਮਝਣਾ ਅਤੇ ਉਹਨਾਂ ਦਾ ਅਧਿਐਨ ਕਰਨਾ ਸੀ।

ਦੌਰੇ ਦੌਰਾਨ ਮੁੱਖ ਮੰਤਰੀ ਨੇ ਵੱਖ-ਵੱਖ ਕਾਰੋਬਾਰੀ ਇਕਾਈਆਂ ਨੂੰ ਇੱਕ ਹੀ ਸਥਾਨ 'ਤੇ ਇੱਕਠੇ ਵਿਕਸਿਤ ਕਰਨ ਦੀ ਸੰਚਾਲਨ ਪ੍ਰਕਿਰਿਆ ਦਾ ਗੰਭੀਰਤਾ ਨਾਲ ਅਧਿਐਨ ਕੀਤਾ।



ਉਹਨਾਂ ਨੇ ਵਾਟਰ ਟ੍ਰੀਟਮੈਂਟ ਤੋਂ ਲੈ ਕੇ ਸੁਚਾਰੂ ਟ੍ਰੈਫਿਕ ਪ੍ਰਬੰਧਨ ਤੱਕ ਦੀਆਂ ਸਮੁੱਚੀਆਂ ਬਾਰੀਕੀਆਂ ਨੂੰ ਵਿਸਥਾਰ ਨਾਲ ਸਮਝਿਆ।

ਨਾਲ ਹੀ, ਕਾਰੋਬਾਰੀ ਇਕਾਈਆਂ ਦੇ ਨਾਲ-ਨਾਲ ਮੈਨਪਾਵਰ ਲਈ ਵਿਵਸਥਿਤ, ਸੁਵਿਧਾਜਨਕ ਅਤੇ ਬਿਹਤਰ ਕੰਮਕਾਜੀ ਮਾਹੌਲ ਤਿਆਰ ਕਰਨ ਸੰਬੰਧੀ ਪ੍ਰਬੰਧਾਂ 'ਤੇ ਵਿਸ਼ੇਸ਼ ਧਿਆਨ ਦਿੱਤਾ।

ਮੁੱਖ ਮੰਤਰੀ ਨੇ ਇਸ ਮੌਕੇ 'ਤੇ ਕਿਹਾ ਕਿ ਹਰਿਆਣਾ ਵਿੱਚ ਉਦਯੋਗਾਂ ਲਈ ਹਾਂ-ਪੱਖੀ ਅਤੇ ਨਿਵੇਸ਼ਕ-ਪੱਖੀ ਮਾਹੌਲ ਤਿਆਰ ਕਰਨਾ ਸਰਕਾਰ ਦੀ ਪ੍ਰਾਥਮਿਕਤਾ ਹੈ। ਇਸ ਦੌਰੇ ਦਾ ਟੀਚਾ ਰਾਜ ਵਿੱਚ ਉਦਯੋਗਿਕ ਵਿਕਾਸ ਨੂੰ ਨਵੀਂ ਦਿਸ਼ਾ ਦੇਣਾ ਅਤੇ ਭਵਿੱਖ ਦੀਆਂ ਜ਼ਰੂਰਤਾਂ ਦੇ ਅਨੁਕੂਲ ਆਧੁਨਿਕ ਸਹੂਲਤਾਂ ਨਾਲ ਲੈਸ ਸ਼ਹਿਰਾਂ ਅਤੇ ਉਦਯੋਗਿਕ ਖੇਤਰਾਂ ਦਾ ਵਿਕਾਸ ਕਰਨਾ ਹੈ।

ਸੁਰਬਾਨਾ ਜੁਰੋਂਗ ਦੇ ਮਾਹਰਾਂ ਨਾਲ ਚਰਚਾ ਦੌਰਾਨ ਮੁੱਖ ਮੰਤਰੀ ਨੇ ਭਵਿੱਖ ਦੇ ਸ਼ਹਿਰਾਂ ਨੂੰ ਵਿਕਸਿਤ ਕਰਨ ਅਤੇ ਆਧੁਨਿਕ ਸਹੂਲਤਾਂ ਦੇ ਨਾਲ ਮਜ਼ਬੂਤ ਪ੍ਰਬੰਧ ਬਣਾਉਣ ਦੀ ਪ੍ਰਕਿਰਿਆ ਨੂੰ ਨੇੜਿਓਂ ਦੇਖਿਆ।



# ਗੋਡਿਆਂ ਦੇ ਦਰਦ ਦਾ ਕੀ ਹੈ ਆਯੁਰਵੈਦਿਕ ਇਲਾਜ

ਜਿਵੇਂ-ਜਿਵੇਂ ਉਮਰ ਵਧਦੀ ਹੈ, ਉਵੇਂ-ਉਵੇਂ ਕਾਰਟੀਲੇਜ ਵਿਚਲਾ ਕੁਦਰਤੀ ਗਿਸਾਅ ਘੱਟ ਹੋ ਕੇ ਚਿਕਨਾਈ ਵਿਚ ਘਾਟ ਕਾਰਨ ਜੋੜ ਘਸਣ ਲਗਦੇ ਹਨ। ਇਸੇ ਖ਼ਰਾਬੀ ਨੂੰ ਆਸਟੀਓਆਰਥਰਾਈਟਿਸ ਕਿਹਾ ਜਾਂਦਾ ਹੈ।

*** ਸੱਟ, * ਮੋਟਾਪਾ :** ਸਰੀਰ ਦਾ ਭਾਰ ਵਧਣ ਨਾਲ ਜੋੜਾਂ ਤੇ ਵਧੇਰੇ ਭਾਰ ਪੈਣ ਕਾਰਨ ਕਾਰਟੀਲੇਜ ਘਸਣ ਨਾਲ ਦਰਦ ਹੁੰਦੀ ਹੈ। * ਗ਼ਲਤ ਤਰੀਕੇ ਨਾਲ ਉੱਠਣ-ਬੈਠਣ ਦੀ ਆਦਤ ਨਾਲ ਆਸਟੀਓਆਰਥਰਾਈਟਿਸ ਦੀ ਸੰਭਾਵਨਾ ਵੱਧ ਹੁੰਦੀ ਹੈ। * ਸਰੀਰ ਵਿਚ ਜ਼ਹਿਰੀਲੇ ਪਦਾਰਥਾਂ ਦੇ ਇਕੱਠੇ ਹੋਣ ਨਾਲ ਜੋੜਾਂ ਦੇ ਖ਼ਰਾਬ ਹੋਣ ਦੀ ਸੰਭਾਵਨਾ ਹੁੰਦੀ ਹੈ ਜਿਵੇਂ ਸਰੀਰ ਵਿਚ ਯੂਰਿਕ ਐਸਿਡ, ਕੋਲੈਸਟ੍ਰੋਲ, ਸ਼ੂਗਰ ਆਦਿ। * ਕਸਰਤ ਨਾ ਕਰਨਾ ਅਤੇ ਵਧੇਰੇ ਸਮੇਂ ਤੱਕ ਲਗਾਤਾਰ ਖੜ੍ਹੇ ਰਹਿਣਾ। * ਭੋਜਨ ਵਿਚ ਵਿਟਾਮਿਨ ਏ, ਡੀ ਅਤੇ ਪੌਸ਼ਟਿਕ ਪਦਾਰਥਾਂ ਦੀ ਕਮੀ ਨਾਲ।

**ਬੁਢਾਪੇ ਵਿਚ ਜੋੜਾਂ ਦੀ ਕਮਜ਼ੋਰੀ ਕਾਰਨ।**

ਆਯੁਰਵੇਦ ਵਿਚ ਵਾਤ ਦੋਸ਼ ਵਧੇਰੇ ਹੁੰਦਾ ਹੈ। ਇਸ ਦਾ ਕਾਰਨ ਵਾਤ ਵਾਲਾ ਭੋਜਨ ਦੱਸਿਆ ਜਾਂਦਾ ਹੈ। ਇਹ ਜ਼ਿਆਦਾਤਰ ਬੁਢਾਪੇ ਵਿਚ ਹੋਣ ਵਾਲਾ ਰੋਗ ਹੈ ਪਰ ਇਹ ਰੋਗ ਜਵਾਨੀ ਵਿਚ ਵੀ ਪਾਇਆ ਜਾਂਦਾ ਹੈ। ਇਸ ਰੋਗ ਵਿਚ ਗੋਡੇ ਵਿਚ ਸੋਜਿਸ਼ ਆਉਂਦੀ ਹੈ।

**ਗੋਡਿਆਂ ਦੇ ਦਰਦ ਦੇ ਲੱਛਣ :** ਇਸ ਵਿਚ ਮੁੱਖ ਤੌਰ ਤੇ ਤੇਜ਼ ਦਰਦ, ਉੱਠਣ-ਬੈਠਣ ਵਿਚ ਮੁਸ਼ਕਿਲ, ਅਕੜਾਹਟ, ਕਠੋਰਤਾ, ਇਕ ਤਰ੍ਹਾਂ ਦੀ ਖਿੱਚ ਪੈਂਦੀ ਹੈ। ਸਭ ਤੋਂ ਮੁੱਖ ਲੱਛਣ ਗੋਡਿਆਂ ਵਿਚ ਸੋਜਿਸ਼ ਹੁੰਦੀ ਹੈ। ਹੱਥ ਲਗਾਉਣਾ ਵੀ ਸਹਿ ਨਹੀਂ ਹੁੰਦਾ, ਕਦੇ-ਕਦੇ ਤੁਰਦਿਆਂ ਅਤੇ ਉੱਠਣ ਸਮੇਂ ਗੋਡਿਆਂ ਵਿਚੋਂ ਕੱਟ-ਕੱਟ ਦੀ ਆਵਾਜ਼ ਵੀ ਆਉਂਦੀ ਹੈ। ਇਸ ਤਰ੍ਹਾਂ ਕੁੱਲ ਮਿਲਾ ਕੇ ਮਾਮੂਲੀ ਜਿਹਾ ਨਜ਼ਰ ਆਉਣ ਵਾਲਾ ਦਰਦ ਵਿਅਕਤੀ ਦੇ ਰੋਜ਼ਾਨਾ ਦੇ ਕੰਮਕਾਜ ਵਿਚ ਮੁਸ਼ਕਿਲਾਂ ਪੈਦਾ ਕਰਦਾ ਹੈ। ਇਕ ਵਾਰ ਜ਼ਮੀਨ ਤੇ ਬੈਠ ਕੇ ਉੱਠਣਾ ਮੁਸ਼ਕਿਲ ਹੁੰਦਾ ਹੈ। ਗੋਡਾ ਮੋੜਨ ਵਿਚ ਤਕਲੀਫ਼ ਹੁੰਦੀ ਹੈ। ਇਸ ਰੋਗ ਵਿਚ ਰੋਗੀ ਨੂੰ ਗੋਡਿਆਂ ਵਿਚ ਸਾੜ ਵੀ ਹੁੰਦਾ ਹੈ, ਨੀਂਦ ਨਹੀਂ ਆਉਂਦੀ, ਦਰਦ ਕਾਰਨ ਤਣਾਅਗ੍ਰਸਤ ਹੋਣਾ, ਲੰਗੜਾਅ ਕੇ ਤੁਰਨਾ, ਪੈਰਾਂ ਵਿਚ ਕਮਜ਼ੋਰੀ ਮਹਿਸੂਸ ਹੋਣਾ, ਚੌਂਕੜੀ ਮਾਰ ਕੇ ਬੈਠਣ ਵਿਚ ਰੋਗੀ ਅਸਮਰੱਥ ਹੁੰਦਾ ਹੈ।

**ਇਲਾਜ :** ਗੋਡਿਆਂ ਦੇ ਦਰਦ ਦਾ ਆਸਟੀਓਆਰਥਰਾਈਟਿਸ ਦਾ ਇਲਾਜ ਕਰਨ ਸਮੇਂ ਮੁੱਖ ਤੌਰ ਤੇ ਸਥਾਨਕ ਇਲਾਜ ਕੀਤਾ ਜਾਂਦਾ ਹੈ। ਸਥਾਨਕ ਇਲਾਜ ਵਿਚ ਜਿਹੜੇ ਗੋਡੇ ਵਿਚ ਦਰਦ ਹੈ, ਉਸ ਗੋਡੇ ਦੀ ਰੋਜ਼ਾਨਾ ਸਵੇਰੇ-ਸ਼ਾਮ ਤੇਲ ਦੀ ਮਾਲਸ਼ ਕੀਤੀ ਜਾਂਦੀ ਹੈ।

ਪੰਚਕਰਮ ਅਧੀਨ ਹਰ ਮਹੀਨੇ ਕੁਝ ਦਿਨ ਬਸਤੀ ਕਰਮ ਕਰਨਾ ਚਾਹੀਦਾ ਹੈ, ਜਿਸ ਨਾਲ ਸਰੀਰ ਵਿਚਲਾ ਵਾਤ ਦੋਸ਼ ਘਟਦਾ ਹੈ। ਸਿੱਟੇ ਵਜੋਂ ਦਰਦ ਅਤੇ ਸੋਜਿਸ਼ ਤੋਂ ਵੀ ਰਾਹਤ ਮਿਲਦੀ ਹੈ। ਗੋਡਿਆਂ ਦੇ ਦਰਦ ਵਿਚ ਮਾਹਿਰ ਵੈਦ ਦੀ ਸਲਾਹ ਨਾਲ ਲਏ ਨਿਰਗੁੰਡਆਦਿ ਕਵਾਥ ਦੀ ਧਾਰਾ ਅਤੇ ਪਿੰਡਸਵੇਦ ਦੇ ਚੰਗੇ ਨਤੀਜੇ ਮਿਲਦੇ ਹਨ। ਇਹ ਇਲਾਜ ਹਸਪਤਾਲ ਵਿਚ ਕੁਝ ਦਿਨ ਦੇ ਕੋਰਸ ਨਾਲ ਕੀਤਾ ਜਾਂਦਾ ਹੈ। ਗੋਡਿਆਂ ਵਿਚ ਦਰਦ ਜਾਂ ਆਸਟੀਓਆਰਥਰਾਈਟਿਸ ਵਿਚ ਕੁਝ ਹੇਠ ਲਿਖੇ ਘਰੇਲੂ ਇਲਾਜ ਹਨ

* ਗੋਡਿਆਂ ਵਿਚ ਦਰਦ ਹੋਣ ਤੇ ਆਯੁਰਵੇਦ ਦੇ ਮਾਹਰ ਡਾਕਟਰ ਦੀ ਸਲਾਹ ਨਾਲ ਵਾਤਕੇਸਰੀ ਵਟੀ ਸਵੇਰੇ-ਸ਼ਾਮ, ਦਸ਼ਮੂਲਾਰਿਸ਼ਟ ਅਤੇ ਮਹਾਰਸਾਇਣ ਆਦਿ ਇਕ-ਇਕ ਚਮਚ ਦੇ ਨਾਲ ਸਵੇਰੇ-ਸ਼ਾਮ ਕੁਝ ਮਹੀਨਿਆਂ ਤੱਕ ਖਾਣਾ ਚਾਹੀਦਾ ਹੈ। * ਗੋਡਿਆਂ ਵਿਚ ਸੋਜਿਸ਼ ਅਤੇ ਦਰਦ ਹੋਣ ਤੇ ਪੁਨਰਨਵਾਸ ਉੱਪਰ ਦਿੱਤੀ ਦਵਾਈ ਨਾਲ ਖਾਓ। * ਬੁਢਾਪੇ ਵਿਚ ਅਸ਼ਵਗੰਧਾਰਿਸ਼ਟ ਸਵੇਰੇ-ਸ਼ਾਮ ਲਓ ਅਤੇ ਨਾਲ ਹੀ ਚਵਨਪ੍ਰਾਸ਼ ਸਵੇਰੇ-ਸ਼ਾਮ ਰੋਜ਼ਾਨਾ ਲਓ।

ਦਵਾਈਆਂ ਨਾਲ ਆਰਾਮ ਨਾ ਮਿਲਣ ਤੇ ਰੋਗੀ ਨੂੰ ਆਪਰੇਸ਼ਨ ਦੀ ਸਲਾਹ ਦਿੱਤੀ ਜਾਂਦੀ ਹੈ ਪਰ ਇਹ ਗਾਰੰਟੀ ਨਹੀਂ ਰਹਿੰਦੀ ਕਿ ਮਰੀਜ਼ ਪਹਿਲਾਂ ਵਾਂਗ ਠੀਕ ਹੋ ਸਕੇਗਾ ਕਿਉਂਕਿ ਇਸ ਤਰ੍ਹਾਂ ਦੇ ਕਈ ਆਪਰੇਸ਼ਨ ਕਰ ਚੁੱਕੇ ਡਾਕਟਰਾਂ ਦਾ ਕਹਿਣਾ ਹੈ ਕਿ ਇਸ ਤਰ੍ਹਾਂ ਦੇ ਆਪ੍ਰੇਸ਼ਨ ਤੋਂ ਬਾਅਦ ਰੋਗੀ ਨੂੰ ਜ਼ਮੀਨ ਤੇ ਨਾ ਬੈਠਣ ਦੀ ਸਲਾਹ ਦਿੱਤੀ ਜਾਂਦੀ ਹੈ ਅਤੇ ਅਜਿਹੀ ਸਥਿਤੀ ਵਿਚ ਜੇ ਮਰੀਜ਼ ਨੇ ਗੱਲ ਨਾ ਮੰਨੀ ਤਾਂ ਦੁਬਾਰਾ ਆਪਰੇਸ਼ਨ ਕਰਵਾਉਣਾ ਪੈਂਦਾ ਹੈ।

ਆਖਿਰ ਰੋਗੀ ਕਦੋਂ ਤੱਕ ਆਪਰੇਸ਼ਨ ਕਰਵਾਏਗਾ ? ਇਸ ਤੋਂ ਬਿਹਤਰ ਹੈ ਖਾਣ-ਪੀਣ ਤੇ ਕੰਟਰੋਲ ਕਰਕੇ, ਰੋਜ਼ਾਨਾ ਕਸਰਤ, ਇਲਾਜ, ਨੈਚਰੋਪੈਥੀ ਅਤੇ ਪੰਚਕਰਮ ਕਰੀਏ ਤਾਂ ਕਿ ਹੌਲੀ-ਹੌਲੀ ਇਸ ਤਕਲੀਫ਼ ਤੋਂ ਛੁਟਕਾਰਾ ਮਿਲ ਸਕੇ।



# ਪਾਚਣ-ਤੰਤਰ ਨੂੰ ਮਜ਼ਬੂਤ ਕਰਦੈ ਸੰਤਰਾ

ਸੰਤਰਾ ਸਰਦੀਆਂ ਦੇ ਮੌਸਮ ਦਾ ਮਸ਼ਹੂਰ ਫਲ ਹੈ। ਸੰਤਰੇ ਚ ਵਿਟਾਮਿਨ ਏ, ਬੀ, ਸੀ ਤੋਂ ਇਲਾਵਾ ਫਾਸਫੋਰਸ, ਕੈਲਸ਼ੀਅਮ, ਪ੍ਰੋਟੀਨ ਅਤੇ ਗੁਲੂਕੋਜ਼ ਵੀ ਪਾਇਆ ਜਾਂਦਾ ਹੈ।

ਸੰਤਰਾ ਕਈ ਤਰ੍ਹਾਂ ਦੀਆਂ ਬਿਮਾਰੀਆਂ ਚ ਵੀ ਲਾਭਦਾਇਕ ਹੁੰਦਾ ਹੈ। ਬਿਮਾਰੀ ਤੋਂ ਬਾਅਦ ਕਮਜ਼ੋਰੀ ਹੋਣ ਤੇ ਸੰਤਰੇ ਦਾ ਰਸ ਪੀਣਾ ਵਧੇਰੇ ਲਾਭਦਾਇਕ ਹੈ। ਇਸ ਤੋਂ ਇਲਾਵਾ ਦਿਲ ਅਤੇ ਦਿਮਾਗ ਨੂੰ ਰਾਹਤ ਮਿਲਦੀ ਹੈ। ਭੁੱਖ ਨਾ ਲਗਦੀ ਹੋਵੇ ਤਾਂ ਸੰਤਰੇ ਦਾ ਰਸ ਪੀਣ ਨਾਲ ਭੁੱਖ ਲੱਗਣ ਲਗਦੀ ਹੈ ਅਤੇ ਖਾਣਾ ਵੀ ਛੇਤੀ ਹਜ਼ਮ ਹੁੰਦਾ ਹੈ। ਕਬਜ਼ ਹੋਣ ਤੇ ਇਸ ਦਾ ਰਸ ਪੀਣ ਨਾਲ ਕਬਜ਼ ਦੂਰ ਹੁੰਦੀ ਹੈ। ਬੁਖਾਰ ਹੋਣ ਤੇ ਇਸ ਦਾ ਰਸ ਬਹੁਤ ਫਾਇਦਾ ਪਹੁੰਚਾਉਂਦਾ ਹੈ।ਛੋਟੇ ਬੱਚੇ ਜੋ ਦੁੱਧ ਪੀਂਦੇ ਹਨ, ਉਨ੍ਹਾਂ ਨੂੰ ਸੰਤਰੇ ਦਾ ਰਸ ਦੇਣ ਨਾਲ ਬੱਚੇ ਨੂੰ ਕਬਜ਼ ਨਹੀਂ ਹੁੰਦੀ। ਲਗਾਤਾਰ ਖਾਣ ਨਾਲ ਬੱਚੇ ਰਿਸ਼ਟ-ਪੁਸ਼ਟ ਹੁੰਦੇ ਹਨ। ਗਰਭਵਤੀ ਔਰਤਾਂ ਨੂੰ ਇਸ ਦਾ ਰਸ ਦੇਣ ਨਾਲ ਬੱਚਾ ਸਿਹਤਮੰਦ ਅਤੇ ਖ਼ੂਬਸੂਰਤ ਹੁੰਦਾ ਹੈ।

ਸੰਤਰੇ ਦਾ ਰਸ ਪੀਣ ਨਾਲ ਸਿਹਤ ਚੰਗੀ ਰਹਿੰਦੀ ਹੈ। ਸੰਤਰੇ ਦਾ ਰਸ ਪੀਣ ਨਾਲ ਦੰਦਾਂ ਦੀਆਂ ਕਈ ਬਿਮਾਰੀਆਂ ਦੂਰ ਹੋ ਜਾਂਦੀਆਂ ਹਨ ਅਤੇ ਦੰਦ ਮਜ਼ਬੂਤ ਰਹਿੰਦੇ ਹਨ। ਸੰਤਰੇ ਦੇ ਰਸ ਚ ਕਾਲੀ ਮਿਰਚ ਦਾ ਚੂਰਨ ਮਿਲਾ ਕੇ ਪੀਣ ਨਾਲ ਨਜ਼ਰ ਤੇਜ਼ ਹੁੰਦੀ ਹੈ। ਪੇਟ ਦੀ ਬਿਮਾਰੀ ਹੋਵੇ ਤਾਂ ਇਸ ਦਾ ਰਸ ਬਹੁਤ ਫਾਇਦੇਮੰਦ ਹੁੰਦਾ ਹੈ। ਕਮਜ਼ੋਰ ਪਾਚਣ ਸ਼ਕਤੀ ਵਾਲੇ ਨੂੰ ਇਸ ਦਾ ਰਸ ਵਧੇਰੇ ਪੀਣਾ ਚਾਹੀਦਾ ਹੈ।



# ਖਾਣ ਲਈ ਕਿੰਨੀ ਹੋਵੇ ਨਮਕ ਦੀ ਸਹੀ ਮਾਤਰਾ

**ਭਾਸ਼ਣਾ ਗੁਪਤਾ**

ਵਰਤਮਾਨ ਯੁੱਗ ਵਿਚ ਜ਼ਿਆਦਾਤਰ ਲੋਕ, ਖ਼ਾਸ ਕਰਕੇ ਮਹਾਨਗਰਾਂ ਵਿਚ ਫਾਸਟ ਫੂਡ ਨੂੰ ਬਹੁਤਾ ਮਹੱਤਵ ਦੇਣ ਲੱਗੇ ਹਨ। ਬਾਜ਼ਾਰ ਚ ਬਣੇ ਖਾਣ ਵਾਲੇ ਪਦਾਰਥ ਖਰੀਦਣ ਦਾ ਰਿਵਾਜ ਆਮ ਹੋ ਗਿਆ ਹੈ, ਜਿਸ ਨਾਲ ਸਾਡੇ ਸਰੀਰ ਵਿਚ ਜ਼ਰੂਰਤ ਤੋਂ ਜ਼ਿਆਦਾ ਨਮਕ ਚਲਿਆ ਜਾਂਦਾ ਹੈ।

ਜੋ ਲੋਕ ਨਮਕ ਜ਼ਿਆਦਾ ਖਾਂਦੇ ਹਨ, ਉਨ੍ਹਾਂ ਦੇ ਸਰੀਰ ਵਿਚ ਅਨੇਕ ਤਰ੍ਹਾਂ ਦੇ ਨੁਕਸ ਪੈਦਾ ਹੋ ਜਾਂਦੇ ਹਨ। ਜਿਵੇਂ ਹਾਈ ਬਲੱਡ ਪ੍ਰੈਸ਼ਰ, ਦਿਲ ਦਾ ਦੌਰਾ, ਕੈਲਸ਼ੀਅਮ ਦੀ ਕਮੀ, ਦਮਾ ਤੇ ਗੁਰਦੇ ਸੰਬੰਧੀ ਰੋਗ ਆਦਿ ਹੋਣ ਦੀ ਸੰਭਾਵਨਾ ਰਹਿੰਦੀ ਹੈ।

ਤੁਸੀਂ ਨਮਕ ਖਾ ਸਕਦੇ ਹੋ ਪਰ ਥੋੜ੍ਹੀ ਸੂਝ-ਬੂਝ ਦੇ ਨਾਲ। ਹੁਣ ਵਿਚਾਰਯੋਗ ਤੱਥ ਇਹ ਹੈ ਕਿ ਸਾਨੂੰ ਕਿੰਨਾ ਨਮਕ ਖਾਣਾ ਚਾਹੀਦਾ ਹੈ।

ਸਾਡੇ ਭੋਜਨ ਨੂੰ 75 ਫ਼ੀਸਦੀ ਨਮਕ ਦੀ ਮਾਤਰਾ ਪ੍ਰੋਸੈਸਡ ਭੋਜਨ ਤੋਂ ਹਾਸਲ ਹੁੰਦੀ ਹੈ, 15 ਫ਼ੀਸਦੀ ਨਮਕ ਅਸੀਂ ਖਾਣਾ ਬਣਾਉਂਦੇ ਸਮੇਂ ਉਸ ਵਿਚ ਮਿਲਾਉਂਦੇ ਹਾਂ ਜਾਂ ਫਿਰ ਉੱਪਰ ਤੋਂ ਪਾਉਂਦੇ ਹਾਂ ਅਤੇ 10 ਫ਼ੀਸਦੀ ਨਮਕ ਭੋਜਨ ਵਿਚ ਕੁਦਰਤੀ ਰੂਪ ਨਾਲ ਪਾਇਆ ਜਾਂਦਾ ਹੈ। ਜ਼ਿਆਦਾ ਨਮਕ ਉਨ੍ਹਾਂ ਲੋਕਾਂ ਨੂੰ ਬਹੁਤਾ ਨੁਕਸਾਨ ਨਹੀਂ ਪੁਹੰਚਾਉਂਦਾ ਜੋ ਜ਼ਿਆਦਾ ਤਾਪਮਾਨ ਵਿਚ ਕੰਮ ਕਰਨ ਦੇ ਆਦੀ ਹਨ ਜਾਂ ਫਿਰ ਜਿਨ੍ਹਾਂ ਦੇ ਸਰੀਰ ਤੋਂ ਜ਼ਿਆਦਾ ਪਸੀਨਾ ਨਿਕਲਦਾ ਹੈ।

ਤੁਸੀਂ ਵੀ ਆਪਣੇ ਭੋਜਨ ਵਿਚ ਨਮਕ ਦੀ ਮਾਤਰਾ ਨੂੰ ਘੱਟ ਕਰ ਸਕਦੇ ਹੋ ਪਰ ਇਸ ਲਈ ਤੁਹਾਨੂੰ ਕੁਝ ਜ਼ਰੂਰੀ ਕੋਸ਼ਿਸ਼ਾਂ ਕਰਨੀਆਂ ਪੈਣਗੀਆਂ।

ਨਮਕ ਨੂੰ ਖਾਣੇ ਦੇ ਮੇਜ਼ ਤੇ ਨਾ ਰੱਖੋ। ਜਦੋਂ ਜ਼ਰੂਰੀ ਹੋਵੇ, ਉਦੋਂ ਸੇਂਧਾ ਨਮਕ ਉੱਪਰ ਤੋਂ ਪਾਓ। ਜੇਕਰ ਇਕ ਵਾਰ ਖਾਣੇ ਵਿਚ ਉੱਪਰ ਤੋਂ ਨਮਕ ਪਾਉਣ ਦੀ ਆਦਤ ਪੈ ਜਾਵੇ ਤਾਂ ਕਈ ਵਾਰ ਅਸੀਂ ਬਿਨਾਂ ਚਖਿਆਂ ਹੀ ਖਾਣੇ ਵਿਚ ਨਮਕ ਪਾ ਲੈਂਦੇ ਹਾਂ, ਜਿਸ ਨਾਲ ਸਾਨੂੰ ਨਮਕ ਜ਼ਿਆਦਾ ਖਾਣ ਦੀ ਆਦਤ ਪੈ ਸਕਦੀ ਹੈ। ਅਖੀਰ ਭੋਜਨ ਕਰਨ ਤੋਂ ਪਹਿਲਾਂ ਦੇਖ ਲਓ ਕਿ, ਕੀ ਖਾਣੇ ਵਿਚ ਨਮਕ ਘੱਟ ਹੈ ਵੀ ਜਾਂ ਨਹੀਂ।

ਨਮਕਦਾਨੀ ਵਿਚ ਬਹੁਤ ਛੋਟਾ ਸੁਰਾਖ ਰੱਖੋ। ਨਵੀਆਂ ਖੋਜਾਂ ਅਨੁਸਾਰ ਜੇਕਰ ਨਮਕਦਾਨੀ ਦੇ ਸੁਰਾਖ ਦਾ ਆਕਾਰ ਆਮ ਆਕਾਰ ਦੇ ਮੁਕਾਬਲੇ ਅੱਧਾ ਹੋਵੇਗਾ ਤਾਂ ਲੋਕਾਂ ਵਿਚ ਨਮਕ ਵਰਤੋਂ ਕਰਨ ਦੀ ਮਾਤਰਾ ਵਿਚ ਵੀ ਓਨੀ ਹੀ ਕਮੀ ਆਵੇਗੀ। ਜਿਥੋਂ ਤੱਕ ਸੰਭਵ ਹੋਵੇ ਭੋਜਨ ਨੂੰ ਬਿਨਾਂ ਨਮਕ ਦੇ ਪਕਾਇਆ ਕਰੋ। ਇਸ ਤਰ੍ਹਾਂ ਦੇ ਪਕਵਾਨਾਂ ਦੀ ਚੋਣ ਕਰੋ ਜਿਨ੍ਹਾਂ ਵਿਚ ਨਮਕ ਦੀ ਮਾਤਰਾ ਘੱਟ ਤੋਂ ਘੱਟ ਹੋਵੇ। ਵੱਖ-ਵੱਖ ਤਰ੍ਹਾਂ ਦੇ ਪਕਵਾਨ ਜਿਵੇਂ ਸੂਪ ਤੇ ਚਟਨੀਆਂ ਆਦਿ ਘਰ ਵਿਚ ਹੀ ਬਣਾਉਣ ਦੀ ਕੋਸ਼ਿਸ਼ ਕਰੋ ਕਿਉਂਕਿ ਬਾਜ਼ਾਰ ਵਿਚ ਮਿਲਣ ਵਾਲੇ ਇਸ ਤਰ੍ਹਾਂ ਦੇ ਪਕਵਾਨਾਂ ਵਿਚ ਬਹੁਤ ਜ਼ਿਆਦਾ ਨਮਕ ਹੁੰਦਾ ਹੈ। ਜਿਥੋਂ ਤੱਕ ਸੰਭਵ ਹੋਵੇ ਸਬਜ਼ੀਆਂ ਨੂੰ ਬਿਨਾਂ ਨਮਕ ਦੇ ਸਾਦੇ ਪਾਣੀ ਵਿਚ ਪਕਾਓ।

ਚਾਵਲ, ਕਣਕ ਦਾ ਆਟਾ, ਬ੍ਰੈੱਡ ਤੇ ਦਾਲਾਂ ਆਦਿ ਦੀ ਜ਼ਿਆਦਾ ਵਰਤੋਂ ਕਰੋ ਜਿਨ੍ਹਾਂ ਵਿਚ ਨਮਕ ਦੀ ਮਾਤਰਾ ਘੱਟ ਹੋਵੇ ਤੇ ਰੇਸ਼ੇ ਭਰਪੂਰ ਮਾਤਰਾ ਵਿਚ ਹੋਣ। ਮਾਹਿਰਾਂ ਅਨੁਸਾਰ ਸਾਨੂੰ ਜ਼ਿਆਦਾ ਪੋਟਾਸ਼ੀਅਮ ਵਾਲੇ ਭੋਜਨ ਖਾਣੇ ਚਾਹੀਦੇ ਹਨ ਜਿਵੇਂ ਫਲ, ਸਬਜ਼ੀਆਂ ਆਦਿ।

ਜਿਥੋਂ ਤੱਕ ਸੰਭਵ ਹੋਵੇ ਲੋਨਾ ਨਮਕ ਦੀ ਵਰਤੋਂ ਕਰੋ। ਇਹ ਸਿਹਤ ਸੰਬੰਧੀ ਦੁਕਾਨਾਂ ਤੇ ਸੌਖਿਆਂ ਨਾਲ ਮਿਲ ਜਾਂਦਾ ਹੈ। ਇਸ ਵਿਚ 60 ਫ਼ੀਸਦੀ ਘੱਟ ਸੋਡੀਅਮ ਹੁੰਦਾ ਹੈ। ਇਸ ਵਿਚ ਕਾਫ਼ੀ ਮਾਤਰਾ ਵਿਚ ਮੈਗਨੀਸ਼ੀਅਮ ਤੇ ਪੋਟਾਸ਼ੀਅਮ ਵੀ ਪਾਇਆ ਜਾਂਦਾ ਹੈ। ਇਹ ਦੋਵੇਂ ਤਰ੍ਹਾਂ ਦੇ ਬਲੱਡ ਪ੍ਰੈਸ਼ਰ ਨੂੰ ਘੱਟ ਕਰਨ ਵਿਚ ਸਹਾਇਕ ਹਨ। ਜਿਥੋਂ ਤੱਕ ਹੋ ਸਕੇ, ਮੱਖਣ ਦੀ ਬਜਾਏ ਵਨਸਪਤੀ ਤੇਲਾਂ ਦੀ ਵਰਤੋਂ ਕਰੋ ਕਿਉਂਕਿ ਮੱਖਣ ਵਿਚ ਨਮਕ ਦੀ ਮਾਤਰਾ ਜ਼ਿਆਦਾ ਹੁੰਦੀ ਹੈ। ਭੋਜਨ ਨੂੰ ਮਸਾਲਿਆਂ ਤੇ ਜੜ੍ਹੀਆਂ ਬੂਟੀਆਂ ਨਾਲ ਸਵਾਦੀ ਬਣਾਉਣ ਦੀ ਕੋਸ਼ਿਸ਼ ਕਰੋ ਪਰ ਨਮਕ ਦੀ ਮਾਤਰਾ ਘੱਟ ਤੋਂ ਘੱਟ ਰੱਖੋ।

ਚਾਈਨੀਜ਼ ਭੋਜਨ, ਸੋਇਆ ਸੌਸ, ਬੋਤਲ ਬੰਦ ਚਟਨੀਆਂ, ਡੱਬਾ ਬੰਦ ਜੂਸ ਆਦਿ ਚੀਜ਼ਾਂ ਦੀ ਵਰਤੋਂ ਕਰਨ ਤੋਂ ਬਚੋ, ਜਿਵੇਂ ਨਮਕੀਨ, ਕੁਰਕੁਰੇ ਆਦਿ। ਇਥੋਂ ਤੱਕ ਕਿ ਚਾਕਲੇਟ ਆਦਿ ਵੀ ਘੱਟ ਤੋਂ ਘੱਟ ਖਾਣੀ ਚਾਹੀਦੀ।

ਜ਼ਿਆਦਾਤਰ ਜੰਕ ਫੂਡ ਤੇ ਫਾਸਟ ਫੂਡ ਸੋਡੀਅਮ ਨਾਲ ਭਰਪੂਰ ਹੁੰਦੇ ਹਨ। ਸੋ, ਅਖੀਰ ਇਨ੍ਹਾਂ ਤੋਂ ਪਰਹੇਜ਼ ਕਰੋ। ਨਮਕੀਨ ਚੀਜ਼ਾਂ ਵਿਚ ਤਾਂ ਨਮਕ ਦੀ ਜ਼ਿਆਦਾ ਮਾਤਰਾ ਰਹਿੰਦੀ ਹੀ ਹੈ ਜੋ ਸਾਡੀ ਸਿਹਤ ਲਈ ਕਾਫ਼ੀ ਨੁਕਸਾਨਦੇਹ ਹੁੰਦੀ ਹੈ।

# ਉਨੀਂਦਰਾ ਹੈ ਕਈ ਬਿਮਾਰੀਆਂ ਦੀ ਜੜ੍ਹ

**ਪਰਮਜੀਤ ਸਿੰਘ**

ਸਿਆਣੇ ਆਖ਼ਦੇ ਹਨ ਨੀਂਦ ਨਾ ਵੇਖੇ ਬਿਸਤਰਾ ਤੇ ਭੁੱਖ ਨਾ ਵੇਖੇ ਰਾਤ । ਭਾਵ ਜੇ ਨੀਂਦ ਆਈ ਹੋਵੇ ਤਾਂ ਕੋਈ ਫ਼ਰਕ ਨਹੀਂ ਪੈਂਦਾ ਕਿ ਤੁਸੀਂ ਪੱਥਰਾਂ ਦੀ ਸੇਜ ਤੇ ਲੇਟੇ ਹੋ ਜਾਂ ਫਿਰ ਕਿਸੇ ਲੱਕੜੀ ਜਾਂ ਲੋਹੇ ਦੇ ਬੈਂਚ ਉੱਤੇ , ਪਰ ਜੇਕਰ ਨੀਂਦ ਨਹੀਂ ਆਉਂਦੀ ਹੈ ਤਾਂ ਫਿਰ ਚਾਹੇ ਫੁੱਲਾਂ ਦੀ ਸੇਜ ਵਿਛੀ ਹੋਵੇ ਤੇ ਚਾਹੇ ਮਖ਼ਮਲੀ ਮੁਲਾਇਮ ਤੇ ਗੱਦੇਦਾਰ ਬਿਸਤਰਾ ਹੋਵੇ, ਸਭ ਕੁਝ ਵਿਅਰਥ ਜਾਪਦਾ ਹੈ। ਉਨੀਂਦਰਾ ਹੰਢਾਉਣ ਵਾਲੇ ਵਿਅਕਤੀ ਦੱਸ ਸਕਦੇ ਹਨ ਕਿ ਕਿਵੇਂ ਰਾਤ ਨੂੰ ਬਿਸਤਰੇ ਤੇ ਲੇਟਿਆਂ ਉਨ੍ਹਾਂ ਦਾ ਇਕ-ਇਕ ਪਲ ਤੜਫ਼-ਤੜਫ਼ ਕੇ ਬੀਤਦਾ ਹੈ। ਹਾਲਾਤ ਉਦੋਂ ਹੋਰ ਵੀ ਬਦਤਰ ਹੋ ਨਿੱਬੜਦੇ ਹਨ ਜਦੋਂ ਨੀਂਦ ਦੀਆਂ ਗੋਲੀਆਂ ਖਾ ਕੇ ਵੀ ਨੀਂਦ ਨਹੀਂ ਆਉਂਦੀ। ਉਨੀਂਦਰਾ ਅਸਲ ਵਿਚ ਆਪਣੇ ਆਪ ਵਿਚ ਹੀ ਇਕ ਰੋਗ ਵੀ ਹੈ ਤੇ ਇਕ ਸਜ਼ਾ ਵੀ। ਬਹੁਤ ਘੱਟ ਲੋਕ ਜਾਣਦੇ ਹਨ ਕਿ ਵਿਸ਼ਵ ਪੱਧਰ ਤੇ ਨੀਂਦ ਨਾਲ ਸੰਬੰਧਿਤ ਕਈ ਜਥੇਬੰਦੀਆਂ ਸਰਗਰਮ ਹਨ ਤੇ ਹਰ ਸਾਲ ਦੁਨੀਆ ਵਿਚ ਵਿਸ਼ਵ ਨੀਂਦ



ਦਿਵਸ ਮਨਾਇਆ ਜਾਂਦਾ ਹੈ ਜੋ ਕਿ ਇਸ ਸਾਲ 18 ਮਾਰਚ ਦੇ ਦਿਨ ਮਨਾਇਆ ਜਾ ਰਿਹਾ ਹੈ। ਪਹਿਲੀ ਵਾਰ ਇਹ ਦਿਵਸ ਸੰਨ 2008 ਵਿਚ ਮਨਾਇਆ ਗਿਆ ਸੀ। ਇਸ ਦਿਵਸ ਨੂੰ ਮਨਾਉਣ ਦੀ ਸ਼ੁਰੂਆਤ ਵਰਲਡ ਐਸੋਸੀਏਸ਼ਨ ਆਫ਼ ਸਲੀਪ ਮੈਡੀਸਨ ਨੇ ਕੀਤੀ ਸੀ ਜਿਸ ਨੂੰ ਕਿ ਹੁਣ ਵਰਲਡ ਸਲੀਪ ਸੁਸਇਟੀ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ ਤੇ ਜਿਸ ਨਾਲ ਹੁਣ ਕਈ ਵਰਲਡ ਸਲੀਪ ਕਮੇਟੀਆਂ ਜੁੜੀਆਂ ਹੋਈਆਂ ਹਨ। ਇਹ ਦਿਵਸ ਅਸਲ ਵਿਚ ਹੈਲਥ ਕੇਅਰ ਪ੍ਰੋਵਾਈਡਰਾਂ ਅਤੇ ਮੈਡੀਕਲ ਜਗਤ ਦੀਆਂ ਜਥੇਬੰਦੀਆਂ ਵਲੋਂ ਇਸ ਉਦੇਸ਼ ਨਾਲ ਸ਼ੁਰੂ ਕੀਤਾ ਗਿਆ ਸੀ ਕਿ ਆਮ ਲੋਕਾਂ ਦਾ ਧਿਆਨ ਇਸ ਗੱਲ ਵੱਲ ਦੁਆਇਆ ਜਾ ਸਕੇ ਕਿ ਇਕ ਤੰਦਰੁਸਤ ਜੀਵਨ ਜਿਊਣ ਲਈ ਹਰੇਕ ਮਨੁੱਖ ਲਈ ਰੋਜ਼ਾਨਾ ਘੱਟੋ-ਘੱਟ ਅੱਠ ਘੰਟਿਆਂ ਲਈ ਸੌਣਾ ਬਹੁਤ ਜ਼ਰੂਰੀ ਹੈ ਤੇ ਨੀਂਦ ਵੀ ਜੇ ਭਰਵੀਂ ਤੇ ਗੂੜ੍ਹੀ ਆਵੇ ਤਾਂ ਕਈ ਤਰ੍ਹਾਂ ਦੀ ਸਰੀਰਕ ਤੇ ਦਿਮਾਗੀ ਥਕਾਵਟ ਤੋਂ ਰਾਹਤ ਹਾਸਲ ਕੀਤੀ ਜਾ ਸਕਦੀ ਹੈ। ਸਿਹਤ ਮਾਹਰਾਂ ਅਨੁਸਾਰ ਉਨੀਂਦਰਾ ਸਾਡੀ ਸਰੀਰਕ, ਮਾਨਸਿਕ ਅਤੇ ਭਾਵਨਾਤਮਿਕ ਸਿਹਤ ਤੇ ਬੁਰਾ ਅਸਰ ਪਾਉਂਦਾ ਹੈ ਤੇ ਸਾਨੂੰ ਬਿਮਾਰ, ਦੁਖੀ, ਚਿੜਚਿੜੇ ਤੇ ਗੁਸੈਲ ਸੁਭਾਅ ਵਾਲਾ ਬਣਾ ਸਕਦਾ ਹੈ। ਇਹ ਦਿਨ ਆਮ ਲੋਕਾਂ ਨੂੰ ਚੰਗੀ ਨੀਂਦ ਦਾ ਮਹੱਤਵ ਸਮਝਾਉਣ ਲਈ ਤੇ ਉਨੀਂਦਰੇ ਨਾਲ ਜੁੜੇ ਮਹੱਤਵਪੂਰਨ ਪੱਖਾਂ ਸੰਬੰਧੀ ਜਾਗਰੂਕ ਕਰਨ ਲਈ ਦੁਨੀਆ ਭਰ ਦੇ 90 ਤੋਂ ਵੱਧ ਦੇਸ਼ਾਂ ਵਿਚ ਮਨਾਇਆ ਜਾਂਦਾ ਹੈ।

ਅਮਰੀਕਾ ਵਿਖੇ ਸਥਿਤ ਅਮੈਰੀਕਨ ਸਲੀਪ ਐਸੋਸੀਏਸ਼ਨ ਅਨੁਸਾਰ ਅਮਰੀਕਾ ਦੇ 5 ਤੋਂ 7 ਕਰੋੜ ਲੋਕਾਂ ਨੂੰ ਨੀਂਦ ਨਾਲ ਸੰਬੰਧਿਤ ਰੋਗ ਹਨ ਜਿਨ੍ਹਾਂ ਵਿਚੋਂ ਵੱਡੀ ਗਿਣਤੀ ਤਾਂ ਉਨੀਂਦਰੇ ਦੇ ਮਾਰੇ ਉਨ੍ਹਾਂ ਲੋਕਾਂ ਦੀ ਹੈ, ਜਿਨ੍ਹਾਂ ਨੂੰ ਨੀਂਦ ਲਿਆਉਣ ਵਾਲੀਆਂ ਕਈ ਤਰ੍ਹਾਂ ਦੀਆਂ ਦਵਾਈਆਂ ਖਾਣ ਤੋਂ ਬਾਅਦ ਜਾਂ ਹੋਰ ਨਸ਼ੀਲੇ ਪਦਾਰਥ ਲੈਣ ਤੋਂ ਬਾਅਦ ਵੀ ਨੀਂਦ ਨਹੀਂ ਆਉਂਦੀ ਹੈ, ਜਿਸ ਕਰਕੇ ਉਨ੍ਹਾਂ ਦੀ ਦਿਨ ਵੇਲੇ ਚੱਲਣ ਵਾਲੀ ਨੌਕਰੀ ਜਾਂ ਕੰਮਕਾਜ ਬਹੁਤ ਪ੍ਰਭਾਵਿਤ ਹੁੰਦੇ ਹਨ। ਅਮਰੀਕਾ ਵਿਚ ਉਨੀਂਦਰੇ ਕਾਰਨ ਹਰ ਸਾਲ 400 ਬਿਲੀਅਨ ਡਾਲਰ ਦਾ ਨੁਕਸਾਨ ਹੁੰਦਾ ਹੈ ਜਦੋਂ ਕਿ ਜਾਪਾਨ, ਜਰਮਨੀ, ਯੂ.ਕੇ.ਅਤੇ ਕੈਨੇਡਾ ਵਿਚ ਇਹ ਨੁਕਸਾਨ ਕ੍ਰਮਵਾਰ 138 ਬਿਲੀਅਨ, 60 ਬਿਲੀਅਨ, 50 ਬਿਲੀਅਨ ਅਤੇ 21 ਬਿਲੀਅਨ ਡਾਲਰ ਦਾ ਹੁੰਦਾ ਹੈ। ਇਸ ਨੁਕਸਾਨ ਵਿਚ ਉਨੀਂਦਰਾ ਹਟਾਉਣ ਲਈ ਲਈਆਂ ਜਾਣ ਵਾਲੀਆਂ ਦਵਾਈਆਂ, ਹੋਰ ਇਲਾਜ, ਹਾਦਸਿਆਂ ਵਿਚ ਹੁੰਦੇ ਨੁਕਸਾਨ ਤੇ ਦਫ਼ਤਰਾਂ ਤੇ ਫ਼ੈਕਟਰੀਆਂ ਵਿਚ ਹੋਣ ਵਾਲੇ ਕੰਮ ਦੇ ਨੁਕਸਾਨ ਦੀ ਲਾਗਤ ਨੂੰ ਸ਼ਾਮਿਲ ਕੀਤਾ ਗਿਆ ਹੈ। ਵਿਸ਼ਵ ਨੀਂਦ ਦਿਵਸ ਮੌਕੇ ਹਰ ਸਾਲ ਵਿਸ਼ੇਸ਼ ਥੀਮ ਵੀ ਚੁਣੇ ਜਾਂਦੇ ਹਨ। ਸਾਲ 2020 ਦਾ ਥੀਮ ਸੀ- ਬਿਹਤਰ ਨੀਂਦ, ਬਿਹਤਰ ਜ਼ਿੰਦਗੀ । ਸਾਲ 2021 ਦਾ ਥੀਮ ਸੀ ਗੂੜ੍ਹੀ ਤੇ ਵਧੀਆ ਨੀਂਦ-ਸਿਹਤਮੰਦ ਭਵਿੱਖ ਜਦੋਂ ਕਿ ਸੰਨ 2022 ਲਈ ਜੋ ਥੀਮ ਚੁਣਿਆ ਗਿਆ ਹੈ, ਉਹ ਹੈ- ਵਧੀਆ ਨੀਂਦ, ਤੰਦਰੁਸਤ ਮਨ ਅਤੇ ਖ਼ੁਸ਼ਹਾਲ ਸੰਸਾਰ । ਸਿਹਤ ਮਾਹਰਾਂ ਅਨੁਸਾਰ ਅੱਠ ਘੰਟਿਆਂ ਦੀ ਗੂੜ੍ਹੀ ਅਤੇ ਅਣਟੁੱਟਵੀਂ ਨੀਂਦ ਅਤੇ ਉਹ ਵੀ ਬਿਨਾਂ ਕਿਸੇ ਦਵਾਈ ਜਾਂ ਨਸ਼ੀਲੇ ਪਦਾਰਥ ਤੋਂ, ਮਨੁੱਖਾ ਜੀਵਨ ਲਈ ਇਕ ਵਰਦਾਨ ਹੈ। ਕਈ ਵਿਦਵਾਨ ਤਾਂ ਇਹ ਵੀ ਮੰਨਦੇ ਹਨ ਕਿ ਜੇਕਰ ਕੋਈ ਕੰਮਕਾਜੀ ਵਿਅਕਤੀ ਦੁਪਹਿਰ ਦੇ ਖਾਣੇ ਤੋਂ ਬਾਅਦ 20 ਮਿੰਟ ਲਈ ਨੀਂਦ ਦੀ ਝਪਕੀ ਲੈਂਦਾ ਹੈ ਤਾਂ ਉਹ ਮੁੜ ਤਰੋਤਾਜ਼ਾ ਹੋ ਕੇ ਆਪਣੇ ਅਗਲੇ ਕੰਮ ਵਧੀਆ ਢੰਗ ਨਾਲ ਨਿਪਟਾ ਸਕਦਾ ਹੈ। ਸਿਹਤ ਮਾਹਰਾਂ ਅਨੁਸਾਰ ਚੰਗੀ ਨੀਂਦ ਲੈਣ ਲਈ ਚੰਗੀਆਂ ਆਦਤਾਂ ਦਾ ਹੋਣਾ ਬੇਹੱਦ ਜ਼ਰੂਰੀ ਹੈ। ਜਿਵੇਂ ਕਿ ਹਰ ਰੋਜ਼ ਰਾਤ ਨੂੰ ਸੌਣ ਅਤੇ ਸਵੇਰੇ ਉੱਠਣ ਦਾ ਇਕ ਨਿਸ਼ਚਿਤ ਸਮਾਂ ਹੋਣਾ ਚਾਹੀਦਾ ਹੈ।

# ਤਣਾਅ ਮੁਕਤੀ ਦਾ ਸਫ਼ਲ ਉਪਾਅ

ਅੱਜਕਲ੍ਹ ਦੀ ਭੱਜ-ਦੌੜ ਦੀ ਜ਼ਿੰਦਗੀ ਵਿਚ ਅਕਸਰ ਲੋਕ ਕੁਝ ਹੱਦ ਤੱਕ ਤਣਾਅ ਵਿਚ ਰਹਿੰਦੇ ਹਨ। ਤਣਾਅ ਪੈਦਾ ਹੋਣ ਦੇ ਕਈ ਕਾਰਨ ਹੋ ਸਕਦੇ ਹਨ। ਜਿਵੇਂ ਕਿਸੇ ਤਰ੍ਹਾਂ ਦਾ ਟਕਰਾਅ, ਵਧਦੀ ਮੁਕਾਬਲੇਬਾਜ਼ੀ, ਕੰਮ ਕਰਨ ਦੀ ਸਮਾਂ-ਹੱਦ, ਪੈਸਾ ਕਮਾਉਣ ਦੀ ਹੋੜ, ਦੁੱਖ, ਨਾਕਾਮਯਾਬੀ ਆਦਿ।

ਅਜਿਹੀ ਸਥਿਤੀ ਵਿਚ ਤੁਸੀਂ ਖ਼ੁਦ ਨੂੰ ਸਮਝੋ ਅਤੇ



ਆਪਣੀ ਸਮਰੱਥਾ ਅਨੁਸਾਰ ਕੰਮ ਵਿਚ ਲਚਕੀਲਾ ਰੁਖ਼ ਅਪਣਾਓ ਤਾਂ ਕਿ ਤੁਸੀਂ ਲਗਾਤਾਰ ਉਤਸ਼ਾਹਿਤ ਹੁੰਦੇ ਰਹੋ। ਖ਼ੈਰ, ਤਣਾਅ ਤੋਂ ਮੁਕਤੀ ਪਾਉਣ ਲਈ ਸਹਿਜ ਤਰੀਕੇ ਰਾਹੀਂ ਤੁਹਾਨੂੰ ਮਿਲੇਗੀ ਮੁਕਤੀ ਅਤੇ ਮਾਨਸਿਕ ਸ਼ਾਂਤੀ। ਪੇਸ਼ ਹੈ ਇਥੇ ਹੇਠ ਲਿਖੀਆਂ ਕੁਝ ਅਹਿਮ ਜਾਣਕਾਰੀਆਂ

ਹਾਂ-ਪੱਖੀ ਸੋਚ : ਤੁਸੀਂ ਨਕਾਰਾਤਮਿਕਤਾ ਨੂੰ ਤਿਆਗ ਕੇ ਹਾਂ-ਪੱਖੀ ਸੋਚ ਰੱਖੋ। ਇਹ ਸੋਚ ਹਮੇਸ਼ਾ ਸਾਨੂੰ ਦਿਮਾਗ ਦੇ ਅੰਦਰ ਅਤੇ ਬਾਹਰ ਕਿਸੇ ਵੀ ਗੱਲ ਤੋਂ ਪ੍ਰੇਸ਼ਾਨ ਨਹੀਂ ਹੋਣ ਦਿੰਦੀ ਅਤੇ ਦਿਸ਼ਾ-ਨਿਰਦੇਸ਼ ਦੇ ਕੇ ਸ਼ਾਂਤੀ ਪੱਧਰ ਤੱਕ ਪਹੁੰਚਾਉਂਦੀ ਹੈ ਜਦੋਂ ਕਿ ਨਾਂਹ-ਪੱਖੀ ਸੋਚ ਸਾਡੀ ਜ਼ਿੰਦਗੀ ਨੂੰ ਭਰਮਾਂ ਵਿਚ ਪਾਉਂਦੀ ਹੈ।

**ਪ੍ਰਾਣਾਯਾਮ ਅਤੇ ਕਸਰਤ :** ਦਿਮਾਗ ਨੂੰ ਤਾਜ਼ਾ ਰੱਖਣ ਲਈ ਪ੍ਰਾਣਾਯਾਮ ਜਾਂ ਕਸਰਤ ਇਕ ਬੇਹੱਦ ਉਪਯੋਗੀ ਸਾਧਨ ਹੈ। ਇਸ ਦੇ ਲਗਾਤਾਰ ਅਭਿਆਸ ਕਰਨ ਨਾਲ ਤੁਸੀਂ ਸ਼ਾਂਤ ਸੁਭਾਅ ਤਾਂ ਬਣਦੇ ਹੀ ਹੋ, ਨਾਲ ਹੀ ਹਲਕਾ-ਫੁਲਕਾ ਵੀ ਮਹਿਸੂਸ ਕਰਦੇ ਹੋ ਅਤੇ ਆਪਣੇ ਅੰਦਰ ਮੌਜੂਦ ਊਰਜਾ ਦੀ ਸਹੀ ਵਰਤੋਂ ਕਰਦੇ ਹੋ ਅਤੇ ਤਣਾਅ ਰਹਿਤ ਹੋ ਜਾਂਦੇ ਹੋ।

**ਖ਼ੁਸ਼ੀ :** ਹਰ ਦਰਦ ਦੀ ਦਵਾਈ ਖ਼ੁਸ਼ੀ ਹੈ। ਤਣਾਅ ਮੁਕਤੀ ਲਈ ਹਾਸੇ-ਮਜ਼ਾਕ ਨੂੰ ਜ਼ਿੰਦਗੀ ਵਿਚ ਸ਼ਾਮਿਲ ਕਰਕੇ ਖ਼ੁਸ਼ ਰਹਿ ਸਕਦੇ ਹਾਂ। ਇਹ ਗੁੱਸੇ, ਚਿੰਤਾ, ਖਿੱਝ, ਨਿਰਾਸ਼ਾ ਅਤੇ ਚਿੜਚਿੜਾਪਨ ਆਦਿ ਤੇ ਮੱਲ੍ਹਮ ਦਾ ਕੰਮ ਕਰਦੀ ਹੈ।

**ਰੋਜ਼ਾਨਾ ਜੀਵਨ ਵਿਚ ਬਦਲਾਅ :** ਰੋਜ਼ਾਨਾ ਇਕ ਹੀ ਕੰਮ ਕਰਨ ਜਾਂ ਇਕ ਥਾਂ ਤੇ ਠਹਿਰਨ ਕਾਰਨ ਸੁਭਾਅ ਤਬਦੀਲੀ ਚਾਹੁੰਦਾ ਹੈ ਤਾਂ ਰੁਚੀ ਅਨੁਸਾਰ ਰੋਜ਼ਾਨਾ ਦੀ ਜੀਵਨ-ਸ਼ੈਲੀ ਵਿਚ ਬਦਲਾਅ ਲਿਆਉਣ ਦੀ ਕੋਸ਼ਿਸ਼ ਕਰੋ। ਇਸ ਨਾਲ ਤੁਸੀਂ ਖ਼ੁਦ ਚੰਗਾ ਮਹਿਸੂਸ ਕਰੋਗੇ ਅਤੇ ਜੀਵਨ ਦੀ ਇਕਸਾਰਤਾ ਵੀ ਟੁੱਟੇਗੀ।

**ਆਪਣੇ ਲਈ ਸਮਾਂ :** ਭੱਜ-ਦੌੜ ਦੀ ਜ਼ਿੰਦਗੀ ਵਿਚ ਆਪਣੇ ਲਈ ਕੁਝ ਸਮਾਂ ਕੱਢੋ। ਇਹ ਤੁਹਾਡਾ ਹੱਕ ਹੈ ਜਿਸ ਦੇ ਆਧਾਰ ਤੇ ਤੁਸੀਂ ਤੈਅ ਕਰ ਸਕਦੇ ਹੋ ਕਿ ਤੁਹਾਡੀ ਮੰਜ਼ਿਲ ਕੀ ਹੈ ? ਇਹ ਤੁਹਾਡੀ ਨਿੱਜੀ ਖੋਜ ਹੈ। ਇਸ ਨੂੰ ਕੋਈ ਖੋਹ ਨਹੀਂ ਸਕਦਾ।

**ਨਵੀਂ ਪਹਿਲ :** ਅਕਸਰ ਮੌਕਾ ਖੁੰਝ ਜਾਣ ਤੋਂ ਬਾਅਦ ਪਛਤਾਵੇ ਤੋਂ ਇਲਾਵਾ ਹੋਰ ਕੁਝ ਹੱਥ ਨਹੀਂ ਲਗਦਾ। ਇਸ ਲਈ ਜੋ ਬੀਤ ਗਿਆ, ਸੋ ਬੀਤ ਗਿਆ ਵਾਲੀ ਕਹਾਵਤ ਦਾ ਅਮਲ ਅਪਣਾਓ ਅਤੇ ਭਵਿੱਖ ਬਾਰੇ ਸੋਚਦਿਆਂ ਨਵੀਂ ਪਹਿਲ ਕਰੋ।

**ਰਚਨਾਤਮਿਕ ਕੰਮ :** ਵਿਹਲਾ ਸਮਾਂ ਮੂਡ ਦਾ ਸਭ ਤੋਂ ਵੱਡਾ ਦੁਸ਼ਮਣ ਮੰਨਿਆ ਗਿਆ ਹੈ। ਇਸ ਲਈ ਸਦਾ ਦਿਮਾਗ ਨੂੰ ਰਚਨਾਤਮਿਕ ਕੰਮਾਂ ਵਿਚ ਲਗਾਉਣ ਨਾਲ ਮੂਡ ਖੁਸ਼ਨੁਮਾ ਬਣਿਆ ਰਹਿੰਦਾ ਹੈ ਅਤੇ ਮਾਨਸਿਕ ਰੁਕਾਵਟਾਂ ਦੂਰ ਹੋ ਜਾਂਦੀਆਂ ਹਨ।

ਜੇ ਤੁਸੀਂ ਉਪਰੋਕਤ ਨੁਕਤਿਆਂ ਤੇ ਅਮਲ ਕਰੋਗੇ ਤਾਂ ਯਕੀਨਨ ਹੀ ਜ਼ਿੰਦਗੀ ਦੀ ਭੱਜ-ਦੌੜ ਵਿਚ ਤਣਾਅ-ਮੁਕਤ ਹੋ ਕੇ ਤਾਜ਼ਗੀ ਮਹਿਸੂਸ ਕਰੋਗੇ।

# ਭਿਆਨਕ ਰੋਗਾਂ ਦਾ ਸੂਰਜ ਦੀਆਂ ਕਿਰਨਾਂ ਨਾਲ ਇਲਾਜ

**ਰਣਜੀਤ ਸਿੰਘ ਕਾਕਾ**



ਅੱਜ ਦਾ ਯੁੱਗ ਆਧੁਨਿਕਤਾ ਅਤੇ ਆਪਾਧਾਪੀ ਦਾ ਯੁੱਗ ਹੈ। ਆਰਥਿਕ ਅਤੇ ਸਮਾਜਿਕ ਸ਼ੋਸ਼ੇਬਾਜ਼ੀ 'ਚ ਅੱਗੇ ਲੰਘਣ ਦੀ ਦੌੜ ਵਿੱਚ ਲੋਕਾਂ ਨੂੰ ਆਪਣੇ ਖਾਣ ਪੀਣ ਅਤੇ ਸਰੀਰਕ ਕਸਰਤਾਂ ਲਈ ਸਮਾਂ ਨਹੀਂ। ਸਿੱਟੇ ਵਜੋਂ ਕੰਪਿਊਟਰੀਕਰਨ ਦੇ ਇਸ ਯੁੱਗ ਵਿੱਚ ਗਲਤ ਖਾਣ ਪਾਣ, ਰਹਿਣ ਸਹਿਣ, ਉੱਠਣ ਬੈਠਣ ਕਾਰਨ ਲੋਕਾਂ ਨੂੰ ਸਰਵਾਈਕਲ, ਹਾਈ ਬਲੱਡ ਪ੍ਰੈਸ਼ਰ, ਮੋਟਾਪਾ, ਚਮੜੀ, ਅੱਖਾਂ ਅਤੇ ਜੋੜਾਂ ਦੀਆਂ ਬਿਮਾਰੀਆਂ ਦੇ ਨਾਲ-ਨਾਲ ਅਧਰੰਗ, ਕੈਂਸਰ, ਟੀ.ਬੀ., ਹਾਰਟ ਅਟੈਕ ਵਰਗੀਆਂ ਬਿਮਾਰੀਆਂ ਮਨੁੱਖੀ ਸਰੀਰ ਨੂੰ ਚਿੰਬੜੀਆਂ ਹੋਈਆਂ ਹਨ। ਬੇਸ਼ੱਕ ਇਨ੍ਹਾਂ ਬਿਮਾਰੀਆਂ ਦੇ ਇਲਾਜ ਲਈ ਅਤੀ ਆਧੁਨਿਕ ਮਲਟੀਪਰਪਜ਼ ਹਸਪਤਾਲ ਸਥਾਪਤ ਹਨ, ਪਰ ਇੱਥੇ ਇਲਾਜ ਮਹਿੰਗੇ ਭਾਅ ਹੋਣ ਕਾਰਨ ਸਮਾਜ ਦੇ ਆਮ ਲੋਕਾਂ ਦਾ ਇੱਕ ਵੱਡਾ ਹਿੱਸਾ ਇਨ੍ਹਾਂ ਦੀ ਪਹੁੰਚ ਤੋਂ ਬਾਹਰ ਹੈ। ਇਨਾਂ ਲੋਕਾਂ ਲਈ ਸਿਰਫ ਕੁਦਰਤੀ ਇਲਾਜ ਪ੍ਰਣਾਲੀ ਇਨਾਂ ਦੇ ਹਨੇਰੇ ਜੀਵਨ ਵਿੱਚ ਰੌਸ਼ਨੀ ਦੀ ਕਿਰਨ ਨਜ਼ਰ ਆਉਂਦੀ ਹੈ। ਸਿੱਧ ਅੰਮ੍ਰਿਤ ਸੂਰਜ ਕਿਰਿਆ ਯੋਗ ਇੱਕ ਅਜਿਹੀ ਕ੍ਰਾਂਤੀਕਾਰੀ ਸਾਧਨਾ ਹੈ, ਜਿਸ ਨੂੰ ਅਪਣਾ ਕੇ ਮਨੁੱਖ ਸੂਰਜ ਦੀਆਂ ਤੇਜ਼ਮਈ ਕਿਰਨਾਂ ਤੋਂ ਸ਼ਕਤੀ ਲੈਂਦੇ ਹੋਏ, ਬਿਨਾਂ ਕੁੱਝ ਖਰਚਾ ਕੀਤਿਆਂ ਥੋੜ੍ਹਾ ਸਮਾਂ ਕੱਢ ਕੇ ਭਿਆਨਕ ਤੋਂ ਭਿਆਨਕ ਰੋਗਾਂ 'ਤੇ ਮ੍ਰਿਤੂ-ਜਿੱਤ ਮੋਰਚਾ ਲਾਉਣ 'ਚ ਕਾਮਯਾਬ ਹੋ ਜਾਂਦਾ ਹੈ। ਇਸ ਕ੍ਰਾਂਤੀਕਾਰੀ ਸਾਧਨਾ ਸਿੱਧ ਅੰਮ੍ਰਿਤ ਸੂਰਜ ਕਿਰਿਆ ਯੋਗ ਦੀ ਖੋਜ ਪ੍ਰਮਯੋਗੀ ਸਵਾਮੀ ਬੁੱਧ ਪੁਰੀ ਜੀ ਵੱਲੋਂ ਪਿਛਲੇ 35 ਸਾਲਾਂ 'ਚ ਹਿਮਾਲਿਆ ਵਿੱਚ ਖਤਰਨਾਕ ਸਾਧਨਾ ਕਰ ਕੇ ਅਤੇ ਰਿਸ਼ੀਆਂ ਮੁੰਨੀਆਂ ਦੀ ਰਹੱਸਮਈ ਬਾਣੀ ਦਾ ਖੋਜ ਪੂਰਵਕ ਅਨੁਭਵ ਕਰਕੇ ਕੀਤੀ ਹੈ। ਸਵਾਮੀ ਬੁੱਧ ਪੁਰੀ ਅਨੁਸਾਰ ਬ੍ਰਹਿਮੰਡ ਵਿੱਚ ਬਿਰਾਜਮਾਨ ਸੂਰਜ ਦੀ ਮੌਜੂਦਗੀ ਵਿੱਚ ਸਾਧਨਾ ਕਰਨ ਨਾਲ ਪੀਲੀਆ, ਦਿਲ ਦੇ ਰੋਗ, ਕੋਹੜ, ਚਮੜੀ, ਅੱਖਾਂ, ਜੋੜਾਂ ਦੇ ਰੋਗ, ਡਿਪਰੈਸ਼ਨ, ਫੁਲਵਹਿਰੀ, ਬਲੱਡ ਪ੍ਰੈਸ਼ਰ, ਸਰਵਾਈਕਲ, ਟੀ.ਬੀ., ਅਧਰੰਗ, ਕੈਂਸਰ ਵਰਗੇ ਰੋਗ ਬਿਨਾਂ ਕੁੱਝ ਖਰਚਾ ਕੀਤਿਆਂ ਠੀਕ ਹੁੰਦੇ ਹਨ। ਉਪਰੋਕਤ ਕਥਨ ਜੇਕਰ ਮੈਂ ਵੀ ਕੇਵਲ ਪੜ੍ਹਿਆ ਜਾਂ ਸੁਣਿਆ ਹੁੰਦਾ ਸ਼ਾਇਦ ਮੈਂ ਖੁਦ ਵੀ ਜ਼ਿਆਦਾ ਯਕੀਨ ਨਾ ਕਰਦਾ। ਜੇਕਰ ਮੈਂ ਇਸ ਸਾਧਨਾ ਦਾ ਕੈਂਪ ਖੁਦ ਅਟੈਂਡ ਨਾ ਕੀਤਾ ਹੁੰਦਾ। ਇਸ ਕੈਂਪ ਦੌਰਾਨ ਜਿੱਥੇ ਮੈਂ ਖੁਦ ਡਿਪਰੈਸ਼ਨ, ਹੱਥ ਪੈਰ ਸੁੰਨ ਹੋਣ ਅਤੇ ਸਰਵਾਈਕਲ ਤੋਂ ਮਹਿਜ਼ ਇੱਕ ਹਫਤੇ ਵਿੱਚ ਛੁਟਕਾਰਾ ਪਾਇਆ, ਬਲਕਿ ਸਰੀਰ ਵਿੱਚ ਵੀ ਅਨੋਖੇ ਤੇਜ਼ ਅਤੇ ਊਰਜਾ ਦਾ ਅਨੁਭਵ ਕੀਤਾ। ਅਨੁਭਵ ਕਰਨ ਦੇ ਨਾਲ ਨਾਲ ਕੈਂਪ ਲਾਉਣ ਵਾਲੇ ਹੋਰ ਸਾਧਕਾਂ ਨੂੰ ਵੀ ਬਿਮਾਰੀਆਂ ਤੋਂ ਹੈਰਾਨੀਜਨਕ ਢੰਗ ਨਾਲ ਲਾਭ ਹੁੰਦਾ ਵੇਖਿਆ। ਇੱਥੇ ਹੀ ਬੱਸ ਨਹੀਂ ਸੂਰਜ ਅਤੇ ਪ੍ਰਕਾਸ਼ਮਈ ਕਿਰਨਾਂ ਤੋਂ ਰੋਗ ਮੁਕਤ ਹੋਣ ਦੀ ਇਸ ਸਾਧਨਾ ਦੇ ਨਾਲ ਆਪਣੇ ਪਿਤਾ ਜੀ ਦਾ ਕੈਂਸਰ ਅਤੇ ਬੈਡਸੂਲ ਦੇ ਭਿਆਨਕ ਜਖਮ ਵੀ ਠੀਕ ਹੁੰਦੇ ਵੇਖੇ ਹਨ। ਸਿੱਧ ਅੰਮ੍ਰਿਤ ਸੂਰਜ ਕਿਰਿਆਯੋਗ ਇੱਕ ਅਜਿਹੀ ਸਾਧਨਾ ਹੈ ਜਿਸ ਨੂੰ ਕਿਸੇ ਵੀ ਧਰਮ ਜਾਂ ਵਰਗ ਸ਼੍ਰੇਣੀ ਦਾ ਮਨੁੱਖ ਇਸਤਰੀ ਕਰ ਸਕਦਾ ਹੈ। ਖੁੱਲ੍ਹੇ ਗਰਾਊਂਡ ਵਿੱਚ ਸੂਰਜ ਦੇ ਅਕਾਸ਼ ਵਿੱਚ ਪ੍ਰਕਾਸ਼ਮਾਨ ਹੋਣ 'ਤੇ ਕੀਤੀ ਜਾਂਦੀ ਹੈ। ਇਸ ਸਾਧਨਾ ਨੂੰ ਸਵਾਮੀ ਬੁੱਧ ਪੁਰੀ ਜੀ ਦੇ ਸ਼ਬਦ ਸੁਰਤ ਸੰਗਮ ਆਸ਼ਰਮ ਮੱਲ ਕੇ ਜ਼ਿਲ੍ਹਾ ਮੋਗਾ ਤੋਂ ਟ੍ਰੇਂਡ ਸਾਧਕਾਂ ਵੱਲੋਂ ਸਿਖਾਇਆ ਜਾਂਦਾ ਹੈ।

## ਹਿਚਕੀ ਦੂਰ ਕਰਨ ਦੇ ਉਪਾਅ

ਬੇਹੀਆਂ, ਠੰਢੀਆਂ ਚੀਜ਼ਾਂ ਖਾਣ ਨਾਲ, ਮੂੰਹ ਅਤੇ ਨੱਕ ਚ ਬਾਰੀਕ ਮਿੱਟੀ ਦੇ ਜਾਣ ਨਾਲ ਜਾਂ ਵਧੇਰੇ ਮਿਹਨਤ ਨਾਲ ਜਾਂ ਮਲ-ਮੂਤਰ ਆਦਿ ਨੂੰ ਰੋਕਣ ਤੇ ਹਿਚਕੀ ਰੋਗ ਪੈਦਾ ਹੁੰਦਾ ਹੈ। ਹਿਚਕੀ ਰੋਗ ਨੂੰ ਦੂਰ ਕਰਨ ਦੇ ਕਈ ਉਪਾਅ ਹਨ।

* ਗਰਮ ਦੁੱਧ ਚ ਘਿਓ ਜਾਂ ਗਰਮ-ਗਰਮ ਘਿਓ ਪੀਣ ਨਾਲ ਹਿਚਕੀ ਹਟਦੀ ਹੈ।
* ਸੋਢਾ ਵਾਟਰ ਪੀਣ ਨਾਲ ਭਿਆਨਕ ਹਿਚਕੀ ਹਟਦੀ ਹੈ।
* ਦਾਲਚੀਨੀ ਦੀ ਵਰਤੋਂ ਨਾਲ ਹਿਚਕੀ, ਖਾਂਸੀ, ਗੁਰਦੇ ਦੀ ਬਿਮਾਰੀ ਹਟਦੀ ਹੈ।
* ਲੂਣ ਨਾਲ ਪਸਲੀਆਂ ਤੇ ਸੇਕ ਕਰਨ ਨਾਲ ਹਿਚਕੀ ਹਟਦੀ ਹੈ।
* ਗਰਮ ਪਾਣੀ ਚ ਨਮਕ ਮਿਲਾ ਕੇ ਪੀਣ ਨਾਲ ਹਿਚਕੀ ਹਟਦੀ ਹੈ।
* ਚਾਰ ਮਾਸਾ ਮੁਲੱਠੀ ਨੂੰ ਮਿਸ਼ਰੀ ਦੀ ਚਾਸ਼ਣੀ ਚ ਮਿਲਾ ਕੇ ਚੱਟਣ ਨਾਲ ਹਿਚਕੀ ਤੋਂ ਆਰਾਮ ਮਿਲਦਾ ਹੈ।
* ਮੋਰ ਦੇ ਖੰਭਾਂ ਦੀ ਰਾਖ਼, ਮਿਸ਼ਰੀ ਦੀ ਚਾਸ਼ਣੀ ਵਿਚ ਮਿਲਾ ਕੇ ਚੱਟਣ ਨਾਲ ਹਿਚਕੀ ਮਿਟਦੀ ਹੈ।

# ਗ਼ਲਤ-ਫ਼ਹਿਮੀਆਂ ਨਾ ਪਾਲੋ ਕਸਰਤ ਕਰਨ ਤੋਂ ਪਹਿਲਾਂ

**ਸਾਰਿਕਾ**



ਬਹੁਤ ਸਾਰੇ ਲੋਕ ਕਸਰਤ ਤਾਂ ਕਰਨਾ ਚਾਹੁੰਦੇ ਹਨ ਪਰ ਕੁਝ ਵਿਚਾਰ ਇਸ ਤਰ੍ਹਾਂ ਦੇ ਹਨ ਜਿਨ੍ਹਾਂ ਨੂੰ ਉਹ ਮਨ ਚੋਂ ਕੱਢ ਨਹੀਂ ਸਕਦੇ। ਸੋ ਗ਼ਲਤ-ਫ਼ਹਿਮੀਆਂ ਦਾ ਸ਼ਿਕਾਰ ਨਾ ਬਣੋ, ਜਿਵੇਂ ਦੌੜਨਾ ਹੈ ਤਾਂ ਉਸ ਲਈ ਜੁੱਤੀਆਂ ਵੱਖਰੀਆਂ ਖਰੀਦੀਆਂ ਜਾਣ, ਕਸਰਤ ਤੋਂ ਪਹਿਲਾਂ ਕੁਝ ਖਾਣ ਦੀ ਕੀ ਜ਼ਰੂਰਤ ਹੈ, ਕਸਰਤ ਤਾਂ ਬਸ ਸਵੇਰੇ ਹੀ ਕਰਨੀ ਚਾਹੀਦੀ ਹੈ, ਬਾਅਦ ਵਿਚ ਨਹੀਂ ?

**ਵੱਖ-ਵਖ ਕਸਰਤਾਂ :** ਬਹੁਤ ਸਾਰੇ ਲੋਕ ਇਕ ਹੀ ਤਰ੍ਹਾਂ ਦੀ ਕਸਰਤ ਨੂੰ ਜੀਵਨ ਭਰ ਜਾਰੀ ਰੱਖਣਾ ਚਾਹੁੰਦੇ ਹਨ ਅਤੇ ਸ਼ਿਕਾਇਤ ਕਰਦੇ ਹਨ ਕਿ ਉਨ੍ਹਾਂ ਦਾ ਵਜ਼ਨ ਘੱਟ ਨਹੀਂ ਹੋ ਰਿਹਾ। ਮਾਹਿਰਾਂ ਅਨੁਸਾਰ ਇਕ ਹੀ ਤਰ੍ਹਾਂ ਦੀ ਕਸਰਤ ਦਾ ਸਾਡਾ ਸਰੀਰ ਆਦੀ ਹੋ ਜਾਂਦਾ ਹੈ, ਜਿਸ ਨਾਲ ਸਰੀਰ ਤੇ ਕੋਈ ਪ੍ਰਭਾਵ ਨਹੀਂ ਪੈਂਦਾ।ਕੁਝ ਦਿਨ ਸੈਰ ਤੇ ਜਾਓ ਤੇ ਫਿਰ ਕੁਝ ਦਿਨ ਐਰੋਬਿਕਸ ਕਰੋ, ਕੁਝ ਦਿਨ ਜਿੰਮ ਜਾਓ ਤੇ ਕੁਝ ਦਿਨ ਯੋਗਾ ਅਭਿਆਸ ਕਰੋ। ਉਦੋਂ ਸਰੀਰ ਤੇ ਇਸ ਦਾ ਪ੍ਰਭਾਵ ਦਿਖਾਈ ਦੇਵੇਗਾ।

**ਜੁੱਤੀਆਂ ਖਰੀਦੋ ਕਸਰਤ ਅਨੁਸਾਰ :** ਜੇਕਰ ਤੁਸੀਂ ਦੌੜ ਲਗਾਉਂਦੇ ਹੋ, ਟ੍ਰੈਡਮਿਲ ਤੇ ਚਲਦੇ ਹੋ, ਐਰੋਬਿਕਸ ਕਰਦੇ ਹੋ ਤਾਂ ਉਸ ਅਨੁਸਾਰ ਜੁੱਤੀਆਂ ਖਰੀਦੋ ਕਿਉਂਕਿ ਇਨ੍ਹਾਂ ਸਭ ਕਸਰਤਾਂ ਨਾਲ ਸਾਰਾ ਦਬਾਅ ਪੈਰਾਂ ਤੇ ਪੈਂਦਾ ਹੈ।

**ਕਸਰਤ ਤੋਂ ਪਹਿਲਾਂ ਕਰੋ ਵਾਰਮਅਪ :** ਕਸਰਤ ਤੋਂ ਪਹਿਲਾਂ ਵਾਰਮਅਪ, ਸਟ੍ਰੈਚਿੰਗ ਕਰਨਾ ਓਨਾ ਹੀ ਜ਼ਰੂਰੀ ਹੈ ਜਿੰਨਾ ਕਿ ਕਸਰਤ ਕਰਨਾ। ਇਸ ਨਾਲ ਅੰਦਰੂਨੀ ਟੁੱਟ-ਭੱਜ ਠੀਕ ਹੁੰਦੀ ਹੈ ਅਤੇ ਮਾਸਪੇਸ਼ੀਆਂ ਨੂੰ ਵੀ ਅਰਾਮ ਮਿਲਦਾ ਹੈ। ਇਸੇ ਤਰ੍ਹਾਂ ਯੋਗਾ ਅਭਿਆਸ ਤੋਂ ਪਹਿਲਾਂ ਸੂਖਮ ਕਿਰਿਆਵਾਂ ਮਾਸਪੇਸ਼ੀਆਂ ਨੂੰ ਹਲਕਾ ਕਰ ਦਿੰਦੀਆਂ ਹਨ ਜਿਸ ਨਾਲ ਆਸਣ ਕਰਨਾ ਸੌਖਾ ਹੋ ਜਾਂਦਾ ਹੈ। ਵਾਰਮਅਪ, ਸਟ੍ਰੈਚਿੰਗ ਤੇ ਸੂਖ਼ਮ ਕਿਰਿਆਵਾਂ ਕਰਨ ਨਾਲ ਸਾਡੀ ਕਸਰਤ ਕਰਨ ਦੀ ਤਾਕਤ ਵਧਦੀ ਹੈ। ਇਸ ਨੂੰ ਕਰਨਾ ਨਾ ਭੁੱਲੋ।

ਤਾਕਤ ਅਨੁਸਾਰ ਕਰੋ ਕਸਰਤ : ਜਲਦੀ ਅਤੇ ਜ਼ਿਆਦਾ ਪ੍ਰਭਾਵ ਦੀ ਚਾਹਤ ਵਿਚ ਆਪਣੀ ਤਾਕਤ ਤੋਂ ਅੱਗੇ ਨਾ ਵਧੋ। ਇਹ ਠੀਕ ਨਹੀਂ ਹੁੰਦਾ। ਹਮੇਸ਼ਾ ਕਸਰਤ ਆਪਣੀ ਤਾਕਤ ਅਨੁਸਾਰ ਹੀ ਕਰੋ। ਜ਼ਿਆਦਾ ਦਬਾਅ ਨਾਲ ਸਰੀਰ ਨੂੰ ਨੁਕਸਾਨ ਪਹੁੰਚ ਸਕਦਾ ਹੈ।

**ਹਲਕਾ ਜਿਹਾ ਕੁਝ ਲੈ ਕੇ ਹੀ ਕਸਰਤ ਕਰੋ :** ਬਿਲਕੁਲ ਖਾਲੀ ਪੇਟ ਕਸਰਤ ਕਰਨੀ ਠੀਕ ਨਹੀਂ ਹੈ। ਕਸਰਤ ਵਿਚ ਊਰਜਾ ਖਰਚ ਹੁੰਦੀ ਹੈ। ਜੇਕਰ ਅਸੀਂ ਬਿਲਕੁਲ ਭੁੱਖੇ ਹੋਵਾਂਗੇ ਤਾਂ ਸਰੀਰ ਵਿਚ ਊਰਜਾ ਦੀ ਕਮੀ ਨਾਲ ਥਕਾਨ ਜਲਦੀ ਹੋਣ ਲੱਗੇਗੀ। ਕਸਰਤ ਪੂਰੀ ਨਹੀਂ ਹੋ ਸਕੇਗੀ।ਲੰਮੀ ਸੈਰ ਕਰਨ ਜਾ ਰਹੇ ਹੋ ਜਾਂ ਦੌੜ ਲਗਾਉਣ ਜਾ ਰਹੇ ਹੋ ਤਾਂ ਇਕ ਕੇਲਾ ਖਾ ਲਓ। ਯੋਗਾ ਆਸਣ ਕਰਨਾ ਹੈ ਤਾਂ ਖਾਲੀ ਪੇਟ ਕਰੋ। ਕਸਰਤ ਤੋਂ ਪਹਿਲਾਂ ਚਾਹ ਅਤੇ ਇਕ ਦੋ ਬਿਸਕੁਟ ਵੀ ਲੈ ਸਕਦੇ ਹੋ।

## ਸੰਪਾਦਕੀ

# ਹਿਮਾਲਿਆ ਖੇਤਰ ਵਿੱਚ ਧਾਰਮਿਕ ਸੈਰ-ਸਪਾਟੇ ਦਾ ਬੋਝ ਲਗਾਤਾਰ ਵਧ ਰਿਹੈ

ਤੀਰਥ ਯਾਤਰਾ ਮਨ ਉੱਤੇ ਰੂਹਾਨੀ ਛਾਪ ਛੱਡ ਕੇ ਜਾਣੀ ਚਾਹੀਦੀ ਹੈ ਨਾ ਕਿ ਪਿੱਛੇ ਪਲਾਸਟਿਕ ਦਾ ਕੂੜਾ। ਪਰ ਹਿਮਾਲਿਆ ਖੇਤਰ ਵਿੱਚ ਧਾਰਮਿਕ ਸੈਰ-ਸਪਾਟੇ ਦਾ ਬੋਝ ਲਗਾਤਾਰ ਵਧ ਰਿਹਾ ਹੈ। ਕੇਦਾਰਨਾਥ ਦੇ ਤਾਜ਼ਾ ਅੰਕੜੇ ਇੱਕ ਗੰਭੀਰ ਚੇਤਾਵਨੀ ਪੇਸ਼ ਕਰ ਰਹੇ ਹਨ। ਇਸ ਪਵਿੱਤਰ ਸਥਾਨ ਨੇ ਅਪਰੈਲ ਤੋਂ ਅਗਸਤ ਦੇ ਵਿਚਕਾਰ 50.30 ਟਨ ਕੂੜਾ ਪੈਦਾ ਕੀਤਾ ਹੈ, ਜੋ ਕਿ 2023 ਤੋਂ 2025 ਦੌਰਾਨ ਕਿਸੇ ਵੀ ਪੂਰੇ ਸਾਲ ਨਾਲੋਂ ਵੱਧ ਹੈ। ਇਸ ਦੇ ਉਲਟ, 'ਕੈਰੀ ਮੀ ਬੈਕ' ਮੁਹਿੰਮ ਤਹਿਤ ਲਗਪਗ 5,000 ਸ਼ਰਧਾਲੂਆਂ ਨੇ 18 ਕਿਲੋਮੀਟਰ ਲੰਮੇ ਪੈਦਲ ਰਸਤੇ ਤੋਂ 12 ਟਨ ਤੋਂ ਵੱਧ ਕੰਪਰੈੱਸਡ ਪਲਾਸਟਿਕ ਵਾਪਸ ਹੇਠਾਂ ਉਤਾਰਿਆ ਹੈ। ਇਹ ਇੱਕ ਸ਼ਲਾਘਾਯੋਗ ਕਦਮ ਹੈ, ਜੋ ਸ਼ਰਧਾਲੂਆਂ ਨੂੰ ਵਾਤਾਵਰਣ ਸੰਭਾਲ ਵਿੱਚ ਭਾਈਵਾਲ ਬਣਾਉਂਦਾ ਹੈ। ਪਰ ਇਹ ਕਿਸੇ ਜ਼ਿੰਮੇਵਾਰ ਸੈਰ-ਸਪਾਟਾ ਨੀਤੀ ਦਾ ਬਦਲ ਨਹੀਂ ਹੋ ਸਕਦਾ। ਅਸਲ ਤੇ ਵੱਡਾ ਸਵਾਲ ਇਹ ਹੈ ਕਿ ਪਹਾੜਾਂ ਤੱਕ ਇੰਨਾ ਕੂੜਾ ਪਹੁੰਚ ਹੀ ਕਿਉਂ ਰਿਹਾ ਹੈ? ਇਹ ਸਮੱਸਿਆ ਸਿਰਫ਼ ਕੇਦਾਰਨਾਥ ਤੱਕ ਸੀਮਤ ਨਹੀਂ ਹੈ। ਇਸ ਸਾਲ ਦੀ ਚਾਰ ਧਾਮ ਯਾਤਰਾ ਦੌਰਾਨ ਸਤੰਬਰ ਦੇ ਮੱਧ ਤੱਕ 792 ਟਨ ਤੋਂ ਵੱਧ ਕੂੜਾ ਇਕੱਠਾ ਕੀਤਾ ਜਾ ਚੁੱਕਾ ਸੀ, ਜਦੋਂ ਕਿ ਹੇਮਕੁੰਟ ਸਾਹਿਬ ਅਤੇ ਫੁੱਲਾਂ ਦੀ ਘਾਟੀ ਨੂੰ ਮਿਲਾ ਕੇ ਇਹ ਅੰਕੜਾ 800 ਟਨ ਨੂੰ ਪਾਰ ਕਰ ਗਿਆ ਹੈ। 3,000 ਮੀਟਰ ਤੋਂ ਵੱਧ ਦੀ ਉਚਾਈ ਉੱਤੇ ਪਲਾਸਟਿਕ ਦੀਆਂ ਬੋਤਲਾਂ, ਲਿਫ਼ਾਫ਼ੇ ਅਤੇ ਵਰਤ ਕੇ ਸੁੱਟਣ ਵਾਲੀਆਂ ਚੀਜ਼ਾਂ ਆਮ ਮਿਲ ਰਹੀਆਂ ਹਨ। ਇਸ ਤੋਂ ਸਪੱਸ਼ਟ ਸਬਕ ਮਿਲਦਾ ਹੈ ਕਿ ਹਿਮਾਲਿਆ ਨੂੰ ਲੋੜੀਂਦੇ ਕੂੜਾ-ਕਰਕਟ ਦੇ ਨਿਪਟਾਰੇ ਤੋਂ ਬਿਨਾਂ ਸਿਰਫ਼ ਕੂੜੇ ਦੀ ਖਪਤ ਵਾਲਾ ਖੇਤਰ ਬਣਾਇਆ ਜਾ ਰਿਹਾ ਹੈ।

ਰਾਹਤ ਦੀ ਗੱਲ ਹੈ ਕਿ ਇਸ ਦੀਆਂ ਕੁਝ ਸਕਾਰਾਤਮਕ ਮਿਸਾਲਾਂ ਵੀ ਮੌਜੂਦ ਹਨ। ਇਸ ਸਾਲ ਅਮਰਨਾਥ ਯਾਤਰਾ ਦੇ ਰਸਤੇ 'ਤੇ ਮੁੜ ਵਰਤੋਂ ਯੋਗ ਭਾਂਡਿਆਂ ਅਤੇ ਪਾਣੀ ਭਰਨ ਦੀਆਂ ਸਹੂਲਤਾਂ (ਵਾਟਰ-ਰਿਫਿਲਿੰਗ ਫੈਸਿਲਿਟੀਜ਼) ਨੇ ਸ਼ਰਧਾਲੂਆਂ ਦੀ ਗਿਣਤੀ ਵਿੱਚ 17 ਫ਼ੀਸਦੀ ਵਾਧੇ ਦੇ ਬਾਵਜੂਦ, ਪ੍ਰਤੀ ਸ਼ਰਧਾਲੂ ਕੂੜੇ ਨੂੰ 15 ਫ਼ੀਸਦੀ ਤੱਕ ਘਟਾਉਣ ਵਿੱਚ ਮਦਦ ਕੀਤੀ ਹੈ। ਅਜਿਹੇ ਉਪਰਾਲੇ ਮਿਆਰ ਬਣਨੇ ਚਾਹੀਦੇ ਹਨ। ਪ੍ਰਸ਼ਾਸਨ ਨੂੰ ਸਿਰਫ਼ ਅਪੀਲਾਂ ਕਰਨ ਤੋਂ ਉੱਪਰ ਉੱਠ ਕੇ ਜਵਾਬਦੇਹੀ ਤੈਅ ਕਰਨੀ ਚਾਹੀਦੀ ਹੈ: ਇੱਕ ਵਾਰ ਵਰਤੋਂ ਵਿੱਚ ਆਉਣ ਵਾਲੇ ਪਲਾਸਟਿਕ ਨੂੰ ਨੇਮਬੱਧ ਕੀਤਾ ਜਾਵੇ, ਬੋਤਲਾਂ ਅਤੇ ਪੈਕਿੰਗ ਵਾਪਸ ਕਰਨ 'ਤੇ ਰਿਫੰਡ (ਪੈਸੇ ਮੋੜਨ) ਦਾ ਨਿਯਮ ਬਣਾਇਆ ਜਾਵੇ, ਪਾਣੀ ਭਰਨ ਵਾਲੇ ਕੇਂਦਰਾਂ ਦਾ ਦਾਇਰਾ ਵਧਾਇਆ ਜਾਵੇ, ਕੂੜੇ ਨੂੰ ਸਰੋਤ 'ਤੇ ਹੀ ਵੱਖ-ਵੱਖ ਕਰਨਾ ਯਕੀਨੀ ਬਣਾਇਆ ਜਾਵੇ ਅਤੇ ਦੁਕਾਨਦਾਰਾਂ ਨੂੰ ਉਸ ਕੂੜੇ ਪ੍ਰਤੀ ਜਵਾਬਦੇਹ ਬਣਾਇਆ ਜਾਵੇ ਜੋ ਉਨ੍ਹਾਂ ਦੇ ਉਤਪਾਦਾਂ ਕਾਰਨ ਪੈਦਾ ਹੁੰਦਾ ਹੈ। ਤੀਰਥ ਯਾਤਰਾਵਾਂ ਦੀ ਗਿਣਤੀ ਨੂੰ ਪਹਾੜਾਂ ਦੀ ਵਿਗਿਆਨਕ ਤੌਰ 'ਤੇ ਤੈਅ ਕੀਤੀ ਗਈ ਭਾਰ ਸਹਿਣ ਦੀ ਸਮਰੱਥਾ (ਕੈਰਿੰਗ ਕਪੈਸਿਟੀ) ਨਾਲ ਜੋੜਿਆ ਜਾਣਾ ਚਾਹੀਦਾ ਹੈ। ਸ਼ਰਧਾ ਦਾ ਮਤਲਬ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਤੋਂ ਛੋਟ ਮਿਲਣਾ ਨਹੀਂ ਹੋ ਸਕਦਾ। ਕਿਸੇ ਪਵਿੱਤਰ ਪਹਾੜ ਦੀਆਂ ਹੱਦਾਂ ਦਾ ਆਦਰ ਕਰਨਾ ਉਸ ਆਸਥਾ ਦਾ ਆਦਰ ਕਰਨ ਦਾ ਹੀ ਹਿੱਸਾ ਹੈ ਜਿਸ ਦੀ ਉਹ ਤਰਜਮਾਨੀ ਕਰਦਾ ਹੈ। ਸ਼ਰਧਾਲੂ ਕੂੜਾ ਵਾਪਸ ਹੇਠਾਂ ਲਿਆ ਸਕਦੇ ਹਨ ਪਰ ਸਰਕਾਰਾਂ ਨੂੰ ਇਹ ਯਕੀਨੀ ਬਣਾਉਣਾ ਪਵੇਗਾ ਕਿ ਪਹਾੜਾਂ ਨੂੰ ਬੇਲਗ਼ਾਮ ਯਾਤਰਾ ਦੇ ਨਤੀਜੇ ਨਾ ਭੁਗਤਣੇ ਪੈਣ।

# ਰਾਸ਼ਟਰੀ ਅਵਿਸ਼ਕਾਰ ਅਭਿਆਨ ਤਹਿਤ ਜ਼ਿਲ੍ਹਾ ਪੱਧਰੀ ਸਾਇੰਸ ਸੈਮੀਨਾਰ ਕਰਵਾਇਆ



**ਤਰਨ ਤਾਰਨ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾਇਰੈਕਟਰ ਰਾਜ ਵਿਦਿਅਕ ਖੋਜ ਅਤੇ ਸਿੱਖਲਾਈ ਸੰਸਥਾ ਪੰਜਾਬ ਅਜੀਤਗੜ੍ਹ ਦੇ ਹੁਕਮਾਂ, ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਤਰਨ ਤਾਰਨ ਰਾਜੀਵ ਕੁਮਾਰ ਛਾਬੜਾ ਅਤੇ ਉਪ ਜ਼ਿਲਾ ਸਿੱਖਿਆ ਅਫ਼ਸਰ ਰਜਿੰਦਰ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਤੇਜਿੰਦਰ ਸਿੰਘ ਜ਼ਿਲ੍ਹਾ ਕੋਆਰਡੀਨੇਟਰ (ਆਰ.ਏ.ਏ) ਤਰਨ ਤਾਰਨ ਦੀ ਯੋਗ ਅਗਵਾਈ ਵਿੱਚ ਰਾਸ਼ਟਰੀ ਅਵਿਸ਼ਕਾਰ ਅਭਿਆਨ ਤਹਿਤ ਜ਼ਿਲ੍ਹਾ ਪੱਧਰੀ ਸਾਇੰਸ ਸੈਮੀਨਾਰ 2026 ਮੁਕਾਬਲਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਪੰਡੋਰੀ ਗੋਲਾ, ਤਰਨ ਤਾਰਨ ਵਿਖੇ ਕਰਵਾਇਆ ਗਿਆ।ਇਸਦਾ ਮੁੱਖ ਥੀਮ ਇੰਡੀਅਨ ਐਨਰਜੀ ਬਾਸਕਟ 2047 ਸੀ। ਇਸ ਤਹਿਤ ਜ਼ਿਲ੍ਹੇ ਦੇ ਨੌ ਬਲਾਕਾਂ ਤੋ ਜੇਤੂ 20 ਵਿਦਿਆਰਥੀਆਂ ਨੇ ਭਾਗ ਲਿਆ। ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਮੁੱਖ ਮਹਿਮਾਨ ਉਪ ਜ਼ਿਲਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਤਰਨ ਤਾਰਨ ਰਜਿੰਦਰ ਕੌਰ ਨੇ ਸੈਮੀਨਾਰ ਵਿਚ ਸ਼ਿਰਕਤ ਕੀਤੀ ਅਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਅਤੇ ਰਾਜ ਪੱਧਰ ਤੇ ਭਾਗ ਲੈਣ ਲਈ ਆਪਣੀਆਂ ਸ਼ੁੱਭ ਇਛਾਵਾਂ ਦਿਤੀਆਂ। ਉਹਨਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਦਿਆਰਥੀਆਂ ਨੂੰ ਵਿਗਿਆਨ ਵਿਸ਼ੇ ਵਿੱਚ ਆਪਣੀ ਰੁਚੀ ਹੋਰ ਵਧਾਉਣੀ ਚਾਹੀਦੀ ਹੈ ਤਾਂ ਕਿ ਉਹ ਜੀਵਨ ਵਿੱਚ ਕਾਮਯਾਬ ਹੋ ਸਕਣ। ਜ਼ਿਲ੍ਹਾ ਕੋਆਰਡੀਨੇਟਰ (ਆਰ.ਏ.ਏ.) ਤਰਨ ਤਾਰਨ ਤੇਜਿੰਦਰ ਸਿੰਘ ਨੇ ਵਿਗਿਆਨ ਸੈਮੀਨਾਰ ਬਾਰੇ ਸੰਖੇਪ ਜਾਣਕਾਰੀ ਦਿਤੀ ਅਤੇ ਜ਼ਿਲ੍ਹੇ ਵੱਲੋਂ ਚਲਾਈਆਂ ਜਾ ਰਹੀਆਂ ਸਾਇੰਸ ਦੀਆਂ ਗਤੀਵਿਧੀਆਂ ਬਾਰੇ ਚਾਨਣਾ ਪਾਇਆ। ਜੱਜਮੈਂਟ ਪੈਨਲ ਵਿੱਚ ਦਰਸ਼ਨ ਸਿੰਘ ਲੈਕਚਰਾਰ, ਦਵਿੰਦਰ ਕੌਰ ਲੈਕਚਰਾਰ, ਸਟੇਟ ਐਵਾਰਡੀ ਸੁਖਜਿੰਦਰਪਾਲ ਸਿੰਘ ਸਾਇੰਸ ਮਾਸਟਰ, ਗੁਰਬਖਸ਼ ਸਿੰਘ ਸਾਇੰਸ ਮਾਸਟਰ ਨੇ ਵਿਦਿਆਰਥੀਆਂ ਦੀ ਪ੍ਰਸਤੁਤੀ ਦਾ ਬਾਰੀਕੀ ਨਾਲ ਨਿਰੀਖਣ ਕੀਤਾ। ਪਹਿਲੀ ਪੁਜੀਸ਼ਨ ਸ.ਸ.ਸ. ਗੋਇੰਦਵਾਲ ਸਾਹਿਬ, ਦੂਜੀ ਸ.ਸ.ਸ. ਠੱਠੀ ਖਾਰਾ ਅਤੇ ਤੀਜੀ ਪੁਜੀਸ਼ਨ ਸ.ਸ.ਸ.ਸ. ਪੰਡੋਰੀ ਗੋਲਾ ਨੇ ਪ੍ਰਾਪਤ ਕੀਤੀ। ਇਸ ਵਿਚੋਂ ਪਹਿਲੀ ਪੁਜੀਸ਼ਨ ਵਾਲਾ ਵਿੱਦਿਆਰਥੀ ਰਾਜ ਪੱਧਰੀ ਵਿਗਿਆਨ ਮੁਕਾਬਲੇ ਵਿੱਚ ਭਾਗ ਲਵੇਗਾ।

ਸੈਮੀਨਾਰ ਦੀ ਪੂਰੀ ਕਮਾਂਡ ਅਮਨਦੀਪ ਸਿੰਘ ਮੁੱਖ ਅਧਿਆਪਕ ਕੋਲ ਰਹੀ। ਸਟੇਜ ਸਕੱਤਰ ਦੀ ਭੂਮਿਕਾ ਸਟੇਟ ਐਵਾਰਡੀ ਗੁਰਚਰਨ ਸਿੰਘ ਮੁੱਖ ਅਧਿਆਪਕ ਨੇ ਬਾਖੂਬੀ ਨਿਭਾਈ। ਅਖੀਰ ਵਿੱਚ ਤੇਜਿੰਦਰ ਸਿੰਘ ਜ਼ਿਲ੍ਹਾ ਕੋਆਡੀਨੇਟਰ ਨੇ ਮੇਜ਼ਬਾਨ ਸਕੂਲ ਪ੍ਰਿੰਸੀਪਲ ਗੀਤਾਂਜਲੀ ਦਾ ਤਹਿ ਦਿਲੋਂ ਧੰਨਵਾਦ ਕੀਤਾ। ਪ੍ਰਦਰਸ਼ਨੀ ਵਿੱਚ ਇਨ੍ਹਾਂ ਤੋਂ ਇਲਾਵਾ ਆਦੇਸ਼ ਸਿੰਘ ਸੀਨੀਅਰ ਸਹਾਇਕ, ਕਮਲਦੀਪ ਸਿੰਘ ਕੰਪਿਊਟਰ ਫੈਕਲਟੀ, ਧੀਰਜ ਕੁਮਾਰ, ਹਰਗੋਬਿੰਦ ਸਿੰਘ, ਭੁਪਿੰਦਰ ਸਿੰਘ ਕੈਂਪਸ ਮੈਨੇਜਰ, ਸਕੂਲ ਦਾ ਸਮੂਹ ਸਟਾਫ ਅਤੇ ਵੱਖ-ਵੱਖ ਸਕੂਲਾਂ ਤੋਂ ਆਏ ਅਧਿਆਪਕ ਅਤੇ ਵਿਦਿਆਰਥੀ ਸ਼ਾਮਿਲ ਸਨ।

# ਸਲੇਮਸ਼ਾਹ ਸਰਕਾਰੀ ਗਊਸ਼ਾਲਾ 'ਚ 650 ਗਊਆਂ ਦੀ ਸੇਵਾ ਸੰਭਾਲ ਦੀ ਅਮਨ ਅਰੋੜਾ ਵੱਲੋਂ ਸ਼ਲਾਘਾ



**ਫਾਜ਼ਿਲਕਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਜ਼ਿਲ੍ਹਾ ਫਾਜ਼ਿਲਕਾ ਦੇ ਪਿੰਡ ਸਲੇਮਸ਼ਾਹ ਵਿਖੇ ਸਰਕਾਰੀ ਗਊਸ਼ਾਲਾ ਦਾ ਦੌਰਾ ਕਰਦਿਆਂ ਇੱਥੇ ਗਊਆਂ ਦੀ ਸੰਭਾਲ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਗਊਸ਼ਾਲਾ ਦੇ ਪ੍ਰਬੰਧਕਾਂ, ਸੇਵਾਦਾਰਾਂ ਅਤੇ ਕੰਮ ਕਰ ਰਹੇ ਕਾਮਿਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਵੱਲੋਂ ਨਿਭਾਈ ਜਾ ਰਹੀ ਸੇਵਾ ਬਾਰੇ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਉਨ੍ਹਾਂ ਨਾਲ ਫਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਵੀ ਮੌਜੂਦ ਸਨ।ਇਸ ਮੌਕੇ ਮੰਤਰੀ ਨੂੰ ਦੱਸਿਆ ਗਿਆ ਕਿ ਗਊਸ਼ਾਲਾ ਵਿੱਚ ਲਗਭਗ 650 ਗਊਆਂ ਦੀ ਸੰਭਾਲ ਕੀਤੀ ਜਾ ਰਹੀ ਹੈ। ਇਨ੍ਹਾਂ ਦੀ ਦੇਖਭਾਲ ਲਈ ਗਊਸ਼ਾਲਾ ਦੇ ਕਾਮਿਆਂ ਦੇ ਨਾਲ-ਨਾਲ ਸਥਾਨਕ ਵਸਨੀਕਾਂ ਅਤੇ ਪੰਜਾਬ ਸਰਕਾਰ ਦੇ ਸਬੰਧਤ ਅਧਿਕਾਰੀਆਂ ਵੱਲੋਂ ਵੀ ਸਹਿਯੋਗ ਦਿੱਤਾ ਜਾ ਰਿਹਾ ਹੈ। ਅਮਨ ਅਰੋੜਾ ਨੇ ਕਿਹਾ ਕਿ ਪਸ਼ੂਆਂ ਦੀ ਸੇਵਾ ਅਤੇ ਸਾਂਭ-ਸੰਭਾਲ ਇੱਕ ਨੇਕ ਕਾਰਜ ਹੈ ਅਤੇ ਸਮਾਜ ਦੇ ਹਰ ਵਰਗ ਨੂੰ ਅਜਿਹੇ ਉਪਰਾਲਿਆਂ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।

ਕੈਬਨਿਟ ਮੰਤਰੀ ਨੇ ਗਊਸ਼ਾਲਾ ਵਿਖੇ ਮੌਜੂਦ ਆਮ ਲੋਕਾਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਧਿਆਨ ਨਾਲ ਸੁਣੀਆਂ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਵੱਲੋਂ ਉਠਾਏ ਗਏ ਜਾਇਜ਼ ਮਸਲਿਆਂ ਦੇ ਹੱਲ ਲਈ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਲੋੜੀਂਦੀ ਕਾਰਵਾਈ ਯਕੀਨੀ ਬਣਾਈ ਜਾਵੇਗੀ।

ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਸੂਬੇ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ 300 ਯੂਨਿਟ ਤੱਕ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕਾਂ ਰਾਹੀਂ ਸਿਹਤ ਸਹੂਲਤਾਂ, ਸਕੂਲ ਆਫ ਐਮੀਨੈਂਸ ਰਾਹੀਂ ਮਿਆਰੀ ਸਿੱਖਿਆ ਅਤੇ ਮਹਿਲਾਵਾਂ ਲਈ ਸਰਕਾਰੀ ਬੱਸਾਂ ਵਿੱਚ ਮੁਫ਼ਤ ਸਫ਼ਰ ਸਮੇਤ ਕਈ ਲੋਕ-ਪੱਖੀ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸਰਕਾਰੀ ਨੀਤੀਆਂ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਹੈ।

ਇਸ ਦੌਰਾਨ ਵਿਧਾਇਕ ਫਾਜ਼ਿਲਕਾ ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਸਬੰਧਿਤ ਕਰਮਚਾਰੀਆਂ ਵੱਲੋਂ ਗਊਵੰਸ ਦੀ ਸਾਂਭ ਸੰਭਾਲ ਵਿੱਚ ਕਿਸੇ ਤਰ੍ਹਾਂ ਦੀ ਲਾਪਰਵਾਈ ਨਾ ਵਰਤੀ ਜਾਵੇ। ਜੇਕਰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਜਾਵੇ। ਉਨ੍ਹਾਂ ਫਾਜ਼ਿਲਕਾ ਵਾਸੀਆਂ ਤੇ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਬੇਸਹਾਰਾ ਗਊਵੰਸ਼ ਦੀ ਸਾਂਭ ਸੰਭਾਲ ਲਈ ਵੱਧ ਤੋਂ ਵੱਧ ਪਹੁੰਚ ਕੇ ਦਾਨ ਕਰਨ ਤਾਂ ਜੋ ਗਊਸ਼ਾਲਾ ਵਿੱਚ ਗਊਵੰਸ ਦੀ ਹੋਰ ਬਿਹਤਰ ਸੰਭਾਲ ਹੋ ਸਕੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀ ਜਗਵਿੰਦਰਜੀਤ ਸਿੰਘ ਗਰੇਵਾਲ, ਬੀ ਡੀ ਪੀ ਓ ਲਾਲ ਸਿੰਘ ਤੋਂ ਇਲਾਵਾ ਸਰਕਾਰੀ ਗਊਸ਼ਾਲਾ ਦੇ ਕਰਮਚਾਰੀ ਹਾਜ਼ਰ ਸਨ।

# ਬਠਿੰਡਾ ਦੀ ਦਾਣਾ ਮੰਡੀ ਵਿਖੇ ਡਿਪਟੀ ਕਮਿਸ਼ਨਰ ਤੇ ਮੇਅਰ ਨੇ ਝੋਨੇ ਦੀ ਸਰਕਾਰੀ ਖ੍ਰੀਦ ਕਰਵਾਈ ਸ਼ੁਰੂ



**ਬਠਿੰਡਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬਾ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਅੰਦਰ 1 ਅਕਤੂਬਰ ਤੋਂ ਝੋਨੇ ਦੀ ਸਰਕਾਰੀ ਖਰੀਦ ਦਾ ਕੰਮ ਸ਼ੁਰੂ ਹੋ ਚੁੱਕਾ ਹੈ, ਜਿਸ ਤਹਿਤ ਅੱਜ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਅਤੇ ਮੇਅਰ ਨਗਰ ਨਿਗਮ ਸ੍ਰੀ ਪਦਮਜੀਤ ਸਿੰਘ ਮਹਿਤਾ ਵੱਲੋਂ ਅੱਜ ਬਠਿੰਡਾ ਦੀ ਦਾਣਾ ਮੰਡੀ ਵਿਖੇ ਝੋਨੇ ਦੀ ਢੇਰੀ ਨੂੰ ਬੋਲੀ ਲਗਵਾਕੇ ਖਰੀਦ ਦੀ ਸ਼ੁਰੂਆਤ ਕਰਵਾਈ ਗਈ।

ਝੋਨੇ ਦੀ ਖਰੀਦ ਸਬੰਧੀ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਇਸ ਮੌਕੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਉਨ੍ਹਾਂ ਦੀ ਫਸਲ ਦੀ ਸਮੇਂ-ਸਿਰ ਖਰੀਦ ਹੋ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਇਸ ਸਾਲ ਜ਼ਿਲ੍ਹੇ ਵਿੱਚ ਸਥਾਪਿਤ ਕੀਤੇ ਗਏ ਖਰੀਦ ਕੇਂਦਰਾਂ ਵਿੱਚ 14.74 ਲੱਖ ਮੀਟ੍ਰਿਕ ਟਨ ਮਿੱਥੇ ਗਏ ਟੀਚੇ ਤਹਿਤ ਝੋਨੇ ਦੀ ਖਰੀਦ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਝੋਨੇ ਦੀ ਖਰੀਦ ਲਈ ਸਮੂਹ ਖਰੀਦ ਏਜੰਸੀਆਂ ਨੂੰ ਮੰਡੀਆਂ ਅਲਾਟ ਕੀਤੀਆਂ ਜਾ ਚੁੱਕੀਆਂ ਹਨ। ਝੋਨੇ ਦੀ ਭਰਾਈ ਲਈ ਏਜੰਸੀਆਂ ਕੋਲ ਲੋੜੀਂਦਾ ਬਾਰਦਾਨਾ ਵੀ ਆ ਚੁੱਕਾ ਹੈ।

ਉਨ੍ਹਾਂ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਕਿਸਾਨਾਂ ਨੂੰ ਮੰਡੀਆਂ ਵਿੱਚ ਝੋਨੇ ਦੀ ਖਰੀਦ, ਚੁਕਾਈ ਅਤੇ ਅਦਾਇਗੀ ਸਬੰਧੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਵਿੱਚ ਪੀਣ ਵਾਲੇ ਪਾਣੀ, ਛਾਂ, ਸਾਫ-ਸਫ਼ਾਈ ਤੋਂ ਇਲਾਵਾ ਪਖਾਨਿਆਂ ਦਾ ਪ੍ਰਬੰਧ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਸਮੂਹ ਖਰੀਦ ਏਜੰਸੀਆਂ ਦੇ ਜਿਲ੍ਹਾ ਮੈਨੇਜਰਾਂ ਨੂੰ ਹਦਾਇਤਾਂ ਕੀਤੀਆ ਜਾ ਚੁੱਕੀਆਂ ਹਨ ਕਿ ਮੰਡੀਆਂ ਵਿੱਚ ਬਾਰਦਾਨਾ ਸਮੇਂ-ਸਿਰ ਉਪਲੱਬਧ ਕਰਵਾਇਆ ਜਾਵੇ ਤੇ ਖਰੀਦ ਕੀਤੇ ਝੋਨੇ ਦੀ ਲਿਫਟਿੰਗ ਅਤੇ ਅਦਾਇਗੀ ਸਮੇਂ-ਸਿਰ ਕਰਵਾਉਣੀ ਯਕੀਨੀ ਬਣਾਈ ਜਾਵੇ।

ਮੇਅਰ ਨਗਰ ਨਿਗਮ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਕਿਸਾਨਾਂ ਦੀ ਝੋਨੇ ਦੀ ਫਸਲ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਬਠਿੰਡਾ ਸ਼੍ਰੀ ਬੱਲੀ ਬਲਜੀਤ, ਫ਼ੂਡ ਅਤੇ ਸਿਵਲ ਸਪਲਾਈ ਅਫਸਰ ਸ਼੍ਰੀ ਹਰਸ਼ਿਤ ਮਹਿਤਾ ਆਦਿ ਹਾਜ਼ਰ ਸਨ ।

# ਐਮ.ਆਰ.ਐਸ.ਪੀ.ਟੀ.ਯੂ. ਅੰਤਰ-ਕਾਲਜ ਸ਼ਤਰੰਜ ਚੈਂਪੀਅਨਸ਼ਿਪ ਦਾ ਸ਼ਾਨਦਾਰ ਆਯੋਜਨ



**ਬਠਿੰਡਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ.ਐਸ.ਪੀ.ਟੀ.ਯੂ.) ਦੇ ਖੇਡ ਵਿਭਾਗ ਵੱਲੋਂ ਸਾਲਾਨਾ ਅੰਤਰ-ਕਾਲਜ ਸ਼ਤਰੰਜ ਚੈਂਪੀਅਨਸ਼ਿਪ ਸਫਲਤਾਪੂਰਵਕ ਕਰਵਾਈ ਗਈ। ਇਸ ਚੈਂਪੀਅਨਸ਼ਿਪ ਵਿੱਚ ਯੂਨੀਵਰਸਿਟੀ ਨਾਲ ਸਬੰਧਤ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

ਬਾਬਾ ਫਰੀਦ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਦਿਉਣ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਓਵਰਆਲ ਚੈਂਪੀਅਨਸ਼ਿਪ 'ਤੇ ਕਬਜ਼ਾ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਐਮ.ਆਰ.ਐਸ.ਪੀ.ਟੀ.ਯੂ. ਮੇਨ ਕੈਂਪਸ, ਬਠਿੰਡਾ ਨੇ ਦੂਜਾ ਸਥਾਨ, ਜਦਕਿ ਪੰਜਾਬ ਸਟੇਟ ਏਅਰੋਨਾਟਿਕਲ ਇੰਜੀਨੀਅਰਿੰਗ ਕਾਲਜ (ਪੀ.ਐਸ.ਏ.ਈ.ਸੀ.), ਪਟਿਆਲਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜੇਤੂ ਟੀਮਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਮਾਨਤਾ ਵਜੋਂ ਮੈਡਲ ਅਤੇ ਸਰਟੀਫਿਕੇਟ ਪ੍ਰਦਾਨ ਕੀਤੇ ਗਏ।

ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਡਾਇਰੈਕਟਰ ਸਪੋਰਟਸ ਪ੍ਰੋ. ਭੁਪਿੰਦਰਪਾਲ ਸਿੰਘ ਢੋਟ ਨੇ ਸਾਰੀਆਂ ਟੀਮਾਂ ਨੂੰ ਉਨ੍ਹਾਂ ਦੇ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਅਕਾਦਮਿਕ ਉੱਤਮਤਾ ਦੇ ਨਾਲ-ਨਾਲ ਖੇਡਾਂ ਵਿੱਚ ਵੀ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੇ ਤਕਨਾਲੋਜੀ-ਪ੍ਰਧਾਨ ਯੁੱਗ ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਖੇਡਾਂ ਵਿੱਚ ਭਾਗ ਲੈਣਾ ਵੀ ਬੇਹੱਦ ਮਹੱਤਵਪੂਰਨ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਖੇਡ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਅਤੇ ਇੱਕ ਪਾਸੇ ਉੱਤਮ ਖਿਡਾਰੀ ਬਣਨ ਦੇ ਨਾਲ-ਨਾਲ ਜ਼ਿੰਮੇਵਾਰ ਅਤੇ ਸੰਤੁਲਿਤ ਸ਼ਖ਼ਸੀਅਤਾਂ ਵਜੋਂ ਵਿਕਸਤ ਹੋਣ ਲਈ ਪ੍ਰੇਰਿਤ ਕੀਤਾ।

ਵਾਈਸ ਚਾਂਸਲਰ ਪ੍ਰੋ. ਸੰਜੀਵ ਕੁਮਾਰ ਸ਼ਰਮਾ ਅਤੇ ਰਜਿਸਟਰਾਰ ਡਾ. ਪਰਮਜੀਤ ਸਿੰਘ ਨੇ ਚੈਂਪੀਅਨਸ਼ਿਪ ਨੂੰ ਸਫਲਤਾਪੂਰਵਕ ਕਰਵਾਉਣ ਲਈ ਖੇਡ ਵਿਭਾਗ ਦੀ ਸ਼ਲਾਘਾ ਕੀਤੀ ਅਤੇ ਸਮੂਹ ਭਾਗੀਦਾਰਾਂ ਅਤੇ ਪ੍ਰਬੰਧਕੀ ਟੀਮ ਨੂੰ ਯੂਨੀਵਰਸਿਟੀ ਦੇ ਆਉਣ ਵਾਲੇ ਖੇਡ ਸਮਾਗਮਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਡਾ. ਸੁਖਵਿੰਦਰ ਸਿੰਘ, ਡੀ.ਪੀ.ਈ. ਸ੍ਰੀਮਤੀ ਨਵਦੀਪ ਕੌਰ, ਜੂਨੀਅਰ ਸਹਾਇਕ, ਅਤੇ ਖੇਡ ਵਿਭਾਗ ਦਾ ਹੋਰ ਸਹਾਇਕ ਸਟਾਫ਼ ਹਾਜ਼ਰ ਸੀ।

ਮੁਕਾਬਲੇ ਨੂੰ ਸੁਚਾਰੂ ਅਤੇ ਸਫਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਜ਼ਿਲ੍ਹਾ ਖੇਡ ਅਫ਼ਸਰ ਦੇ ਦਫ਼ਤਰ ਤੋਂ ਸ੍ਰੀ ਪਰਮਿੰਦਰ ਸਿੰਘ ਅਤੇ ਸ੍ਰੀ ਪ੍ਰਦੀਪ ਗਰਗ, ਕੰਡਕਟ ਅਧਿਕਾਰੀਆਂ ਨੇ ਅਹਿਮ ਭੂਮਿਕਾ ਨਿਭਾਈ।

ਚੈਂਪੀਅਨਸ਼ਿਪ ਦੌਰਾਨ ਵਿਦਿਆਰਥੀਆਂ ਨੇ ਸ਼ਾਨਦਾਰ ਖੇਡ ਭਾਵਨਾ, ਅਨੁਸ਼ਾਸਨ, ਇਕਾਗਰਤਾ ਅਤੇ ਮੁਕਾਬਲੇ ਦੀ ਭਾਵਨਾ ਦਾ ਪ੍ਰਦਰਸ਼ਨ ਕੀਤਾ।

# ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸਮਾਜ ਦੇ ਸਾਰੇ ਵਰਗ ਇਕਜੁੱਟ ਹੋਣ



**ਸ੍ਰੀ ਆਨੰਦਪੁਰ ਸਾਹਿਬ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾ ਹੇਠ ਨਸ਼ਿਆਂ ਖਿਲਾਫ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਿੰਡਾਂ ਅਤੇ ਵਾਰਡਾਂ ਵਿੱਚ ਲਗਾਤਾਰ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਤਹਿਤ ਅੱਜ ਨੰਗਲ ਦੇ ਸਵਾਮੀਪੁਰ, ਕਲਸੇੜਾ, ਵਾਰਡ ਨੰਬਰ 9 ਅਤੇ 11 ਤੋਂ ਇਲਾਵਾ ਸ੍ਰੀ ਅਨੰਦਪੁਰ ਸਾਹਿਬ ਦੇ ਜੱਜਰ, ਲੰਗ ਮਜਾਰੀ, ਲੋਧੀਪੁਰ, ਲੋਧੀਪੁਰ ਬਾਸ ਝੁੰਗੀਆਂ, ਲੋਧੀਪੁਰ ਬਾਸ ਬਰੋਟੂ, ਮਹਿਰੋਲੀ, ਮੀਆਂਪੁਰ, ਮੋਹੀਵਾਲ, ਨਾਨੋਵਾਲ, ਰਾਮਪੁਰ, ਬਹਿਲੂ, ਦਸਗਰਾਂ ਅਤੇ ਖਾਨਪੁਰ ਵਿਖੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ।

'ਆਪ' ਦੇ ਜ਼ਿਲ੍ਹਾ ਪ੍ਰਧਾਨ ਡਾ.ਸੰਜੀਵ ਗੌਤਮ ਨੇ ਕਿਹਾ ਕਿ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਪਿੰਡਾਂ ਅਤੇ ਵਾਰਡਾਂ ਵਿੱਚ ਲਗਾਤਾਰ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪਰਿਵਾਰਾਂ, ਸਮਾਜਿਕ ਸੰਸਥਾਵਾਂ ਅਤੇ ਆਮ ਲੋਕਾਂ ਦੀ ਭੂਮਿਕਾ ਬਹੁਤ ਅਹਿਮ ਹੈ। ਲੋਕਾਂ ਨੂੰ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਗਈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੁਲਿਸ ਪ੍ਰਸ਼ਾਸਨ ਨੂੰ ਨਸ਼ਿਆਂ ਦੀ ਰੋਕਥਾਮ ਅਤੇ ਮੁਕੰਮਲ ਖਾਤਮੇ ਲਈ ਪੂਰੇ ਅਧਿਕਾਰ ਦਿੱਤੇ ਗਏ ਹਨ, ਜਿਸ ਤਹਿਤ ਨਸ਼ਾ ਤਸਕਰਾਂ ਅਤੇ ਨਸ਼ਾ ਵੇਚਣ ਵਾਲਿਆਂ ਖਿਲਾਫ ਸਖ਼ਤ ਕਾਰਵਾਈਆਂ ਅਮਲ ਵਿੱਚ ਲਿਆਂਦੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹੋਂ ਖਤਮ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਇਕਜੁੱਟ ਹੋ ਕੇ ਆਪਣੀ ਜ਼ਿੰਮੇਵਾਰੀ ਨਿਭਾਉਣੀ ਹੋਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਸਮੇਂ ਸਿਰ ਕਾਰਵਾਈ ਕੀਤੀ ਜਾ ਸਕੇ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਖਿਲਾਫ ਸਖ਼ਤ ਕਾਰਵਾਈਆਂ ਦੇ ਨਾਲ-ਨਾਲ ਪੰਜਾਬ ਸਰਕਾਰ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਆ ਚੁੱਕੇ ਲੋਕਾਂ ਦੇ ਪ੍ਰਭਾਵਸ਼ਾਲੀ ਮੁੜ ਵਸੇਬੇ ਲਈ ਵੀ ਜੰਗੀ ਪੱਧਰ 'ਤੇ ਕੰਮ ਕਰ ਰਹੀ ਹੈ। ਸਰਕਾਰ ਦੇ ਇਨ੍ਹਾਂ ਯਤਨਾਂ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਵਾਰਡ ਡਿਫੈਂਸ ਕਮੇਟੀਆਂ ਅਤੇ ਵਿਲੇਜ਼ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਨੇ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਖਿਲਾਫ ਲੜਾਈ ਨੂੰ ਮਜ਼ਬੂਤੀ ਮਿਲੀ ਹੈ ਅਤੇ ਸਰਕਾਰ ਦੇ ਸੁਹਿਰਦ ਯਤਨਾਂ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ।

ਉਪ ਕੋਆਰਡੀਨੇਟਰ ਮੋਹਿਤ ਦੀਵਾਨ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਨੂੰ ਪਿੰਡ ਪੱਧਰ ਤੱਕ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ।

# ਜਲਾਲਾਬਾਦ ਦੇ ਵਿਧਾਇਕ ਨੇ ਦਾਣਾ ਮੰਡੀ ਜਲਾਲਾਬਾਦ ਅਤੇ ਘੁਬਾਇਆ ਵਿਖੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ



**ਜਲਾਲਾਬਾਦ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਇਕ ਜਲਾਲਾਬਾਦ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਅੱਜ ਦਾਣਾ ਮੰਡੀ ਜਲਾਲਾਬਾਦ ਅਤੇ ਘੁਬਾਇਆ ਵਿਖੇ ਕਿਸਾਨਾਂ ਵੱਲੋਂ ਲਿਆਂਦੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ ਅਤੇ ਕਿਸਾਨਾਂ ਦਾ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਨੂੰ ਜੀ ਆਇਆ ਕਿਹਾ।

ਇਸ ਮੌਕੇ ਬੋਲਦਿਆਂ ਵਿਧਾਇਕ ਗੋਲਡੀ ਕੰਬੋਜ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿੱਚ ਸਾਰੇ ਖ਼ਰੀਦ ਪ੍ਰਬੰਧ ਮੁਕੰਮਲ ਕੀਤੇ ਗਏ ਹਨ ਅਤੇ ਕਿਸਾਨਾਂ, ਮਜ਼ਦੂਰਾਂ ਤੇ ਆੜ੍ਹਤੀਆਂ ਨੂੰ ਖ਼ਰੀਦ ਸੀਜ਼ਨ ਦੌਰਾਨ ਮੰਡੀਆਂ ਵਿੱਚ ਇਸ ਵਾਰ ਵੀ ਕਿਸੇ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਰਾਜ ਦੇ ਕਿਸਾਨਾਂ, ਮਜ਼ਦੂਰਾਂ ਅਤੇ ਹਰ ਵਰਗ ਦੀ ਭਲਾਈ ਲਈ ਯਤਨਸ਼ੀਲ ਹੈ।

ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਖਰੀਦੀ ਗਈ ਝੋਨੇ ਦੀ ਫਸਲ ਦੀ ਅਦਾਇਗੀ ਵੀ ਖਰੀਦ ਏਜੰਸੀਆਂ ਵੱਲੋਂ ਮਿੱਥੇ ਸਮੇਂ ਵਿੱਚ ਉਨ੍ਹਾਂ ਦੇ ਖਾਤਿਆਂ ਵਿੱਚ ਕੀਤੀ ਜਾਵੇਗੀ।

ਉਨ੍ਹਾਂ ਨੇ ਦੱਸਿਆ ਕਿ 2389 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਝੋਨੇ ਦੀ ਸਰਕਾਰੀ ਰੇਟਾਂ ਤੇ ਖਰੀਦ ਕੀਤੀ ਜਾਵੇਗੀ ਅਤੇ ਇਨ੍ਹਾਂ ਖਰੀਦ ਕੇਂਦਰ ਵਿੱਚ ਪੀਣ ਵਾਲੇ ਪਾਣੀ, ਛਾਂ, ਰੌਸ਼ਨੀ ਆਦਿ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ 'ਚ ਸੁੱਕੀ ਫਸਲ ਹੀ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਮੰਡੀ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ ਤੇ ਮੰਡੀਆਂ ਵਿੱਚ ਭੀੜ ਦੀ ਸਮੱਸਿਆ ਨਾ ਬਣੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਵੱਲੋਂ ਲਿਆਂਦੀ ਗਈ ਫ਼ਸਲ ਦਾ ਦਾਣਾ-ਦਾਣਾ ਖਰੀਦ ਕੀਤਾ ਜਾਵੇਗਾ।

ਇਸ ਮੌਕੇ ਮਾਰਕਿਟ ਕਮੇਟੀ ਜਲਾਲਾਬਾਦ ਦੇ ਚੇਅਰਮੈਨ ਪ੍ਰਦੀਪ ਚੁੱਘ ਆਦਿ ਹਾਜ਼ਰ ਸਨ!

# ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਵਲੋਂ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਮੁਸ਼ਕਿਲਾਂ ਦੇ ਹੱਲ ਲਈ ਅਧਿਕਾਰੀਆਂ ਨਾਲ ਰੀਵਿਊ ਮੀਟਿੰਗ




**ਗੁਰਦਾਸਪੁਰ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਆਦਿਤਿਆ ਉੱਪਲ, ਡਿਪਟੀ ਕਮਿਸ਼ਨਰ ਗੁਰਦਾਸਪੁਰ ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਮੁਸ਼ਕਿਲਾਂ ਦੇ ਹੱਲ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਰੀਵਿਊ ਮੀਟਿੰਗ ਕਰਕੇ ਅਧਿਕਾਰੀਆਂ ਕੋਲੋਂ ਵਿਸਥਾਰ ਵਿੱਚ ਜਾਣਕਾਰੀ ਲਈ ਅਤੇ ਪੈਡਿੰਗ ਮੁਸ਼ਕਿਲਾਂ ਨੂੰ ਨਿਸ਼ਚਿਤ ਸਮੇਂ ਅੰਦਰ ਹੱਲ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ। ਇਸ ਮੌਕੇ ਚਰਨਜੀਤ ਸਿੰਘ ਪਾਰੋਵਾਲ, ਜ਼ਿਲ੍ਹਾ ਇੰਚਾਰਜ ਟਰੇਡਰਜ਼ ਕਮਿਸ਼ਨ ਗੁਰਦਾਸਪੁਰ, ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ, ਨਵਜੋਤ ਸਿੰਘ ਸੰਧੂ ਐਸ.ਪੀ ਬਟਾਲਾ ਸਮੇਤ ਹਲਕਿਆਂ ਦੇ ਚੇਅਰਮੈਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਲੋਂ ਹਲਕਾ ਵਾਈਜ਼ ਪੋਰਟਲ 'ਤੇ ਪ੍ਰਾਪਤ ਸਮੱਸਿਆਵਾਂ ਸਬੰਧੀ ਵੱਖ ਵੱਖ ਵਿਭਾਗਾਂ ਵਲੋਂ ਕੀਤੇ ਗਏ ਕੰਮਾਂ ਅਤੇ ਜਿਨ੍ਹਾਂ ਮੁਸ਼ਕਿਲਾਂ ਦਾ ਨਿਪਟਾਰਾ ਨਹੀ ਕੀਤਾ ਗਿਆ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਲਈ ਗਈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਰਹਿੰਦੀਆਂ ਮੁਸ਼ਕਿਲਾਂ ਦਾ ਜਲਦ ਹੱਲ ਕਰਨ ਲਈ ਦਿਸ਼ਾ ਨਿਰਦੇਸ਼ ਦਿੱਤੇ।

ਮੀਟਿੰਗ ਦੌਰਾਨ ਅਧਿਕਾਰੀਆਂ ਦੱਸਿਆ ਕਿ ਟਰੇਡਰਸ ਕਮਿਸ਼ਨ ਨਾਲ ਸਬੰਧਤ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ ਅਤੇ ਪੈਡਿੰਗ ਮੁਸ਼ਕਿਲਾਂ ਨੂੰ ਵੀ ਜਲਦ ਹੱਲ ਕਰ ਦਿੱਤਾ ਜਾਵੇਗਾ।

ਮੀਟਿੰਗ ਵਿੱਚ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਵਲੋਂ ਵੱਖ ਵੱਖ ਮੁਸ਼ਕਿਲਾਂ ਦੱਸੀਆਂ ਗਈਆਂ ਜਿਵੇਂ ਬਿਜਲੀ ਦੀਆਂ ਤਾਰਾਂ ਉੱਚੀਆਂ ਕਰਨ ਸਬੰਧੀ, ਸੀਵਰੇਜ਼ ਦੀ ਸਮੱਸਿਆ, ਸਫਾਈ ਸਬੰਧੀ, ਬਾਜਾਰਾਂ ਵਿੱਚ ਸੀ.ਸੀ.ਟੀ.ਵੀ ਕੈਮਰੇ ਲਗਾਉਣ ਸਬੰਧੀ, ਨਾਲਿਆਂ ਦੀ ਸਫਾਈ ਕਰਵਾਉਣ ਆਦਿ ਸਬੰਧੀ ਮੁਸ਼ਕਿਲਾਂ ਦੱਸੀਆਂ ਗਈਆਂ।

ਇਸ ਮੌਕੇ ਡਿਪਟੀ ਕਮਿਸ਼ਨਰ ਵਲੋਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸ਼ਿਕਾਇਤਾਂ ਦੇ ਤੁਰੰਤ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਕਿਸੇ ਵੀ ਸ਼ਿਕਾਇਤ ਦੇ ਹੱਲ ਵਿੱਚ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਲੋਂ ਸਮੂਹ ਅਧਿਕਾਰੀਆਂ ਨੂੰ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਹਦਾਇਤ ਕਰਦਿਆਂ ਕਿਹਾ ਕਿ ਉਨ੍ਹਾਂ ਵਲੋਂ ਰੈਗੂਲਰ ਮੀਟਿੰਗ ਕਰਨ ਦਾ ਮੁੱਖ ਇਹੀ ਮੰਤਵ ਹੈ ਕਿ ਮੁਸ਼ਕਿਲਾਂ ਨੂੰ ਸਮੇਂ ਸਿਰ ਹੱਲ ਕੀਤਾ ਜਾ ਸਕੇ।

ਇਸ ਮੌਕੇ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਗੁਰਦਾਸਪੁਰ ਦੇ ਜ਼ਿਲ੍ਹਾ ਇੰਚਾਰਜ ਚਰਨਜੀਤ ਸਿੰਘ ਪਾਰੋਵਾਲ ਨੇ ਸਮੂਹ ਅਧਿਕਾਰੀਆਂ ਨੂੰ ਕਿਹਾ ਕਿ ਉਹ ਆਪਣੇ-ਆਪਣੇ ਹਲਕੇ ਦੇ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਨਾਲ ਰਾਬਤਾ ਕਰਨ ਕਰਕੇ ਸਮੱਸਿਆਵਾਂ ਦਾ ਹੋਰ ਤੇਜ਼ੀ ਨਾਲ ਨਿਪਟਾਰਾ ਕਰਨ ਨੂੰ ਯਕੀਨੀ ਬਣਾਉਣ।

ਇਸ ਮੌਕੇ ਸਹਾਇਕ ਕਮਿਸ਼ਨਰ (ਜ) ਕੁਲਦੀਪ ਚੰਦ, ਐਸ.ਡੀ.ਐਮ ਦੀਨਾਨਗਰ ਗਗਨਦੀਪ ਸਿੰਘ, ਐਸ.ਡੀ.ਐਮ ਡੇਰਾ ਬਾਬਾ ਨਾਨਕ ਲਛਮਣ ਸਿੰਘ, ਐਸ.ਡੀ.ਐਮ ਫਤਿਹਗੜ੍ਹ ਚੂੜੀਆਂ ਸੁਖਜਿੰਦਰ ਸਿੰਘ ਟਿਵਾਣਾ,ਐਸ.ਡੀ.ਐਮ ਬਟਾਲਾ ਸਾਰੰਗਪ੍ਰੀਤ ਸਿੰਘ ਔਜਲਾ, ਚੇਅਰਮੈਨ ਕਿਰਪਾਲ ਸਿੰਘ ਵਪਾਰ ਕਮਿਸ਼ਨ ਹਲਕਾ ਬਟਾਲਾ, ਚੇਅਰਮੈਨ ਵਿਪਨ ਸੋਨੀ ਹਲਕਾ ਡੇਰਾ ਬਾਬਾ ਨਾਨਕ, ਚੇਅਰਮੈਨ ਰਾਜੀਵ ਸੈਣੀ ਹਲਕਾ ਦੀਨਾਨਗਰ, ਚੇਅਰਮੈਨ ਰਜਿੰਦਰ ਨੰਦਾ ਹਲਕਾ ਗੁਰਦਾਸਪੁਰ, ਚੇਅਰਮੈਨ ਰੁਪਿੰਦਰ ਸਿੰਘ ਰੋਮੀ ਹਲਕਾ ਸ਼੍ਰੀ ਹਰਗੋਬਿੰਦਪੁਰ ਸਾਹਿਬ, ਚੇਅਰਮੈਨ ਅਸ਼ਵਨੀ ਦੁੱਗਲ ਹਲਕਾ ਕਾਦੀਆਂ, ਚੇਅਰਮੈਨ ਗੁਰਪ੍ਰੀਤ ਸਿੰਘ ਹਲਕਾ ਫਤਹਿਗੜ੍ਹ ਚੂੜੀਆਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਬਠਿੰਡਾ ਅਰਬਨ ਦੀਆਂ 14 ਆਂਗਣਵਾੜੀ ਹੈਲਪਰਾਂ ਨੂੰ ਮੇਅਰ ਪਦਮਜੀਤ ਸਿੰਘ ਮਹਿਤਾ ਨੇ ਸੌਂਪੇ ਨਿਯੁਕਤੀ ਪੱਤਰ



**ਬਠਿੰਡਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬਠਿੰਡਾ ਸ਼ਹਿਰ ਦੇ ਸਾਰੇ 50 ਵਾਰਡਾਂ ਵਿੱਚ ਆਂਗਣਵਾੜੀ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਚੁੱਕਦਿਆਂ ਬਠਿੰਡਾ ਦੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਅੱਜ ਬਠਿੰਡਾ ਅਰਬਨ ਖੇਤਰ ਦੀਆਂ 14 ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਸ ਮੌਕੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦੇ ਨਾਲ ਡੀਪੀਓ ਸ੍ਰੀ ਪੰਕਜ ਕੁਮਾਰ ਅਤੇ ਸੀਡੀਪੀਓ ਮੈਡਮ ਊਸ਼ਾ ਵੀ ਮੌਜੂਦ ਸਨ।

ਇਸ ਮੌਕੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਨਵ-ਨਿਯੁਕਤ ਆਂਗਣਵਾੜੀ ਹੈਲਪਰਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਨੂੰ ਪੂਰੀ ਲਗਨ, ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਲਈ ਪ੍ਰੇਰਿਤ ਕੀਤਾ।

ਪ੍ਰੈੱਸ ਕਾਨਫਰੰਸ ਵਿੱਚ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਵਿੱਚ ਕੁੱਲ 424 ਆਂਗਣਵਾੜੀ ਕੇਂਦਰ ਚੱਲ ਰਹੇ ਹਨ, ਜਦਕਿ ਬਠਿੰਡਾ ਅਰਬਨ ਖੇਤਰ ਦੇ ਸਾਰੇ 50 ਵਾਰਡਾਂ ਵਿੱਚ 174 ਆਂਗਣਵਾੜੀ ਕੇਂਦਰ ਚਲਾਏ ਜਾ ਰਹੇ ਹਨ। ਇਨ੍ਹਾਂ ਕੇਂਦਰਾਂ ਰਾਹੀਂ ਬੱਚਿਆਂ, ਗਰਭਵਤੀ ਮਹਿਲਾਵਾਂ ਅਤੇ ਮਾਵਾਂ ਨੂੰ ਵੱਖ-ਵੱਖ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚਾਉਣ ਦੇ ਨਾਲ-ਨਾਲ ਪੋਸ਼ਣ, ਸਿਹਤ ਅਤੇ ਮੁੱਢਲੀ ਸਿੱਖਿਆ ਨਾਲ ਸਬੰਧਤ ਮਹੱਤਵਪੂਰਨ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਮੇਅਰ ਨੇ ਦੱਸਿਆ ਕਿ ਬਠਿੰਡਾ ਅਰਬਨ ਦੇ 174 ਆਂਗਣਵਾੜੀ ਕੇਂਦਰਾਂ ਵਿੱਚੋਂ 14 ਥਾਵਾਂ 'ਤੇ ਆਂਗਣਵਾੜੀ ਹੈਲਪਰਾਂ ਦੇ ਅਹੁਦੇ ਖਾਲੀ ਸਨ। ਇਨ੍ਹਾਂ ਅਹੁਦਿਆਂ ਲਈ ਵਿਭਾਗ ਨੂੰ ਕੁੱਲ 70 ਅਰਜ਼ੀਆਂ ਪ੍ਰਾਪਤ ਹੋਈਆਂ ਸਨ। ਵਿਭਾਗ ਵੱਲੋਂ ਨਿਰਧਾਰਤ ਪ੍ਰਕਿਰਿਆ ਤਹਿਤ ਅਰਜ਼ੀਆਂ ਦੀ ਜਾਂਚ ਸਮੇਤ ਸਾਰੀ ਪ੍ਰਕਿਰਿਆ ਪੂਰੀ ਕਰਨ ਉਪਰੰਤ ਅੱਜ ਯੋਗ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ ਹਨ।

ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਆਂਗਣਵਾੜੀ ਵਰਕਰ ਅਤੇ ਹੈਲਪਰ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਵਿੱਚ ਅਹਿਮ ਕੜੀ ਵਜੋਂ ਕੰਮ ਕਰਦੇ ਹਨ। ਉਨ੍ਹਾਂ ਕਿਹਾ ਕਿ ਛੋਟੇ ਬੱਚਿਆਂ ਦੇ ਪੋਸ਼ਣ, ਸਿਹਤ ਅਤੇ ਮੁੱਢਲੇ ਵਿਕਾਸ ਵੱਲ ਵਿਸ਼ੇਸ਼ ਧਿਆਨ ਦੇਣਾ ਸਮਾਜ ਦੇ ਸਿਹਤਮੰਦ ਅਤੇ ਮਜ਼ਬੂਤ ਭਵਿੱਖ ਲਈ ਬੇਹੱਦ ਜ਼ਰੂਰੀ ਹੈ। ਉਨ੍ਹਾਂ ਨਵ-ਨਿਯੁਕਤ ਹੈਲਪਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਆਂਗਣਵਾੜੀ ਕੇਂਦਰਾਂ ਵਿੱਚ ਆਉਣ ਵਾਲੇ ਬੱਚਿਆਂ ਅਤੇ ਪਰਿਵਾਰਾਂ ਨਾਲ ਸੰਵੇਦਨਸ਼ੀਲਤਾ ਨਾਲ ਪੇਸ਼ ਆਉਂਦਿਆਂ ਪੂਰੀ ਨਿਸ਼ਠਾ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਤੱਕ ਸਰਕਾਰੀ ਸਹੂਲਤਾਂ ਨੂੰ ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਵੱਖ-ਵੱਖ ਵਿਭਾਗਾਂ ਵਿੱਚ ਲੋੜ ਅਨੁਸਾਰ ਖਾਲੀ ਅਹੁਦਿਆਂ ਨੂੰ ਭਰਨ ਦੀ ਪ੍ਰਕਿਰਿਆ ਨੂੰ ਵੀ ਅੱਗੇ ਵਧਾਇਆ ਜਾ ਰਿਹਾ ਹੈ, ਤਾਂ ਜੋ ਸਰਕਾਰੀ ਸੇਵਾਵਾਂ ਦਾ ਲਾਭ ਲੋਕਾਂ ਤੱਕ ਹੋਰ ਬਿਹਤਰ ਢੰਗ ਨਾਲ ਪਹੁੰਚ ਸਕੇ।

# ਪਿੰਡ ਰਿਖੀਆ ਵਿਖੇ ਝੋਨੇ ਦੀ ਪਰਾਲੀ ਪ੍ਰਬੰਧਾਂ ਲਈ ਪਿੰਡ ਪੱਧਰੀ ਜਾਗਰੂਕਤਾ ਕੈਂਪ

**ਬਟਾਲਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡ ਰਿਖੀਆ ਵਿਖੇ ਝੋਨੇ ਦੀ ਪਰਾਲੀ ਪ੍ਰਬੰਧਾਂ ਲਈ ਪਿੰਡ ਪੱਧਰੀ ਜਾਗਰੂਕਤਾ ਕੈਂਪ ਲਗਾਇਆ ਗਿਆ।ਜਾਗਰੂਕਤਾ ਕੈਂਪ ਦੌਰਾਨ ਸਰਕਲ ਇੰਚਾਰਜ ਸੂਰੂਪਵਾਲੀ ਕੁਲਵਿੰਦਰ ਕੌਰ ਖੇਤੀਬਾੜੀ ਵਿਸਥਾਰ ਅਫਸਰ ਨੇ ਕਿਸਾਨਾਂ ਨੂੰ ਪਿੰਡ ਵਿੱਚ ਗਠਿਤ ਕੀਤੀ ਗਈ ਪਰਾਲੀ ਪ੍ਰੋਟੈਕਸ਼ਨ ਟੀਮ ਬਾਰੇ ਜਾਣਕਾਰੀ ਦਿੱਤੀ ਅਤੇ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਅਤੇ ਮਸ਼ੀਨਰੀ ਲਈ ਸਰਕਾਰੀ ਸਹਾਇਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਉਨ੍ਹਾਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਨ ਅਤੇ ਜ਼ਮੀਨ ਨੂੰ ਹੋਣ ਵਾਲੇ ਨੁਕਸਾਨਾਂ ਬਾਰੇ ਜਾਗਰੂਕ ਕੀਤਾ। ਕਿਸਾਨਾਂ ਕੋਲੋਂ ਪ੍ਰਣ ਲਿਆ ਗਿਆ ਕਿ ਉਹ ਪਰਾਲੀ ਨੂੰ ਅੱਗ ਨਾ ਲਗਾ ਕੇ ਵਾਤਾਵਰਨ ਨੂੰ ਪ੍ਰਦੂਸ਼ਿਤ ਰਹਿਤ ਬਣਾਉਣੈ।

# 19000 ਤੋਂ ਵੱਧ ਕਿਸਾਨਾਂ ਦੇ ਖਾਤਿਆਂ ਵਿੱਚ 800 ਕਰੋੜ ਰੁਪਏ ਜਮ੍ਹਾਂ: ਲਾਲ ਚੰਦ ਕਟਾਰੂਚੱਕ

**➢ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਵੱਲੋਂ ਕਿਸਾਨਾਂ ਨੂੰ ਮੰਡੀਆਂ ਵਿੱਚ ਸੁੱਕੀ ਫਸਲ ਲਿਆਉਣ ਦੀ ਅਪੀਲ ➢ ਪੰਜਾਬ ਤੋਂ ਬਾਹਰੋਂ ਝੋਨਾ ਲਿਆਉਣ ਵਾਲਿਆਂ ਖਿਲਾਫ ਸਖਤ ਕਾਰਵਾਈ ਹੋਵੇਗੀ ➢ ਮੰਤਰੀ ਵੱਲੋਂ ਮੰਡੀਆਂ ਦਾ ਨਿੱਜੀ ਦੌਰਾ ਕਰਕੇ ਝੋਨੇ ਦੀ ਖਰੀਦ ਦਾ ਜਾਇਜ਼ਾ**

**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਾ ਆਉਣ ਦੇਣ ਦੀ ਆਪਣੀ ਵਚਨਬੱਧਤਾ ਨੂੰ ਪੂਰਾ ਕਰਦਿਆਂ, ਝੋਨੇ ਦੇ ਖਰੀਦ ਸੀਜ਼ਨ 2026-27 ਨੂੰ ਨਿਰਵਿਘਨ ਬਣਾਉਣ ਲਈ ਅਣਥੱਕ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਸ ਦਾ ਸਪੱਸ਼ਟ ਸਬੂਤ ਇਹ ਹੈ ਕਿ ਹੁਣ ਤੱਕ 19222 ਕਿਸਾਨਾਂ ਦੇ ਖਾਤਿਆਂ ਵਿੱਚ ਲਗਭਗ 800 ਕਰੋੜ ਰੁਪਏ ਦੀ ਰਾਸ਼ੀ ਜਮ੍ਹਾਂ ਕਰਵਾਈ ਜਾ ਚੁੱਕੀ ਹੈ।

ਅੱਜ ਇੱਥੇ ਇੱਕ ਮੀਟਿੰਗ ਦੌਰਾਨ ਇਸ ਸਬੰਧੀ ਜਾਣਕਾਰੀ ਦਿੰਦਿਆਂ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਹੁਣ ਤੱਕ ਉਹ 10 ਜ਼ਿਲ੍ਹਿਆਂ - ਗੁਰਦਾਸਪੁਰ, ਪਟਿਆਲਾ, ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ, ਜਲੰਧਰ, ਸ਼ਹੀਦ ਭਗਤ ਸਿੰਘ ਨਗਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਫਤਹਿਗੜ੍ਹ ਸਾਹਿਬ ਅਤੇ ਕਪੂਰਥਲਾ ਦੀਆਂ ਵੱਖ-ਵੱਖ ਮੰਡੀਆਂ ਦਾ ਦੌਰਾ ਕਰਕੇ ਖਰੀਦ ਪ੍ਰਬੰਧਾਂ ਦਾ ਨਿੱਜੀ ਤੌਰ ਉੱਤੇ ਜਾਇਜ਼ਾ ਲੈ ਚੁੱਕੇ ਹਨ।

ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਵੱਖ-ਵੱਖ ਮੰਡੀਆਂ ਦੇ ਦੌਰੇ ਦੌਰਾਨ ਕਿਸੇ ਵੀ ਕਿਸਾਨ ਜਾਂ ਖਰੀਦ ਸੀਜ਼ਨ ਨਾਲ ਸੰਬੰਧਿਤ ਕਿਸੇ ਵੀ ਹੋਰ ਧਿਰ ਵੱਲੋਂ ਇੱਕ ਵੀ ਸ਼ਿਕਾਇਤ ਨਹੀਂ ਆਈ ਹੈ। ਉਨ੍ਹਾਂ ਅੱਗੇ ਕਿਹਾ ਕਿ ਹੁਣ ਕਿਸਾਨਾਂ ਨੂੰ 24 ਘੰਟਿਆਂ ਦੀ ਨਿਰਧਾਰਿਤ ਸਮਾਂ-ਸੀਮਾ ਤੋਂ ਵੀ ਪਹਿਲਾਂ ਅਦਾਇਗੀ ਕੀਤੀ ਜਾ ਰਹੀ ਹੈ।

ਇਸ ਤੋਂ ਇਲਾਵਾ, ਇਹ ਯਕੀਨੀ ਬਣਾਉਣ ਲਈ ਕਿ ਬਾਹਰੀ ਰਾਜਾਂ ਤੋਂ ਕੋਈ ਝੋਨਾ ਮੰਡੀਆਂ ਵਿੱਚ ਨਾ ਆਵੇ, ਸਾਰੇ ਅੰਤਰ-ਰਾਜੀ ਨਾਕਿਆਂ 'ਤੇ ਪੂਰੀ ਨਿਗਰਾਨੀ ਰੱਖੀ ਜਾ ਰਹੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਅੱਜ ਜਲਾਲਾਬਾਦ ਵਿਖੇ ਕਥਿਤ ਤੌਰ ਤੇ ਹਰਿਆਣਾ ਨਾਲ ਸਬੰਧਤ ਇੱਕ ਵਿਅਕਤੀ ਨੂੰ ਪੰਜਾਬ ਤੋਂ ਬਾਹਰੋਂ ਝੋਨਾ ਲਿਆਉਂਦਿਆਂ ਫੜਿਆ ਗਿਆ ਹੈ। ਵਿਭਾਗੀ ਪੱਧਰ 'ਤੇ ਜਾਂਚ ਚੱਲ ਰਹੀ ਹੈ ਅਤੇ ਅਜਿਹੀ ਘਿਨਾਉਣੀ ਹਰਕਤ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਵਰਤਮਾਨ ਖਰੀਦ ਪ੍ਰਕਿਰਿਆ ਦੀ ਤੇਜ਼ ਰਫ਼ਤਾਰ ਲਈ ਵਿਭਾਗ ਦੇ ਅਧਿਕਾਰੀਆਂ ਅਤੇ ਹੋਰ ਸਟਾਫ ਦੀ ਸ਼ਲਾਘਾ ਕਰਦਿਆਂ, ਮੰਤਰੀ ਨੇ ਉਨ੍ਹਾਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਖਰੀਦ ਦੀ ਰਫ਼ਤਾਰ ਵਿੱਚ ਕਦੇ ਵੀ ਕਮੀ ਨਾ ਆਵੇ।

ਮੰਤਰੀ ਨੇ ਕਿਸਾਨਾਂ ਨੂੰ ਮੰਡੀਆਂ ਵਿੱਚ ਸਿਰਫ ਸੁੱਕੀ ਫ਼ਸਲ ਲਿਆਉਣ ਦੀ ਅਪੀਲ ਕਰਦਿਆਂ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ, ਕਿਉਂਕਿ ਸੂਬਾ ਸਰਕਾਰ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਲਈ ਪੂਰਨ ਤੌਰ ਉੱਤੇ ਵਚਨਬੱਧ ਹੈ।

ਜ਼ਿਕਰਯੋਗ ਹੈ ਕਿ ਪੰਜਾਬ ਰਾਜ ਨੂੰ ਕੇਂਦਰੀ ਪੂਲ ਲਈ 180 ਲੱਖ ਮੀਟ੍ਰਿਕ ਟਨ (ਐਲ.ਐਮ.ਟੀ.) ਝੋਨੇ ਦੀ ਖਰੀਦ ਦਾ ਟੀਚਾ ਦਿੱਤਾ ਗਿਆ ਹੈ, ਜਿਸ ਲਈ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 2461 ਰੁਪਏ ਪ੍ਰਤੀ ਕੁਇੰਟਲ ਨਿਰਧਾਰਿਤ ਕੀਤਾ ਗਿਆ ਹੈ। ਵਿਭਾਗ ਨੇ 5.09 ਲੱਖ ਬਾਰਦਾਨੇ ਦਾ ਪ੍ਰਬੰਧ ਵੀ ਯਕੀਨੀ ਬਣਾਇਆ ਹੈ। ਇਸ ਤੋਂ ਇਲਾਵਾ, ਅਕਤੂਬਰ ਮਹੀਨੇ ਲਈ 42,786.68 ਕਰੋੜ ਰੁਪਏ ਦੀ ਕੈਸ਼ ਕ੍ਰੈਡਿਟ ਲਿਮਟ (ਸੀ.ਸੀ.ਐਲ.) ਪ੍ਰਾਪਤ ਹੋ ਚੁੱਕੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਤਿਵਾੜੀ, ਵਿਸ਼ੇਸ਼ ਸਕੱਤਰ ਕਮਲ ਕੁਮਾਰ ਗਰਗ, ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਅਤੇ ਅਜੈਵੀਰ ਸਿੰਘ ਸਰਾਓ, ਡਿਪਟੀ ਡਾਇਰੈਕਟਰ ਖੁਰਾਕ (ਖਰੀਦ) ਗੀਤਾ ਬਿਸ਼ੰਭੂ, ਅਤੇ ਜਨਰਲ ਮੈਨੇਜਰ (ਵਿੱਤ) ਸਰਵੇਸ਼ ਕੁਮਾਰ ਹਾਜ਼ਿਰ ਸਨ।

# ਵਾਰਡ ਨੰਬਰ 7 'ਚ 'ਮਾਨ ਦੇ ਮੁਨਾਫੇ' ਪ੍ਰੋਗਰਾਮ ਤਹਿਤ ਮਹਿਲਾਵਾਂ ਨਾਲ ਮੀਟਿੰਗ



**ਰੂਪਨਗਰ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਦੀ ਧਰਮ ਪਤਨੀ ਨਿਸ਼ਾ ਚੱਢਾ ਵੱਲੋਂ ਵਾਰਡ ਨੰਬਰ 7 ਵਿਖੇ 'ਮਾਨ ਦੇ ਮੁਨਾਫੇ' ਪ੍ਰੋਗਰਾਮ ਤਹਿਤ ਮਹਿਲਾਵਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਮਹਿਲਾਵਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਵੀ ਸੁਣੇ।

ਇਸ ਮੌਕੇ ਨਿਸ਼ਾ ਚੱਢਾ ਨੇ ਕਿਹਾ ਕਿ ਮਹਿਲਾਵਾਂ ਕਿਸੇ ਵੀ ਸਮਾਜ ਦੀ ਤਰੱਕੀ ਦੀ ਮਜ਼ਬੂਤ ਨੀਂਹ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਅਤੇ ਉਨ੍ਹਾਂ ਨੂੰ ਆਤਮ-ਨਿਰਭਰ ਬਣਾਉਣ ਲਈ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਮਹਿਲਾਵਾਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ।

ਨਿਸ਼ਾ ਚੱਢਾ ਨੇ ਕਿਹਾ ਕਿ 'ਮਾਨ ਦੇ ਮੁਨਾਫੇ' ਵਰਗੇ ਪ੍ਰੋਗਰਾਮਾਂ ਦਾ ਮੁੱਖ ਮਕਸਦ ਲੋਕਾਂ ਨਾਲ ਸਿੱਧਾ ਸੰਪਰਕ ਕਾਇਮ ਕਰਕੇ ਉਨ੍ਹਾਂ ਦੀਆਂ ਜ਼ਰੂਰਤਾਂ ਅਤੇ ਮੁਸ਼ਕਲਾਂ ਨੂੰ ਸਮਝਣਾ ਹੈ। ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਭਾਗੀਦਾਰੀ ਤੋਂ ਬਿਨਾਂ ਕਿਸੇ ਵੀ ਸਮਾਜ ਦਾ ਸਰਬਪੱਖੀ ਵਿਕਾਸ ਸੰਭਵ ਨਹੀਂ ਹੈ। ਉਨ੍ਹਾਂ ਮਹਿਲਾਵਾਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋਣ ਅਤੇ ਹੋਰਨਾਂ ਨੂੰ ਵੀ ਜਾਗਰੂਕ ਕਰਨ ਦੀ ਅਪੀਲ ਕੀਤੀ।

# ਧਰਮ ਯੁੱਧ ਮੋਰਚੇ ਦੇ ਵ਼ਫਦ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਕੀਤੀ ਮੁਲਾਕਾਤ, ਅਮਰਜੀਤ ਸਿੰਘ ਚਾਵਲਾ ਵਿਰੁੱਧ ਜਿਨਸੀ ਸ਼ੋਸ਼ਣ ਦੇ ਮਾਮਲੇ ਦੀ ਐਸ.ਆਈ.ਟੀ. ਤੋਂ ਜਾਂਚ ਦੀ ਕੀਤੀ ਮੰਗ

**➢ ਐਸ.ਆਈ.ਟੀ. ਸ੍ਰੀ ਅਨੰਦਪੁਰ ਸਾਹਿਬ ਘਟਨਾ ਦੀ ਡੂੰਘਾਈ ਨਾਲ ਜਾਂਚ ਕਰੇਗੀ; ਘਿਨਾਉਣੇ ਅਪਰਾਧਾਂ ਦੇ ਦੋਸ਼ੀਆਂ ਲਈ ਕੋਈ ਢਿੱਲ ਨਹੀਂ, ਮਿਸਾਲੀ ਸਜ਼ਾ ਯਕੀਨੀ ਬਣਾਈ ਜਾਵੇਗੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ ➢ ਕਾਨੂੰਨ ਆਪਣਾ ਕੰਮ ਕਰੇਗਾ, ਕਿਸੇ ਨੂੰ ਵੀ ਇਨਸਾਫ਼ ਵਿੱਚ ਅੜਿੱਕਾ ਡਾਹੁਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ**

**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਗੁਰਪ੍ਰੀਤ ਸਿੰਘ ਖਾਲਸਾ ਦੀ ਅਗਵਾਈ ਵਾਲੇ 'ਧਰਮ ਯੁੱਧ ਮੋਰਚਾ' ਦੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਸ੍ਰੀ ਅਨੰਦਪੁਰ ਸਾਹਿਬ ਦੀ ਦੁਖਦਾਈ ਘਟਨਾ ਦੀ ਤੁਰੰਤ ਪਾਰਦਰਸ਼ੀ ਅਤੇ ਡੂੰਘਾਈ ਨਾਲ ਜਾਂਚ ਯਕੀਨੀ ਬਣਾਏਗੀ। ਇਸ ਲਈ ਤੁਰੰਤ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਦਾ ਗਠਨ ਕੀਤਾ ਜਾਵੇਗਾ ਅਤੇ ਦੋਸ਼ੀ ਪਾਏ ਜਾਣ ਵਾਲਿਆਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇਗੀ। ਇਹ ਭਰੋਸਾ ਸਿੱਖ ਸੰਸਥਾਵਾਂ ਵੱਲੋਂ ਇਸ ਮਾਮਲੇ ਦੀ ਐਸ.ਆਈ.ਟੀ. ਜਾਂਚ ਦੀ ਮੰਗ ਨੂੰ ਲੈ ਕੇ ਵਾਰ-ਵਾਰ ਦਿੱਤੀਆਂ ਅਰਜ਼ੀਆਂ ਦੇ ਮੱਦੇਨਜ਼ਰ ਆਇਆ ਹੈ।

ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੰਬੇ ਸਮੇਂ ਤੋਂ ਲਟਕ ਰਹੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ ਬਿਨਾਂ ਕਿਸੇ ਦੇਰੀ ਦੇ ਕਰਵਾਉਣ ਅਤੇ ਸਮੇਂ ਸਿਰ ਕਾਰਵਾਈ ਤੇ ਯੋਗ ਕਾਨੂੰਨੀ ਪ੍ਰਕਿਰਿਆ ਰਾਹੀਂ ਸਿੱਖ ਪੰਥ ਨਾਲ ਸਬੰਧਤ ਸਾਰੇ ਮਸਲਿਆਂ ਨੂੰ ਹੱਲ ਕਰਨ ਦੀ ਸਰਕਾਰ ਦੀ ਵਚਨਬੱਧਤਾ ਦੁਹਰਾਈ।

ਐਕਸ 'ਤੇ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਬਟਾਲਾ ਵਿਖੇ ਚੱਲ ਰਹੇ 'ਧਰਮ ਯੁੱਧ ਮੋਰਚੇ' ਦੇ ਆਗੂ ਗੁਰਪ੍ਰੀਤ ਸਿੰਘ ਖਾਲਸਾ ਜੀ ਨਾਲ ਚੰਡੀਗੜ੍ਹ ਵਿਖੇ ਇੱਕ ਅਹਿਮ ਮੀਟਿੰਗ ਕੀਤੀ। ਅਸੀਂ ਸਿੱਖ ਪੰਥ ਨਾਲ ਸਬੰਧਤ ਅਹਿਮ ਮੁੱਦਿਆਂ 'ਤੇ ਖੁੱਲ੍ਹ ਕੇ ਚਰਚਾ ਕੀਤੀ। ਅਸੀਂ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਚੋਣਾਂ ਬਿਨਾਂ ਕਿਸੇ ਦੇਰੀ ਦੇ ਜਲਦੀ ਕਰਵਾਈਆਂ ਜਾਣ। ਸ੍ਰੀ ਅਨੰਦਪੁਰ ਸਾਹਿਬ ਵਿਖੇ ਵਾਪਰੀ ਦੁਖਦਾਈ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ, ਮੈਂ ਭਰੋਸਾ ਦਿਵਾਇਆ ਕਿ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਲਈ ਤੁਰੰਤ ਐਸ.ਆਈ.ਟੀ. ਕਾਇਮ ਕੀਤੀ ਜਾਵੇਗੀ। ਜਾਂਚ ਜਲਦੀ ਪੂਰੀ ਕੀਤੀ ਜਾਵੇਗੀ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇਗੀ। ਸਾਡੀ ਸਰਕਾਰ ਸਿੱਖ ਪੰਥ ਨਾਲ ਸਬੰਧਤ ਹਰ ਮੁੱਦੇ ਦਾ ਤੁਰੰਤ ਅਤੇ ਢੁਕਵਾਂ ਹੱਲ ਲੱਭਣ ਲਈ ਵਚਨਬੱਧ ਹੈ।

ਵਫ਼ਦ ਵੱਲੋਂ ਇਸ ਮਾਮਲੇ ਸਬੰਧੀ ਪ੍ਰਗਟਾਈਆਂ ਗਈਆਂ ਚਿੰਤਾਵਾਂ ਦਾ ਗੰਭੀਰ ਨੋਟਿਸ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਇਹ ਯਕੀਨੀ ਬਣਾਏਗੀ ਕਿ ਜਾਂਚ ਨਿਰਪੱਖ, ਪਾਰਦਰਸ਼ੀ ਅਤੇ ਸਮੇਂ ਸਿਰ ਕੀਤੀ ਜਾਵੇ। ਕਾਨੂੰਨ ਆਪਣਾ ਕੰਮ ਕਰੇਗਾ ਅਤੇ ਕਿਸੇ ਵੀ ਵਿਅਕਤੀ ਨੂੰ, ਚਾਹੇ ਉਹ ਕਿਸੇ ਵੀ ਅਹੁਦੇ ਜਾਂ ਰਸੂਖ ਵਾਲਾ ਹੋਵੇ, ਇਨਸਾਫ਼ ਦੀ ਪ੍ਰਕਿਰਿਆ ਵਿੱਚ ਦਖਲਅੰਦਾਜ਼ੀ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ, ਐਸ.ਆਈ.ਟੀ. ਦੇ ਗਠਨ ਨਾਲ ਜਾਂਚ ਵਿੱਚ ਤੇਜ਼ੀ ਆਵੇਗੀ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਮਾਮਲੇ ਦੇ ਸਾਰੇ ਸਬੰਧਤ ਪਹਿਲੂਆਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ ਜਾਵੇ।

ਵਫ਼ਦ ਨੂੰ ਸਖ਼ਤ ਕਾਰਵਾਈ ਦਾ ਭਰੋਸਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਜਾਂਚ ਪੂਰੀ ਹੋਣ ਤੋਂ ਬਾਅਦ ਦੋਸ਼ੀ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਬਹੁਤ ਹੀ ਮੰਦਭਾਗਾ ਹੈ ਕਿ ਮਾਨਵਤਾ ਵਿਰੁੱਧ ਖ਼ਾਸ ਕਰ ਕੇ ਇੱਕ ਔਰਤ ਵਿਰੁੱਧ ਇਹ ਘਿਨਾਉਣਾ ਅਪਰਾਧ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਵਾਪਰਿਆ ਹੈ। ਇਸ ਅਪਰਾਧ ਦੇ ਦੋਸ਼ੀ ਲਈ ਮਿਸਾਲੀ ਸਜ਼ਾ ਯਕੀਨੀ ਬਣਾਈ ਜਾਵੇਗੀ।

ਉਨ੍ਹਾਂ ਅੱਗੇ ਕਿਹਾ, ਅਜਿਹੇ ਅਪਰਾਧੀ ਰਹਿਮ ਦੇ ਹੱਕਦਾਰ ਨਹੀਂ ਹਨ ਅਤੇ ਉਨ੍ਹਾਂ ਨਾਲ ਦੇਸ਼ ਦੇ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਸਜ਼ਾ ਦੇ ਕੇ ਨਜਿੱਠਿਆ ਜਾਵੇਗਾ ਤਾਂ ਜੋ ਇਹ ਹੋਰਾਂ ਲਈ ਵੀ ਸਬਕ ਵਜੋਂ ਕੰਮ ਕਰੇ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਚੋਣਾਂ ਬਾਰੇ ਮੁੱਖ ਮੰਤਰੀ ਨੇ ਸੂਬਾ ਸਰਕਾਰ ਦੀ ਗੰਭੀਰਤਾ ਦੁਹਰਾਉਂਦਿਆਂ ਕਿਹਾ, ਸ਼੍ਰੋਮਣੀ ਕਮੇਟੀ ਚੋਣਾਂ ਕਰਵਾਉਣ ਵਿੱਚ ਕੋਈ ਬੇਲੋੜੀ ਦੇਰੀ ਨਹੀਂ ਹੋਣੀ ਚਾਹੀਦੀ। ਇਸ ਸਬੰਧੀ ਸਰਕਾਰ ਦੇ ਅਧਿਕਾਰ ਖੇਤਰ ਵਿੱਚ ਆਉਂਦੇ ਸਾਰੇ ਜਾਇਜ਼ ਕਦਮ ਚੁੱਕੇ ਜਾਣਗੇ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, ਸਿੱਖ ਪੰਥ ਦਾ ਅਮੀਰ ਅਤੇ ਇਤਿਹਾਸਕ ਪਿਛੋਕੜ ਹੈ ਅਤੇ ਸਿੱਖ ਸੰਸਥਾਵਾਂ ਤੇ ਸਮੁੱਚੇ ਭਾਈਚਾਰੇ ਨਾਲ ਸਬੰਧਤ ਮਸਲਿਆਂ ਨੂੰ ਸੰਵੇਦਨਸ਼ੀਲਤਾ, ਗੰਭੀਰਤਾ ਅਤੇ ਸੰਵਿਧਾਨਕ ਤੇ ਕਾਨੂੰਨੀ ਪ੍ਰਕਿਰਿਆਵਾਂ ਮੁਤਾਬਕ ਹੱਲ ਕੀਤਾ ਜਾਣਾ ਚਾਹੀਦਾ ਹੈ।

# ਸਾਈਂ ਗੀਤਾ ਸ਼ਾਹ ਕਾਦਰੀ ਨੂੰ ਮਹੰਤ ਸੰਦੀਪ ਦਾਸ ਨੇ ਸਿਰੋਪਾਓ ਭੇਟ ਕਰਕੇ ਕੀਤਾ ਗਿਆ ਸਨਮਾਨਿਤ



**ਮੁਕੇਰੀਆਂ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਜ਼ਦੀਕੀ ਪਿੰਡ ਖੈਰੜ ਅੱਛਰਵਾਲ ਵਿਖੇ ਧੰਨ-ਧੰਨ ਬਾਬਾ ਬਿਸ਼ਨ ਦਾਸ ਜੀ ਦੇ ਦਰਬਾਰ 'ਤੇ ਛੇਵੇਂ ਸਰਾਧ ਦਾ ਸਾਲਾਨਾ ਜੋੜ ਮੇਲਾ ਇਸ ਵਾਰ ਵੀ ਸ਼ਰਧਾ, ਉਤਸ਼ਾਹ ਅਤੇ ਧਾਰਮਿਕ ਭਾਵਨਾ ਨਾਲ ਦਰਬਾਰ ਦੇ ਮੌਜੂਦਾ ਗੱਦੀਨਸ਼ੀਨ ਮਹੰਤ ਸੰਦੀਪ ਦਾਸ ਦੀ ਦੇਖ-ਰੇਖ ਹੇਠ ਨਗਰ ਪੰਚਾਇਤ, ਇਲਾਕਾ ਨਿਵਾਸੀਆਂ ਅਤੇ ਐਨ.ਆਰ.ਆਈ. ਵੀਰਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ।

ਜੋੜ ਮੇਲੇ ਦੌਰਾਨ ਪੰਜਾਬ ਦੇ ਵੱਖ-ਵੱਖ ਇਲਾਕਿਆਂ ਤੋਂ ਪਹੁੰਚੇ ਕਲਾਕਾਰਾਂ ਨੇ ਆਪਣੀ ਗਾਇਕੀ ਰਾਹੀਂ ਸੰਗਤਾਂ ਦਾ ਮਾਲਕ ਦੇ ਚਰਨਾਂ ਨਾਲ ਜੋੜਿਆ ਅਤੇ ਧਾਰਮਿਕ ਮਾਹੌਲ ਨੂੰ ਹੋਰ ਰੰਗਤ ਚਾੜ੍ਹੀ । ਇਸ ਮੌਕੇ ਵੱਖ-ਵੱਖ ਡੇਰਿਆਂ ਤੋਂ ਪਹੁੰਚੇ ਸੰਤ-ਮਹਾਂਪੁਰਸ਼ਾਂ ਨੇ ਵੀ ਬਾਬਾ ਬਿਸ਼ਨ ਦਾਸ ਜੀ ਦੇ ਦਰਬਾਰ 'ਤੇ ਹਾਜ਼ਰੀ ਲਗਵਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਮਹੰਤ ਸੰਦੀਪ ਦਾਸ ਵੱਲੋਂ ਸਾਈਂ ਗੀਤਾ ਸ਼ਾਹ ਕਾਦਰੀ, ਗੱਦੀਨਸ਼ੀਨ ਦਰਬਾਰ ਹਜ਼ਰਤ ਪੀਰ ਗੌਸਪਾਕ ਗਿਆਰਵੀ ਵਾਲੀ ਸਰਕਾਰ ਅਤੇ ਦਰਬਾਰ ਸਿੱਧ ਸ੍ਰੀ ਬਾਬਾ ਬਾਲਕ ਨਾਥ ਨੂੰ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਵੱਖ-ਵੱਖ ਡੇਰਿਆਂ ਤੋਂ ਪਹੁੰਚੇ ਸੰਤਾਂ-ਮਹਾਂਪੁਰਸ਼ਾਂ ਨੂੰ ਵੀ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਮਹੰਤ ਸੰਦੀਪ ਦਾਸ ਨੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸੰਗਤ ਨੂੰ ਆਧਿਆਤਮਿਕਤਾ ਨਾਲ ਜੋੜਨ ਦੇ ਨਾਲ-ਨਾਲ ਆਪਸੀ ਭਾਈਚਾਰਕ ਸਾਂਝ, ਪਿਆਰ ਅਤੇ ਸਦਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਮੇਲੇ ਨੂੰ ਸਫ਼ਲ ਬਣਾਉਣ ਲਈ ਨਗਰ ਪੰਚਾਇਤ, ਇਲਾਕਾ ਨਿਵਾਸੀਆਂ, ਐਨ.ਆਰ. ਆਈ. ਵੀਰਾਂ ਅਤੇ ਸਮੂਹ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਤਨਿਸ਼ ਸਹੋਤਾ, ਦੀਆ ਕੌਰ, ਸਮੀਰ ਸਿੰਘ, ਜਸਵਿੰਦਰ ਜੱਸੀ ਜੱਟਪੁਰ, ਬਲਜਿੰਦਰ ਕੁਮਾਰ, ਮਲਕੀਤ, ਕੇਤਨ ਬੜਪੱਗਾ ਆਦਿ ਹਾਜ਼ਰ ਸਨ !

# ਪਰਵਾਜ਼' ਨੇ ਨੰਨ੍ਹੇ-ਮੁੰਨ੍ਹਿਆਂ ਦੇ ਸੁਪਨਿਆਂ ਨੂੰ ਦਿੱਤੀ ਨਵੀਂ ਉਡਾਣ - ਏਂਜਲਜ਼ ਵਰਲਡ ਸਕੂਲ ਦੇ ਜੂਨੀਅਰ ਵਿੰਗ ਦਾ ਸਾਲਾਨਾ ਸਮਾਗਮ ਸ਼ਾਨੋ-ਸ਼ੌਕਤ ਨਾਲ ਸੰਪੰਨ

**ਮੋਰਿੰਡਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਏਂਜਲਜ਼ ਵਰਲਡ ਸਕੂਲ, ਮੋਰਿੰਡਾ ਦੇ ਜੂਨੀਅਰ ਵਿੰਗ ਵੱਲੋਂ ਸਾਲਾਨਾ ਸਮਾਗਮ 'ਪਰਵਾਜ਼ - Annual Function B@BFÓ ਬੜੇ ਉਤਸ਼ਾਹ, ਸ਼ਰਧਾ ਅਤੇ ਰੰਗਾਰੰਗ ਪੇਸ਼ਕਾਰੀਆਂ ਨਾਲ ਕਰਵਾਇਆ ਗਿਆ। ਇਸ ਸਾਲਾਨਾ ਸਮਾਗਮ ਦਾ ਕੇਂਦਰੀ ਵਿਸ਼ਾ Inside Every Child ਰਿਹਾ, ਜਿਸ ਰਾਹੀਂ ਨੰਨ੍ਹੇ-ਮੁੰਨ੍ਹੇ ਬੱਚਿਆਂ ਦੇ ਅੰਦਰ ਛੁਪੀ ਪ੍ਰਤਿਭਾ, ਕਲਪਨਾ, ਉਤਸੁਕਤਾ, ਹੌਸਲੇ ਅਤੇ ਸੁਪਨਿਆਂ ਨੂੰ ਮੰਚ ਪ੍ਰਦਾਨ ਕੀਤਾ ਗਿਆ।

ਸਮਾਗਮ ਦੇ ਮੁੱਖ ਮਹਿਮਾਨ ਇੰਜੀ. ਹਰਪ੍ਰੀਤ ਸਿੰਘ ਓਬਰਾਏ, ਡਿਪਟੀ ਚੀਫ਼ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (PSPCL) ਅਤੇ ਪ੍ਰਧਾਨ PECOSA (PEC Old Students Association) ਨੇ ਸ਼ਿਰਕਤ ਕਰਕੇ ਸਮਾਗਮ ਦੀ ਸ਼ੋਭਾ ਵਧਾਈ। ਸਕੂਲ ਦੇ ਡਾਇਰੈਕਟਰ ਯੂਐਸ ਢਿੱਲੋਂ ਸਕੂਲ ਪ੍ਰਿੰਸੀਪਲ ਦੀਪਿਕਾ ਸ਼ਰਮਾ ਜੂਨੀਅਰ ਅਤੇ ਸੀਨੀਅਰ ਵਿੰਗ ਦੇ ਕੋਆਰਡੀਨੇਟਰ ਅਤੇ ਅਧਿਆਪਕ ਸਾਹਿਬਾਨਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਸਮਾਗਮ ਦੀ ਸ਼ੁਭ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਪਾਵਨ ਸ਼ਬਦ 'ਦਾਸ ਤੇਰੇ ਕੀ ਬੇਨਤੀ' ਦੀ ਭਾਵਪੂਰਨ ਪੇਸ਼ਕਾਰੀ ਨਾਲ ਹੋਈ। ਇਸ ਉਪਰੰਤ ਮਾਪਿਆਂ ਦਾ ਨਿੱਘਾ ਸਵਾਗਤ, ਦੀਪ ਪ੍ਰਜਵਲਨ ਅਤੇ ਮੁੱਖ ਮਹਿਮਾਨ ਦਾ ਰਸਮੀ ਸਵਾਗਤ ਕੀਤਾ ਗਿਆ।

ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਗਣੇਸ਼ ਵੰਦਨਾ ਅਤੇ ਸ਼ੁਰੂਆਤੀ ਨਾਟਕ ਪੇਸ਼ ਕੀਤਾ ਗਿਆ। ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ 'ਉਤਸੁਕਤਾ' ਰਾਹੀਂ ਬੱਚਿਆਂ ਦੀ ਜਿਗਿਆਸਾ ਅਤੇ ਸਿੱਖਣ ਦੀ ਭਾਵਨਾ ਨੂੰ ਬੜੇ ਸੁੰਦਰ ਢੰਗ ਨਾਲ ਦਰਸਾਇਆ।

ਸਮਾਗਮ ਵਿੱਚ ਵਿਦਿਆਰਥੀਆਂ ਵੱਲੋਂ ਕਰਾਟੇ ਅਤੇ ਸਕੇਟਿੰਗ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਵੀ ਕੀਤੀਆਂ ਗਈਆਂ। 'ਹੌਸਲਾ' ਵਿਸ਼ੇ ਅਧੀਨ ਪੇਸ਼ਕਾਰੀ ਰਾਹੀਂ ਬੱਚਿਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਦੇ ਹੋਏ ਨਿਰੰਤਰ ਅੱਗੇ ਵਧਣ ਦਾ ਸੰਦੇਸ਼ ਦਿੱਤਾ ਗਿਆ।

ਇਸ ਤੋਂ ਬਾਅਦ 'ਕਲਪਨਾ', 'ਸਕੂਲ ਰਿਪੋਰਟ' ਅਤੇ 'ਭਵਿੱਖ' ਨਾਲ ਸਬੰਧਤ ਪੇਸ਼ਕਾਰੀਆਂ ਨੇ ਵਿਦਿਆਰਥੀਆਂ ਦੇ ਸੁਪਨਿਆਂ, ਆਸਾਂ ਅਤੇ ਭਵਿੱਖ ਪ੍ਰਤੀ ਉਨ੍ਹਾਂ ਦੀ ਸੋਚ ਨੂੰ ਦਰਸਾਇਆ। ਸਮਾਗਮ ਦਾ ਵਿਸ਼ੇਸ਼ ਆਕਰਸ਼ਣ ਗ੍ਰੈਂਡ ਫਿਨਾਲੇ ਰਿਹਾ, ਜਿਸ ਵਿੱਚ ਵੱਖ-ਵੱਖ ਜਮਾਤਾਂ ਦੇ ਨੰਨ੍ਹੇ-ਮੁੰਨ੍ਹੇ ਵਿਦਿਆਰਥੀਆਂ ਨੇ ਸਾਂਝੀ ਪੇਸ਼ਕਾਰੀ ਰਾਹੀਂ ਦਰਸ਼ਕਾਂ ਦਾ ਮਨ ਮੋਹ ਲਿਆ।



ਇਸ ਮੌਕੇ ਮੁੱਖ ਮਹਿਮਾਨ ਇੰਜੀ. ਹਰਪ੍ਰੀਤ ਸਿੰਘ ਓਬਰਾਏ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੱਚਿਆਂ ਦੇ ਜੀਵਨ ਵਿੱਚ ਸਿੱਖਿਆ ਦੇ ਨਾਲ-ਨਾਲ ਉਨ੍ਹਾਂ ਦੀ ਪ੍ਰਤਿਭਾ, ਰਚਨਾਤਮਕਤਾ ਅਤੇ ਆਤਮ-ਵਿਸ਼ਵਾਸ ਨੂੰ ਵਿਕਸਿਤ ਕਰਨਾ ਵੀ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਹਰ ਬੱਚੇ ਵਿੱਚ ਕੁਝ ਵਿਲੱਖਣ ਕਰਨ ਦੀ ਸਮਰੱਥਾ ਹੁੰਦੀ ਹੈ ਅਤੇ ਉਸ ਸਮਰੱਥਾ ਨੂੰ ਪਛਾਣ ਕੇ ਸਹੀ ਦਿਸ਼ਾ ਦੇਣਾ ਅਧਿਆਪਕਾਂ ਅਤੇ ਮਾਪਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਉਨ੍ਹਾਂ ਨੇ ਵਿਦਿਆਰਥੀਆਂ ਨੂੰ ਮਿਹਨਤ, ਅਨੁਸ਼ਾਸਨ, ਲਗਨ ਅਤੇ ਨਿਰੰਤਰ ਸਿੱਖਣ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਫਲਤਾ ਕਿਸੇ ਇੱਕ ਦਿਨ ਦੀ ਪ੍ਰਾਪਤੀ ਨਹੀਂ ਹੁੰਦੀ, ਸਗੋਂ ਲਗਾਤਾਰ ਮਿਹਨਤ, ਸਹੀ ਸੋਚ ਅਤੇ ਆਪਣੇ ਲਕਸ਼ ਪ੍ਰਤੀ ਸਮਰਪਣ ਨਾਲ ਪ੍ਰਾਪਤ ਹੁੰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਸੁਪਨੇ ਵੱਡੇ ਰੱਖਣ ਅਤੇ ਉਨ੍ਹਾਂ ਨੂੰ ਪੂਰਾ ਕਰਨ ਲਈ ਇਮਾਨਦਾਰੀ ਨਾਲ ਯਤਨ ਕਰਨ ਦਾ ਸੰਦੇਸ਼ ਦਿੱਤਾ।

ਪਰਵਾਜ਼' ਦੇ ਵਿਸ਼ੇ ਨਾਲ ਜੋੜਦਿਆਂ ਇੰਜੀ. ਓਬਰਾਏ ਨੇ ਕਿਹਾ ਕਿ ਜਿਸ ਤਰ੍ਹਾਂ ਇੱਕ ਪੰਛੀ ਨੂੰ ਉੱਚੀ ਉਡਾਣ ਲਈ ਖੁੱਲ੍ਹਾ ਆਕਾਸ਼ ਅਤੇ ਮਜ਼ਬੂਤ ਪੰਖਾਂ ਦੀ ਲੋੜ ਹੁੰਦੀ ਹੈ, ਉਸੇ ਤਰ੍ਹਾਂ ਬੱਚਿਆਂ ਨੂੰ ਆਪਣੀ ਪ੍ਰਤਿਭਾ ਨੂੰ ਨਿਖਾਰਨ ਲਈ ਸਹੀ ਮਾਹੌਲ, ਹੌਸਲਾ ਅਤੇ ਮੌਕਿਆਂ ਦੀ ਲੋੜ ਹੁੰਦੀ ਹੈ। ਉਨ੍ਹਾਂ ਨੇ ਜੂਨੀਅਰ ਵਿੰਗ ਦੇ ਬੱਚਿਆਂ ਵੱਲੋਂ ਪੇਸ਼ ਕੀਤੀਆਂ ਵੱਖ-ਵੱਖ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਨੰਨ੍ਹੇ ਕਲਾਕਾਰਾਂ ਦਾ ਆਤਮ-ਵਿਸ਼ਵਾਸ ਅਤੇ ਉਤਸ਼ਾਹ ਭਵਿੱਖ ਦੀਆਂ ਸੁੰਦਰ ਸੰਭਾਵਨਾਵਾਂ ਦੀ ਝਲਕ ਪੇਸ਼ ਕਰਦਾ ਹੈ।

ਉਨ੍ਹਾਂ ਨੇ ਸਕੂਲ ਪ੍ਰਬੰਧਨ ਅਤੇ ਅਧਿਆਪਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਏਂਜਲਜ਼ ਵਰਲਡ ਸਕੂਲ ਵੱਲੋਂ ਬੱਚਿਆਂ ਦੀ ਸਿੱਖਿਆ ਦੇ ਨਾਲ-ਨਾਲ ਉਨ੍ਹਾਂ ਦੀਆਂ ਸੱਭਿਆਚਾਰਕ, ਰਚਨਾਤਮਕ ਅਤੇ ਸਰੀਰਕ ਪ੍ਰਤਿਭਾਵਾਂ ਨੂੰ ਮੰਚ ਪ੍ਰਦਾਨ ਕਰਨਾ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਨੇ ਡਾਇਰੈਕਟਰ ਸ ਯੂਐਸ ਢਿਲੋਂ, ਪ੍ਰਿੰਸੀਪਲ ਦੀਪਿਕਾ ਸ਼ਰਮਾ, ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸ਼ਾਨਦਾਰ ਸਮਾਗਮ ਲਈ ਵਧਾਈ ਦਿੱਤੀ।

ਇਸ ਮੌਕੇ ਸਕੂਲ ਦੇ ਡਾਇਰੈਕਟਰ ਯੂ.ਐਸ. ਢਿਲੋਂ ਜੀ ਨੇ ਕਿਹਾ ਕਿ ਪਰਵਾਜ਼ ਸਿਰਫ਼ ਇੱਕ ਸਾਲਾਨਾ ਸਮਾਗਮ ਨਹੀਂ, ਸਗੋਂ ਹਰ ਬੱਚੇ ਦੇ ਅੰਦਰ ਛੁਪੀ ਪ੍ਰਤਿਭਾ ਨੂੰ ਪਛਾਣਨ ਅਤੇ ਉਸ ਨੂੰ ਆਪਣੀ ਸਮਰੱਥਾ ਅਨੁਸਾਰ ਅੱਗੇ ਵਧਣ ਦਾ ਮੌਕਾ ਦੇਣ ਦਾ ਇੱਕ ਸੁੰਦਰ ਉਪਰਾਲਾ ਹੈ। ਉਨ੍ਹਾਂ ਨੇ ਕਿਹਾ ਕਿ ਜੂਨੀਅਰ ਵਿੰਗ ਦੇ ਬੱਚਿਆਂ ਦੀਆਂ ਪੇਸ਼ਕਾਰੀਆਂ ਉਨ੍ਹਾਂ ਦੀ ਮਿਹਨਤ, ਆਤਮ-ਵਿਸ਼ਵਾਸ ਅਤੇ ਸਿਰਜਣਾਤਮਕਤਾ ਦਾ ਪ੍ਰਤੀਕ ਹਨ। ਉਨ੍ਹਾਂ ਨੇ ਮੁੱਖ ਮਹਿਮਾਨ ਇੰਜੀ. ਹਰਪ੍ਰੀਤ ਸਿੰਘ ਓਬਰਾਏ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਅਤੇ ਉਨ੍ਹਾਂ ਦੀ ਪ੍ਰੇਰਨਾਦਾਇਕ ਸ਼ਖ਼ਸੀਅਤ ਨੂੰ ਵਿਦਿਆਰਥੀਆਂ ਲਈ ਮਾਰਗਦਰਸ਼ਨ ਦਾ ਸਰੋਤ ਦੱਸਿਆ।

ਸਕੂਲ ਦੀ ਪ੍ਰਿੰਸੀਪਲ ਦੀਪਿਕਾ ਸ਼ਰਮਾ ਨੇ ਕਿਹਾ ਕਿ Inside Every Child ਇਸ ਸਾਲਾਨਾ ਸਮਾਗਮ ਦੀ ਰੂਹ ਹੈ। ਹਰ ਬੱਚੇ ਦੇ ਅੰਦਰ ਕਲਪਨਾ, ਉਤਸੁਕਤਾ, ਦਿਆਲਤਾ, ਹੌਸਲਾ ਅਤੇ ਕੁਝ ਨਵਾਂ ਕਰਨ ਦੀ ਸਮਰੱਥਾ ਮੌਜੂਦ ਹੈ। 'ਪਰਵਾਜ਼' ਨੇ ਜੂਨੀਅਰ ਵਿੰਗ ਦੇ ਬੱਚਿਆਂ ਨੂੰ ਆਪਣੀ ਪ੍ਰਤਿਭਾ ਪ੍ਰਗਟ ਕਰਨ ਲਈ ਇੱਕ ਸੁੰਦਰ ਮੰਚ ਪ੍ਰਦਾਨ ਕੀਤਾ ਹੈ।

ਉਨ੍ਹਾਂ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਦੀ ਮਿਹਨਤ ਤੇ ਸਹਿਯੋਗ ਦੀ ਸ਼ਲਾਘਾ ਕੀਤੀ ਅਤੇ ਮੁੱਖ ਮਹਿਮਾਨ ਦਾ ਸਮਾਗਮ ਵਿੱਚ ਸ਼ਾਮਲ ਹੋ ਕੇ ਬੱਚਿਆਂ ਦਾ ਹੌਸਲਾ ਵਧਾਉਣ ਲਈ ਧੰਨਵਾਦ ਕੀਤਾ।

# ਭਾਵਾਧਸ ਵੱਲੋਂ ਡੀ.ਐਸ.ਪੀ. ਗੱਬਰ ਸਿੰਘ ਦਾ ਵਿਸ਼ੇਸ਼ ਸਨਮਾਨ



**ਮਾਛੀਵਾੜਾ ਸਾਹਿਬ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀਆ ਵਾਲਮੀਕੀ ਧਰਮ ਸਮਾਜ ਸੰਸਥਾ ਵੱਲੋਂ ਅੱਜ ਡੀ.ਐਸ.ਪੀ. ਹੈਡ ਕੁਆਰਟਰ ਖੰਨਾ ਗੱਬਰ ਸਿੰਘ ਦਾ ਅੱਜ ਮਾਛੀਵਾੜਾ ਪੁੱਜਣ ਦੇ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਡੀ.ਐਸ.ਪੀ. ਗੱਬਰ ਸਿੰਘ ਅੱਜ ਮਾਛੀਵਾੜਾ ਸਾਹਿਬ ਵਿਖੇ ਦੌਰੇ ਤੇ ਆਏ ਸਨ।

ਜਿਕਰਯੋਗ ਹੈ ਕਿ ਡੀ.ਐਸ.ਪੀ. ਗੱਬਰ ਸਿੰਘ ਪੁਲਿਸ ਜ਼ਿਲ੍ਹਾ ਖੰਨਾ ਵਿੱਚ ਅਮਨ ਕਾਨੂੰਨ ਦੀ ਸਥਿਤੀ ਬਣਾਈ ਰੱਖਣ ਲਈ ਆਪਣੀ ਡਿਊਟੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਅ ਰਹੇ ਹਨ।

ਇਸ ਮੌਕੇ ਵਿਨੀਤ ਕੁਮਾਰ ਝੜੌਦੀ, ਸਮਾਜ ਸੇਵੀ ਸ਼ਿਵ ਕੁਮਾਰ ਸ਼ਿਵਲੀ, ਜਗਤਾਰ ਸਿੰਘ ਜੱਸੋਵਾਲ, ਧਰਮਵੀਰ ਪਾਮੇ, ਲਾਲ ਚੰਦ, ਰਾਘਵ ਬੱਗਣ, ਸੰਜੀਵ ਕੁਮਾਰ ਰਿੰਕਾ, ਜਸ਼ਨ ਪਾਮੇ, ਰਵੀ ਬਾਲੀ, ਨੀਰਜ ਮੱਟੂ ਤੇ ਸਾਗਰ ਹੰਸ ਨੇ ਡੀ.ਐਸ.ਪੀ. ਹੈਡਕੁਆਰਟਰ ਖੰਨਾ ਗੱਬਰ ਸਿੰਘ ਉਹਨਾਂ ਦੀਆਂ ਵਧੀਆ ਸੇਵਾਵਾਂ ਦੇਖਦੇ ਹੋਏ ਅੱਜ ਵਿਸੇਸ਼ ਤੌਰ ਤੇ ਸਨਮਾਨ ਕੀਤਾ।

# ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਸ਼ਾਮ ਚੁਰਾਸੀ ਹਲਕੇ ਦੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ

**ਹੁਸ਼ਿਆਰਪੁਰ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਪੰਜਾਬ ਦੇ ਜੇਲ੍ਹਾਂ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸ਼ਾਮ ਚੁਰਾਸੀ ਵਿਧਾਨ ਸਭਾ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦੀ ਸਮੀਖਿਆ ਕਰਦਿਆਂ ਵੱਖ-ਵੱਖ ਵਿਭਾਗਾਂ ਦੇ ਸੰਬੰਧਤ ਅਧਿਕਾਰੀਆਂ ਨੂੰ ਚੱਲ ਰਹੇ ਕੰਮ ਤੈਅ ਸਮੇਂ ਵਿਚ ਮੁਕੰਮਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

ਕੈਬਨਿਟ ਮੰਤਰੀ ਨੇ ਲੋਕ ਨਿਰਮਾਣ ਵਿਭਾਗ, ਨਹਿਰੀ ਵਿਭਾਗ, ਸਿੱਖਿਆ ਵਿਭਾਗ, ਪੁਲਿਸ ਪ੍ਰਸ਼ਾਸਨ, ਜਲ ਸਪਲਾਈ ਤੇ ਸੈਨੀਟੇਸ਼ਨ ਸਮੇਤ ਹੋਰਨਾਂ ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦੀ ਵਿਸਥਾਰਪੂਰਵਕ ਜਾਣਕਾਰੀ ਲੈਂਦਿਆਂ ਕਿਹਾ ਕਿ ਇਨ੍ਹਾਂ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਵੀ ਕੀਮਤ @ਤੇ ਕੋਈ ਸਮਝੌਤਾ ਨਾ ਹੋਵੇ ਅਤੇ ਸਾਰੇ ਪ੍ਰੋਜੈਕਟ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨੇ ਯਕੀਨੀ ਬਣਾਏ ਜਾਣ।

ਡਾ. ਰਵਜੋਤ ਸਿੰਘ ਨੇ ਸਮੂਹ ਅਧਿਕਾਰੀਆਂ ਨੂੰ ਕਿਹਾ ਕਿ ਸਬੰਧਤ ਵਿਭਾਗ ਆਪਸੀ ਤਾਲਮੇਲ ਅਤੇ ਸਹਿਯੋਗ ਨਾਲ ਚੱਲ ਰਹੇ ਕੰਮਾਂ ਲਿੰਕ ਸੜਕਾਂ, ਸਕੂਲ੍ਹਾਂ ਵਿਚ ਲੋੜੀਂਦੇ ਕਾਰਜ, ਪਿੰਡਾਂ ਅੰਦਰ ਵਿਕਾਸ ਕਾਰਜ ਆਦਿ ਨੂੰ ਤਰਜੀਹ ਦੇ ਆਧਾਰ 'ਤੇ ਮੁਕੰਮਲ ਕਰਵਾਇਆ ਜਾਵੇ। ਉਨ੍ਹਾਂ ਨੇ ਸੰਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਚੱਲ ਰਹੇ ਕਾਰਜਾਂ ਦੀ ਰੈਗੂਲਰ ਸਮੀਖਿਆ ਕਰਦੇ ਰਹਿਣ ਅਤੇ ਮਿਆਰ ਤੇ ਗੁਣਵੱਤਾ ਦਾ ਉੱਚ ਪੱਧਰ ਰੱਖਿਆ ਜਾਵੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਹਰ ਵਰਗ ਲਈ ਅਤੇ ਹਰ ਖੇਤਰ ਵਿਚ ਲੋੜੀਂਦੇ ਕਾਰਜ ਕਰਵਾ ਰਹੀ ਹੈ ਜਿਸ ਦੇ ਸਿੱਟੇ ਵੱਜੋਂ ਰਾਜ ਦੇ ਸਿੱਖਿਆ, ਸਿਹਤ ਮਾਡਲ੍ਹਾ ਦੀ ਦੇਸ਼ ਭਰ ਵਿਚ ਸ਼ਲਾਘਾ ਤੋਂ ਇਲਾਵਾ ਸੜਕੀ ਸੰਪਰਕ, ਪੀਣ ਵਾਲੇ ਸਾਫ਼ ਪਾਣੀ, ਸੀਵਰੇਜ ਪ੍ਰਣਾਲੀ, ਖੇਡਾਂ, ਰੁਜ਼ਗਾਰ ਦੇ ਮੌਕਿਆਂ ਅਤੇ ਲੋਕ ਭਲਾਈ ਦੇ ਖੇਤਰਾਂ ਵਿੱਚ ਲਗਾਤਾਰ ਵੱਡੇ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਾਮ ਚੁਰਾਸੀ ਹਲਕੇ ਦੇ ਪਿੰਡਾਂ ਦੀਆਂ ਸੜਕਾਂ, ਗਲੀਆਂ, ਨਾਲੀਆਂ, ਸੀਵਰੇਜ ਪ੍ਰਣਾਲੀ ਅਤੇ ਸਮੁੱਚੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਡਾ. ਰਵਜੋਤ ਸਿੰਘ ਨੇ ਅਧਿਕਾਰੀਆਂ ਨੂੰ ਕਿਹਾ ਕਿ ਪੰਜਾਬ ਸਰਕਾਰ ਦੀਆਂ ਸਮੁੱਚੀਆਂ ਲੋਕ-ਭਲਾਈ ਸਕੀਮਾਂ ਦਾ ਲਾਭ ਹਰ ਯੋਗ ਲਾਭਪਾਤਰੀ ਤੱਕ ਬਿਨਾਂ ਕਿਸੇ ਰੁਕਾਵਟ ਦੇ ਪਹੁੰਚਾਉਣਾ ਚਾਹੀਦਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਲੋਕਾਂ ਵੱਲੋਂ ਮਿਲਣ ਵਾਲੀਆਂ ਸ਼ਿਕਾਇਤਾਂ ਅਤੇ ਮੰਗਾਂ ਦਾ ਪਹਿਲ ਦੇ ਆਧਾਰ @ਤੇ ਤੁਰੰਤ ਨਿਪਟਾਰਾ ਕਰਨ ਦੀ ਵੀ ਤਾਕੀਦ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਜਿਸ ਨੂੰ ਪੂਰੀ ਤਵੱਜੋ ਦਿੱਤੀ ਜਾਣੀ ਚਾਹੀਦੀ ਹੈ। ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਲਾਹਾ, ਵਧੀਕ ਡਿਪਟੀ ਕਮਿਸ਼ਨਰ ਨਿਧੀ ਕੁਮੁਦ ਬੰਬਾਹ ਅਤੇ ਸੰਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ ।

## ਸ੍ਰੀ ਅਨੰਦਪੁਰ ਸਾਹਿਬ ਸੈਂਟਰ ਦੀਆਂ ਤਿੰਨ ਰੋਜ਼ਾ ਪ੍ਰਾਇਮਰੀ ਖੇਡਾਂ ਸ਼ੁਰੂ

**ਸ੍ਰੀ ਅਨੰਦਪੁਰ ਸਾਹਿਬ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬਲਾਕ ਸ੍ਰੀ ਅਨੰਦਪੁਰ ਸਾਹਿਬ ਦੇ ਸੈਂਟਰ ਅਧੀਨ ਆਉਂਦੇ ਪ੍ਰਾਇਮਰੀ ਸਕੂਲਾਂ ਦੀਆਂ ਤਿੰਨ ਰੋਜ਼ਾ ਖੇਡਾਂ ਦੀ ਸ਼ੁਰੂਆਤ ਸਥਾਨਕ ਚਰਨ ਗੰਗਾ ਸਟੇਡੀਅਮ ਵਿਖੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਮਨਜੀਤ ਸਿੰਘ ਮਾਵੀ ਵੱਲੋਂ ਕੀਤੀ ਗਈ। ਖੇਡਾਂ ਦੇ ਪਹਿਲੇ ਦਿਨ ਅਥਲੈਟਿਕ ਦੇ ਵੱਖ-ਵੱਖ ਮੁਕਾਬਲਿਆਂ ਤੋਂ ਇਲਾਵਾ ਕੁਸ਼ਤੀ ਅਤੇ ਰੱਸਾ ਕੱਸੀ ਦੇ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਬੀਪੀਈਓ ਮਨਜੀਤ ਸਿੰਘ ਮਾਵੀ ਨੇ ਕਿਹਾ ਕਿ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਲਾਕ ਦੇ ਵੱਖ-ਵੱਖ ਸੈਂਟਰਾਂ ਅਧੀਨ ਆਉਂਦੇ ਪ੍ਰਾਇਮਰੀ ਸਕੂਲਾਂ ਦੀਆਂ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪ੍ਰਾਇਮਰੀ ਪੱਧਰ ਦੀਆਂ ਖੇਡਾਂ ਬੱਚਿਆਂ ਦੇ ਜੀਵਨ ਵਿੱਚ ਬਹੁਤ ਮਹੱਤਵਪੂਰਨ ਸਥਾਨ ਰੱਖਦੀਆਂ ਹਨ। ਜੇਕਰ ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਖੇਡਾਂ ਨਾਲ ਜੋੜਿਆ ਜਾਵੇ ਤਾਂ ਉਹ ਭਵਿੱਖ ਵਿੱਚ ਚੰਗੇ ਖਿਡਾਰੀ ਬਣ ਸਕਦੇ ਹਨ।

# ਜੁਗਾੜੂ ਰੇਹੜੀ, ਪੀਟਰ ਰੇਹੜਾ ਅਤੇ ਅਣਅਧਿਕਾਰਤ ਵਾਹਨਾਂ ਖ਼ਿਲਾਫ਼ ਸਖ਼ਤ ਕਾਰਵਾਈ



**ਮਲੇਰਕੋਟਲਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮਾਲੇਰਕੋਟਲਾ ਵਿੱਚ ਸੜਕ ਸੁਰੱਖਿਆ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਅਤੇ ਸੜਕ ਹਾਦਸਿਆਂ ਨੂੰ ਰੋਕਣ ਦੇ ਮੰਤਵ ਨਾਲ ਰੀਜਨਲ ਟਰਾਂਸਪੋਰਟ ਅਫ਼ਸਰ (ਆਰ.ਟੀ.ਓ.) ਕਰਨਬੀਰ ਸਿੰਘ ਛੀਨਾ ਦੀ ਅਗਵਾਈ ਹੇਠ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਸ ਦੌਰਾਨ ਜੁਗਾੜੂ, ਅਣਅਧਿਕਾਰਤ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਵਾਹਨਾਂ ਦੇ ਚਲਾਨ ਅਤੇ ਇੰਮਪਾਊਂਡ ਵੀ ਕੀਤੇ ਗਏ।

ਰੀਜਨਲ ਟਰਾਂਸਪੋਰਟ ਅਫ਼ਸਰ ਕਰਨਬੀਰ ਸਿੰਘ ਛੀਨਾ ਨੇ ਦੱਸਿਆ ਕਿ ਜੁਗਾੜੂ ਰੇਹੜੀ, ਪੀਟਰ ਰੇਹੜਾ ਅਤੇ ਹੋਰ ਅਣਅਧਿਕਾਰਤ ਵਾਹਨਾਂ ਦਾ ਸੜਕਾਂ 'ਤੇ ਚਲਣ ਦੀ ਮਨਾਹੀ ਹੈ। ਅਜਿਹੇ ਵਾਹਨ ਨਾ ਸਿਰਫ਼ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਦੇ ਹਨ, ਸਗੋਂ ਸੜਕ 'ਤੇ ਚੱਲਣ ਵਾਲੇ ਹੋਰ ਵਾਹਨ ਚਾਲਕਾਂ ਅਤੇ ਆਮ ਲੋਕਾਂ ਦੀ ਸੁਰੱਖਿਆ ਲਈ ਵੀ ਖ਼ਤਰਾ ਪੈਦਾ ਕਰ ਸਕਦੇ ਹਨ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਟਰੈਫਿਕ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਅਤੇ ਖੇਤੀਬਾੜੀ ਦੇ ਕੰਮਾਂ ਲਈ ਵਰਤੇ ਜਾਣ ਵਾਲੇ ਵਾਹਨਾਂ ਦੀ ਕਮਰਸ਼ੀਅਲ ਵਰਤੋਂ ਨਾ ਕਰਨ। ਉਨ੍ਹਾਂ ਕਿਹਾ ਕਿ ਟਰੈਕਟਰ-ਟਰਾਲੀ ਅਤੇ ਹੋਰ ਖੇਤੀਬਾੜੀ ਵਾਹਨਾਂ ਦੀ ਵਰਤੋਂ ਸਿਰਫ਼ ਉਨ੍ਹਾਂ ਦੇ ਨਿਰਧਾਰਤ ਕੰਮਾਂ ਲਈ ਹੀ ਕੀਤੀ ਜਾਵੇ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਲਾਲ ਲਕੀਰ' ਅੰਦਰ ਬਣੇ ਮਕਾਨਾਂ ਦੇ ਮਾਲਕਾਨਾ ਹੱਕ ਦਿੱਤੇ; ਦਹਾਕਿਆਂ ਦੀ ਉਡੀਕ ਖ਼ਤਮ ਹੋਈ

**➢ ਲਾਲ ਲਕੀਰ 'ਤੇ ਸਰਕਾਰ ਜਾਂ ਅਦਾਲਤਾਂ ਦੀ ਲਟਕਦੀ ਤਲਵਾਰ ਹੁਣ ਹਮੇਸ਼ਾ ਲਈ ਹਟੇਗੀ ➢ ਹਰ ਘਰ ਤੇ ਪਲਾਟ ਦੇ ਨਕਸ਼ੇ ਅਤੇ ਮਾਲ ਰਿਕਾਰਡ ਨਾਲ ਪਰਿਵਾਰਕ ਝਗੜੇ ਮੁੱਕਣਗੇ ➢ਆਬਾਦੀ' ਵਿੱਚ ਰਹਿੰਦੇ ਦਲਿਤਾਂ ਅਤੇ ਬੇਜ਼ਮੀਨੇ ਲੋਕਾਂ ਦੇ ਨਾਮ ਪਹਿਲੀ ਵਾਰ ਸਰਕਾਰੀ ਰਿਕਾਰਡ ਵਿੱਚ ਦਰਜ ਹੋਣਗੇ**



**ਧੂਰੀ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਥੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਾਲ ਲਕੀਰ ਅੰਦਰ ਬਣੇ ਘਰਾਂ ਦੇ ਮਾਲਕਾਨਾ ਹੱਕ ਦੇਣ ਨਾਲ ਲੋਕਾਂ ਦੀ ਦਹਾਕਿਆਂ ਪੁਰਾਣੀ ਉਡੀਕ ਖ਼ਤਮ ਹੋ ਗਈ ਹੈ। ਉਨ੍ਹਾਂ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਪਰਿਵਾਰਾਂ ਨੂੰ ਜਾਇਦਾਦ ਦੇ ਮਾਲਕਾਨਾ ਹੱਕ ਸਬੰਧੀ ਸਰਟੀਫਿਕੇਟ ਸੌਂਪਦਿਆਂ ਇਸ ਨੂੰ ਅਜਿਹੀ ਪ੍ਰਕਿਰਿਆ ਦੀ ਸ਼ੁਰੂਆਤ ਦੱਸਿਆ, ਜੋ ਲੋਕਾਂ ਨੂੰ ਕਾਨੂੰਨੀ ਤੌਰ 'ਤੇ ਦਰਜ ਮਾਲਕੀ, ਹੱਦਬੰਦੀ ਦੇ ਨਕਸ਼ੇ ਅਤੇ ਬੈਂਕ ਕਰਜ਼ਿਆਂ ਦੀ ਸਹੂਲਤ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਸਭ ਤੋਂ ਵੱਧ ਲਾਭ ਗ਼ਰੀਬਾਂ, ਦਲਿਤਾਂ ਅਤੇ ਬੇਜ਼ਮੀਨੇ ਪਰਿਵਾਰਾਂ ਨੂੰ ਮਿਲੇਗਾ, ਜਿਨ੍ਹਾਂ ਦੇ ਮਕਾਨ ਪਹਿਲਾਂ ਸਰਕਾਰੀ ਰਿਕਾਰਡ ਵਿੱਚ ਦਰਜ ਨਹੀਂ ਸਨ। ਦੂਜੇ ਪਾਸੇ, ਸਹੀ ਨਕਸ਼ਿਆਂ ਅਤੇ ਮਾਲ ਰਿਕਾਰਡ ਨਾਲ ਲੰਮੇ ਸਮੇਂ ਤੋਂ ਚੱਲ ਰਹੇ ਜਾਇਦਾਦ ਸਬੰਧੀ ਝਗੜੇ ਨਿਪਟਾਉਣ ਵਿੱਚ ਮਦਦ ਮਿਲੇਗੀ। ਧੂਰੀ ਵਿਖੇ ਮਾਲਕਾਨਾ ਹੱਕ ਸਰਟੀਫ਼ਿਕੇਟ ਵੰਡਣ ਮਗਰੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਨੇ ਪੰਜਾਬ ਨੂੰ ਲਾਲ ਲਕੀਰ ਤੋਂ ਮੁਕਤ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ ਅਤੇ ਜਲਦੀ ਲਗਪਗ 4,000 ਪਿੰਡਾਂ ਵਿੱਚ ਜਾਇਦਾਦਾਂ ਦੀਆਂ ਰਜਿਸਟਰੀਆਂ ਦਾ ਅਮਲ ਸ਼ੁਰੂ ਹੋ ਜਾਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ 'ਐਕਸ' ਹੈਂਡਲ 'ਤੇ ਪੋਸਟ ਸਾਂਝੀ ਕਰਦਿਆਂ ਕਿਹਾ, ਧੂਰੀ ਰੈਲੀ ਦੇ ਭਾਰੀ ਇਕੱਠ ਨੇ ਸਾਬਤ ਕਰ ਦਿੱਤਾ ਹੈ ਕਿ ਸਾਡੇ ਕੰਮਾਂ ਦੀ ਗੂੰਜ ਪੰਜਾਬ ਦੇ ਘਰ-ਘਰ ਵਿੱਚ ਸੁਣਾਈ ਦੇ ਰਹੀ ਹੈ। ਪਰਿਵਾਰਵਾਦ ਦੀ ਰਾਜਨੀਤੀ ਖ਼ਤਮ ਕਰਕੇ ਅਸੀਂ ਪੰਜਾਬ ਨੂੰ 'ਲਾਲ ਲਕੀਰ' ਤੋਂ ਮੁਕਤ ਕਰਨ ਵੱਲ ਇਤਿਹਾਸਕ ਪਹਿਲ ਕੀਤੀ ਹੈ। ਉਨ੍ਹਾਂ ਕਿਹਾ ਕਿ ਲਗਪਗ 4,000 ਪਿੰਡਾਂ ਨੂੰ ਜਲਦ ਹੀ ਜਾਇਦਾਦਾਂ ਦੀਆਂ ਪੱਕੀਆਂ ਰਜਿਸਟਰੀਆਂ ਮਿਲਣਗੀਆਂ ਅਤੇ ਅੱਗੇ ਕਿਹਾ ਕਿ ਅਸੀਂ ਧੂਰੀ ਨੂੰ 47 ਕਰੋੜ ਰੁਪਏ ਦਾ ਜਲ ਪ੍ਰਾਜੈਕਟ ਤੋਹਫ਼ੇ ਵਜੋਂ ਦਿੱਤਾ ਹੈ। ਉਨ੍ਹਾਂ ਕਿਹਾ ਕਿ ਖੇਤੀ ਵਾਲੀ 88 ਫ਼ੀਸਦੀ ਜ਼ਮੀਨ ਅਤੇ ਟੇਲਾਂ ਤੱਕ ਨਹਿਰੀ ਪਾਣੀ ਪਹੁੰਚਣ ਨਾਲ ਸਾਡੇ ਕਿਸਾਨਾਂ ਦੀ ਫ਼ਸਲੀ ਪੈਦਾਵਾਰ ਵਧੀ ਹੈ। ਸਿੱਖਿਆ ਅਤੇ ਸਿਹਤ ਵਿੱਚ ਪੰਜਾਬ ਦਾ ਮੋਹਰੀ ਹੋਣਾ ਅਤੇ ਜ਼ੀਰੋ ਬਿਜਲੀ ਬਿੱਲ ਹੁਣ ਜ਼ਮੀਨੀ ਹਕੀਕਤ ਬਣ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅਸੀਂ ਕੇਂਦਰੀ ਏਜੰਸੀਆਂ ਦੀਆਂ ਧਮਕੀਆਂ ਤੋਂ ਡਰਨ ਵਾਲੇ ਨਹੀਂ ਹਾਂ। ਸਾਡਾ ਇੱਕੋ-ਇੱਕ ਮਕਸਦ ਨਿਰਸਵਾਰਥ ਹੋ ਕੇ ਪੰਜਾਬ ਦੀ ਸੇਵਾ ਕਰਨਾ ਹੈ ਅਤੇ ਪੰਜਾਬੀ ਕਿਸੇ ਦੀ ਧੌਂਸ ਬਰਦਾਸ਼ਤ ਨਹੀਂ ਕਰਦੇ। ਇਨਕਲਾਬ ਜ਼ਿੰਦਾਬਾਦ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਮੇਰਾ ਘਰ ਮੇਰੇ ਨਾਮ' ਸਕੀਮ ਦਾ ਮੁੱਖ ਮੰਤਵ ਹਰ ਯੋਗ ਪਰਿਵਾਰ ਨੂੰ ਉਸ ਦੇ ਆਪਣੇ ਘਰ ਦਾ ਸਪੱਸ਼ਟ ਮਾਲਕਾਨਾ ਹੱਕ ਅਤੇ ਦਸਤਾਵੇਜ਼ੀ ਮਾਨਤਾ ਦੇਣਾ ਹੈ। ਸਾਡਾ ਅਹਿਦ ਹੈ ਕਿ ਹਰ ਯੋਗ ਪਰਿਵਾਰ ਦਾ ਘਰ ਸਰਕਾਰੀ ਰਿਕਾਰਡ ਵਿੱਚ ਦਰਜ ਹੋਵੇ ਅਤੇ ਉਸ ਨੂੰ ਮਾਲਕੀ ਦੀ ਪੁਸ਼ਟੀ ਕਰਦਾ ਦਸਤਾਵੇਜ਼ ਮਿਲੇ। ਇਹ ਉਪਰਾਲਾ ਲੋਕਾਂ ਦੇ ਅਧਿਕਾਰਾਂ, ਸਵੈਮਾਨ ਅਤੇ ਭਵਿੱਖ ਦੀ ਸੁਰੱਖਿਆ ਨੂੰ ਮਜ਼ਬੂਤ ਕਰੇਗਾ।

ਮੁੱਖ ਮੰਤਰੀ ਨੇ ਕਿਹਾ, ਧੂਰੀ ਰੈਲੀ ਦੇ ਵਿਸ਼ਾਲ ਇਕੱਠ ਨੇ ਸਾਬਤ ਕਰ ਦਿੱਤਾ ਹੈ ਕਿ ਸਾਡੇ ਕੰਮਾਂ ਦੀ ਗੂੰਜ ਪੰਜਾਬ ਦੇ ਘਰ-ਘਰ ਵਿੱਚ ਹੈ। ਪਰਿਵਾਰਵਾਦ ਦੀ ਰਾਜਨੀਤੀ ਖ਼ਤਮ ਕਰ ਕੇ ਅਸੀਂ ਪੰਜਾਬ ਨੂੰ ਲਾਲ ਲਕੀਰ ਤੋਂ ਮੁਕਤ ਕਰਨ ਵੱਲ ਇਤਿਹਾਸਕ ਪਹਿਲਕਦਮੀ ਕੀਤੀ ਹੈ। ਲਗਪਗ 4,000 ਪਿੰਡਾਂ ਵਿੱਚ ਜਲਦੀ ਪੱਕੀਆਂ ਰਜਿਸਟਰੀਆਂ ਦਾ ਅਮਲ ਸ਼ੁਰੂ ਹੋ ਜਾਵੇਗਾ।

ਉਨ੍ਹਾਂ ਕਿਹਾ, ਆਪਣੇ ਘਰ ਦੀ ਮਾਲਕੀ ਹਰ ਪਰਿਵਾਰ ਦੇ ਜਜ਼ਬਾਤਾਂ, ਸੱਧਰਾਂ ਅਤੇ ਭਵਿੱਖ ਦੀਆਂ ਉਮੀਦਾਂ ਨਾਲ ਡੂੰਘੀ ਜੁੜੀ ਹੁੰਦੀ ਹੈ। ਆਪਣੇ ਘਰ ਦਾ ਸਪੱਸ਼ਟ ਮਾਲਕਾਨਾ ਰਿਕਾਰਡ ਹੋਣ ਨਾਲ ਪਰਿਵਾਰ ਵਿੱਚ ਸੁਰੱਖਿਆ ਅਤੇ ਆਤਮ-ਵਿਸ਼ਵਾਸ ਦੀ ਭਾਵਨਾ ਪੈਦਾ ਹੁੰਦੀ ਹੈ। 'ਮੇਰਾ ਘਰ ਮੇਰੇ ਨਾਮ' ਸਕੀਮ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਪੰਜਾਬ ਦਾ ਕੋਈ ਵੀ ਯੋਗ ਪਰਿਵਾਰ ਆਪਣੇ ਘਰ ਦੀ ਮਾਲਕੀ ਨੂੰ ਲੈ ਕੇ ਅਸੁਰੱਖਿਅਤ ਮਹਿਸੂਸ ਨਾ ਕਰੇ।

ਮੁੱਖ ਮੰਤਰੀ ਨੇ ਕਿਹਾ, ਪਿੰਡਾਂ ਵਿੱਚ ਕਈ ਪਰਿਵਾਰ ਪੀੜ੍ਹੀਆਂ ਤੋਂ ਲਾਲ ਲਕੀਰ ਅੰਦਰ ਆਪਣੇ ਘਰਾਂ ਵਿੱਚ ਰਹਿ ਰਹੇ ਹਨ ਅਤੇ ਰਸਮੀ ਮਾਲਕੀ ਰਿਕਾਰਡ ਨਾ ਹੋਣ ਕਾਰਨ ਉਨ੍ਹਾਂ ਨੂੰ ਅਕਸਰ ਕਈ ਔਕੜਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਜਿਸ ਘਰ ਵਿੱਚ ਪਰਿਵਾਰ ਦੀਆਂ ਕਈ ਪੀੜ੍ਹੀਆਂ ਰਹੀਆਂ ਹੋਣ, ਉਸ ਦਾ ਸਪੱਸ਼ਟ ਮਾਲਕਾਨਾ ਦਸਤਾਵੇਜ਼ ਹੋਣਾ ਬੇਹੱਦ ਜ਼ਰੂਰੀ ਹੈ। ਇਸ ਲਈ 'ਮੇਰਾ ਘਰ ਮੇਰੇ ਨਾਮ' ਸਕੀਮ ਦਾ ਪ੍ਰਮੁੱਖ ਮੰਤਵ ਯੋਗ ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੀ ਕਾਨੂੰਨੀ ਮਾਨਤਾ ਪ੍ਰਦਾਨ ਕਰਨਾ ਹੈ। ਇਸ ਸਕੀਮ ਨੂੰ ਲੋਕ-ਪੱਖੀ ਪਹਿਲਕਦਮੀ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ, ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕਾਨਾ ਹੱਕ ਦੇ ਦਸਤਾਵੇਜ਼ ਦੇ ਕੇ ਇਹ ਸਕੀਮ ਜਾਇਦਾਦ ਦੇ ਅਧਿਕਾਰਤ ਰਿਕਾਰਡ ਵਿੱਚ ਲੰਮੇ ਸਮੇਂ ਤੋਂ ਚੱਲੀ ਆ ਰਹੀ ਖ਼ਾਮੀ ਨੂੰ ਦੂਰ ਕਰਨ ਵੱਲ ਇੱਕ ਅਹਿਮ ਕਦਮ ਹੈ। ਪ੍ਰਾਪਰਟੀ ਕਾਰਡ ਪਰਿਵਾਰ ਨੂੰ ਇਹ ਭਰੋਸਾ ਦਿੰਦਾ ਹੈ ਕਿ ਉਨ੍ਹਾਂ ਦੇ ਘਰ ਦੀ ਪਛਾਣ ਅਤੇ ਮਾਲਕੀ ਨਾਲ ਸਬੰਧਤ ਵੇਰਵੇ ਅਧਿਕਾਰਤ ਤੌਰ 'ਤੇ ਦਰਜ ਹੋ ਚੁੱਕੇ ਹਨ।

ਮੁੱਖ ਮੰਤਰੀ ਨੇ ਕਿਹਾ, ਇਸ ਸਕੀਮ ਤਹਿਤ ਜਾਇਦਾਦਾਂ ਦੀ ਨਿਸ਼ਾਨਦੇਹੀ ਅਤੇ ਨਕਸ਼ੇ ਤਿਆਰ ਕਰਨ ਲਈ ਡਰੋਨ ਸਰਵੇਖਣ ਅਤੇ ਆਧੁਨਿਕ ਤਕਨੀਕ ਦੀ ਵਰਤੋਂ ਕੀਤੀ ਜਾ ਰਹੀ ਹੈ। ਸਰਵੇਖਣ ਰਾਹੀਂ ਘਰਾਂ ਦੀ ਸਥਿਤੀ ਅਤੇ ਹੱਦਬੰਦੀ ਦੀ ਪਛਾਣ ਕੀਤੀ ਜਾ ਰਹੀ ਹੈ ਅਤੇ ਮਾਲਕੀ ਸਬੰਧੀ ਰਿਕਾਰਡ ਤਿਆਰ ਕੀਤਾ ਜਾ ਰਿਹਾ ਹੈ। ਇਸ ਪ੍ਰਕਿਰਿਆ ਦਾ ਮਕਸਦ ਲੋਕਾਂ ਦੇ ਹੱਕਾਂ ਨੂੰ ਸਪੱਸ਼ਟ ਤੌਰ 'ਤੇ ਸਥਾਪਤ ਕਰਨਾ ਅਤੇ ਜਾਇਦਾਦ ਦੇ ਰਿਕਾਰਡ ਵਿੱਚ ਪਾਰਦਰਸ਼ਤਾ ਲਿਆਉਣਾ ਹੈ ਤਾਂ ਜੋ ਭਵਿੱਖ ਵਿੱਚ ਮਾਲਕੀ ਬਾਰੇ ਕੋਈ ਭੰਬਲਭੂਸਾ ਨਾ ਰਹੇ।

ਉਨ੍ਹਾਂ ਕਿਹਾ, ਪ੍ਰਾਪਰਟੀ ਕਾਰਡ ਜਾਰੀ ਹੋਣ ਨਾਲ ਯੋਗ ਲਾਭਪਾਤਰੀਆਂ ਨੂੰ ਆਪਣੇ ਘਰਾਂ ਦੀ ਮਾਲਕੀ ਸਬੰਧੀ ਦਸਤਾਵੇਜ਼ੀ ਮਾਨਤਾ ਅਤੇ ਕਾਨੂੰਨੀ ਸੁਰੱਖਿਆ ਮਿਲੇਗੀ। ਘਰਾਂ ਦੀਆਂ ਹੱਦਾਂ ਅਤੇ ਮਾਲਕੀ ਦੇ ਸਪੱਸ਼ਟ ਰਿਕਾਰਡ ਨਾਲ ਆਪਸੀ ਗ਼ਲਤਫ਼ਹਿਮੀਆਂ ਅਤੇ ਜਾਇਦਾਦ ਦੇ ਝਗੜੇ ਘਟਾਉਣ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਰਸਮੀ ਪ੍ਰਾਪਰਟੀ ਰਿਕਾਰਡ ਉਪਲਬਧ ਹੋਣ ਨਾਲ ਬੈਂਕਾਂ ਤੋਂ ਕਰਜ਼ਾ ਲੈਣ ਦੀ ਪ੍ਰਕਿਰਿਆ ਵੀ ਸੁਖਾਲੀ ਹੋ ਸਕਦੀ ਹੈ ਪਰ ਕਰਜ਼ੇ ਦੀ ਪ੍ਰਵਾਨਗੀ ਸਬੰਧਤ ਬੈਂਕ ਦੇ ਨਿਯਮਾਂ ਅਤੇ ਯੋਗਤਾ ਸ਼ਰਤਾਂ 'ਤੇ ਹੀ ਨਿਰਭਰ ਕਰੇਗੀ।

ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਨਾਲ ਲੋਕਾਂ ਨੂੰ ਆਪਣੇ ਘਰਾਂ ਦੀ ਸਾਂਭ-ਸੰਭਾਲ ਅਤੇ ਸੁਧਾਰ ਕਰਨ ਦੇ ਨਾਲ-ਨਾਲ ਆਪਣੇ ਪਰਿਵਾਰਾਂ ਲਈ ਭਵਿੱਖੀ ਯੋਜਨਾ ਬਣਾਉਣ ਲਈ ਵਧੇਰੇ ਭਰੋਸਾ ਮਿਲੇਗਾ। ਉਨ੍ਹਾਂ ਕਿਹਾ, "ਸਾਡਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਇਸ ਸਕੀਮ ਦਾ ਲਾਭ ਹਰ ਯੋਗ ਪਰਿਵਾਰ ਤੱਕ ਪਹੁੰਚੇ ਅਤੇ ਉਨ੍ਹਾਂ ਦੇ ਘਰਾਂ ਨਾਲ ਸਬੰਧਤ ਮਾਲਕੀ ਦੇ ਰਿਕਾਰਡ ਸਪੱਸ਼ਟ ਤੌਰ 'ਤੇ ਤਿਆਰ ਕੀਤੇ ਜਾਣ।"

ਲਾਭਪਾਤਰੀਆਂ ਨਾਲ ਭਾਵਨਾਤਮਕ ਸਾਂਝ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੈਂ ਸਾਰੇ ਲਾਭਪਾਤਰੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਣੇ ਪ੍ਰਾਪਰਟੀ ਕਾਰਡ 'ਤੇ ਦਰਜ ਨਾਮ, ਘਰ ਦੇ ਵੇਰਵਿਆਂ ਅਤੇ ਹੋਰ ਜਾਣਕਾਰੀ ਦੀ ਧਿਆਨ ਨਾਲ ਜਾਂਚ ਕਰਨ। ਕਿਸੇ ਵੀ ਗਲਤੀ ਜਾਂ ਅਸਪਸ਼ਟਤਾ ਦੀ ਸੂਰਤ ਵਿੱਚ, ਉਨ੍ਹਾਂ ਨੂੰ ਇਹ ਮਾਮਲਾ ਸਬੰਧਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣਾ ਚਾਹੀਦਾ ਹੈ।"

ਪੜਾਅਵਾਰ ਵੰਡ ਬਾਰੇ ਵੇਰਵੇ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, "ਪਹਿਲੇ ਪੜਾਅ ਵਿੱਚ ਪੰਜਾਬ ਭਰ ਦੇ 2295 ਪਿੰਡਾਂ ਵਿੱਚ ਪ੍ਰਾਪਰਟੀ ਕਾਰਡ ਵੰਡਣ ਦੀ ਤਜਵੀਜ਼ ਹੈ, ਜਿਸ ਵਿੱਚ ਸੰਗਰੂਰ ਜ਼ਿਲ੍ਹੇ ਦੇ 221 ਪਿੰਡ ਸ਼ਾਮਲ ਹਨ। ਦੂਜੇ ਪੜਾਅ ਵਿੱਚ ਪੰਜਾਬ ਭਰ ਦੇ 1,668 ਪਿੰਡਾਂ ਵਿੱਚ ਪ੍ਰਾਪਰਟੀ ਕਾਰਡ ਵੰਡੇ ਜਾਣਗੇ। ਤੀਜਾ ਪੜਾਅ ਨਵੰਬਰ ਵਿੱਚ ਅਤੇ ਚੌਥਾ ਦਸੰਬਰ ਵਿੱਚ ਸ਼ੁਰੂ ਹੋਵੇਗਾ।"

ਉਨ੍ਹਾਂ ਕਿਹਾ ਕਿ ਇਹ ਪੜਾਅਵਾਰ ਵੰਡ ਇਸ ਲਈ ਉਲੀਕੀ ਗਈ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਪ੍ਰਾਪਰਟੀ ਕਾਰਡ ਵੱਧ ਤੋਂ ਵੱਧ ਯੋਗ ਲਾਭਪਾਤਰੀਆਂ ਤੱਕ ਸੁਚਾਰੂ ਅਤੇ ਵਿਵਸਥਿਤ ਢੰਗ ਨਾਲ ਪਹੁੰਚਣ। ਉਨ੍ਹਾਂ ਕਿਹਾ, "ਮੈਂ ਲੋਕਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਸਰਵੇਖਣ, ਰਿਕਾਰਡਾਂ ਦੀ ਤਸਦੀਕ ਅਤੇ ਪ੍ਰਾਪਰਟੀ ਕਾਰਡਾਂ ਦੀ ਵੰਡ ਦੌਰਾਨ ਸਬੰਧਤ ਟੀਮਾਂ ਦਾ ਸਹਿਯੋਗ ਕਰਨ। ਲੋਕ-ਪੱਖੀ ਸਕੀਮ 'ਮਿਸ਼ਨ ਮੋਡ' ਤਹਿਤ ਲਾਗੂ ਕੀਤੀ ਜਾ ਰਹੀ ਹੈ ਅਤੇ ਇਸ ਸਾਲ ਦੇ ਅੰਤ ਤੱਕ ਪੂਰੇ ਰਾਜ ਨੂੰ ਇਸ ਦੇ ਘੇਰੇ ਵਿੱਚ ਲਿਆਂਦਾ ਜਾਵੇਗਾ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬਾ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ 'ਤੇ ਚਾਨਣਾ ਪਾਉਂਦਿਆਂ ਕਿਹਾ, "ਅਸੀਂ ਧੂਰੀ ਨੂੰ 47 ਕਰੋੜ ਰੁਪਏ ਦਾ ਜਲ ਪ੍ਰੋਜੈਕਟ ਤੋਹਫ਼ੇ ਵਜੋਂ ਦਿੱਤਾ ਹੈ। ਨਹਿਰੀ ਪਾਣੀ ਦੇ ਖੇਤੀਯੋਗ ਜ਼ਮੀਨ ਦੇ 88 ਫ਼ੀਸਦੀ ਹਿੱਸੇ ਤੱਕ, ਖਾਸ ਕਰਕੇ ਟੇਲਾਂ ਤੱਕ ਪਾਣੀ ਪਹੁੰਚਾਇਆ ਗਿਆ ਹੈ, ਜਿਸ ਨਾਲ ਸਾਡੇ ਕਿਸਾਨਾਂ ਦੀ ਫ਼ਸਲ ਦੀ ਪੈਦਾਵਾਰ ਵਿੱਚ ਵਾਧਾ ਹੋਇਆ ਹੈ। ਸਿੱਖਿਆ ਅਤੇ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਪੰਜਾਬ ਦਾ ਪਹਿਲੇ ਨੰਬਰ 'ਤੇ ਹੋਣਾ ਅਤੇ ਬਿਜਲੀ ਦੇ ਬਿੱਲ ਜ਼ੀਰੋ ਹੋਣਾ ਹੁਣ ਹਕੀਕਤ ਬਣ ਚੁੱਕਾ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਸੀਂ ਕੇਂਦਰੀ ਏਜੰਸੀਆਂ ਦੀਆਂ ਧਮਕੀਆਂ ਤੋਂ ਡਰਨ ਵਾਲੇ ਨਹੀਂ ਹਾਂ। ਸਾਡਾ ਇੱਕੋ-ਇੱਕ ਮਕਸਦ ਪੰਜਾਬ ਦੀ ਨਿਰਸਵਾਰਥ ਸੇਵਾ ਕਰਨਾ ਹੈ ਅਤੇ ਪੰਜਾਬੀ ਕਿਸੇ ਦਾ ਵੀ ਦਖ਼ਲ ਬਰਦਾਸ਼ਤ ਨਹੀਂ ਕਰਨਗੇ।"

**ਪਰਿਵਾਰਾਂ ਨੂੰ ਸੁਰੱਖਿਅਤ ਮਾਲਕੀ ਅਧਿਕਾਰ ਦੇਣ ਲਈ ਪਾਰਦਰਸ਼ੀ ਪ੍ਰਕਿਰਿਆ**

'ਮੇਰਾ ਘਰ ਮੇਰੇ ਨਾਮ' ਦੀ ਅਹਿਮੀਅਤ ਸਿਰਫ਼ ਇੱਕ ਪ੍ਰਾਪਰਟੀ ਕਾਰਡ ਸੌਂਪਣ ਤੱਕ ਨਹੀਂ, ਸਗੋਂ ਉਹਨਾਂ ਘਰਾਂ ਲਈ ਅਧਿਕਾਰਤ, ਮਾਲਕੀ ਹੱਕਾਂ ਦਾ ਪ੍ਰਮਾਣਿਤ ਰਿਕਾਰਡ (ਵੇਰੀਫਾਇਬਲ ਰਿਕਾਰਡ ਆਫ਼ ਰਾਈਟਸ) ਬਣਾਉਣ ਵਿੱਚ ਹੈ, ਜੋ ਇਤਿਹਾਸਕ ਤੌਰ 'ਤੇ ਰਸਮੀ ਮਾਲੀਆ ਰਿਕਾਰਡ ਤੋਂ ਬਾਹਰ ਸਨ।

ਇਸ ਪ੍ਰਕਿਰਿਆ ਦੇ ਤਹਿਤ ਸੂਚਿਤ ਆਬਾਦੀ ਖੇਤਰ ਦੇ ਹਰੇਕ ਘਰ ਅਤੇ ਪਲਾਟ ਦਾ ਸਰਵੇਖਣ ਅਤੇ ਮੈਪਿੰਗ ਆਧੁਨਿਕ ਤਕਨਾਲੋਜੀ ਦੁਆਰਾ ਕੀਤੀ ਜਾਂਦੀ ਹੈ, ਜਿਸ ਵਿੱਚ ਡਰੋਨ ਮੈਪਿੰਗ ਵੀ ਸ਼ਾਮਲ ਹੈ। ਜਦੋਂ ਕਿ ਮਾਲਕ ਦੀ ਪਛਾਣ ਪਟਵਾਰੀ ਜਾਂ ਸਰਵੇਖਣ ਅਧਿਕਾਰੀ ਦੁਆਰਾ ਪਿੰਡ ਪੱਧਰੀ ਕਮੇਟੀ ਦੀ ਮੌਜੂਦਗੀ ਵਿੱਚ ਘਰ-ਘਰ ਜਾ ਕੇ ਕੀਤੀ ਜਾਂਦੀ ਹੈ। ਡਰਾਫਟ ਨਕਸ਼ਾ ਅਤੇ ਮਾਲਕੀ ਵੇਰਵੇ ਪਿੰਡ ਵਿੱਚ ਜਨਤਕ ਤੌਰ 'ਤੇ ਪ੍ਰਦਰਸ਼ਿਤ ਕੀਤੇ ਜਾਂਦੇ ਹਨ ਅਤੇ ਪੰਚਾਇਤ ਨਾਲ ਸਾਂਝੇ ਕੀਤੇ ਜਾਂਦੇ ਹਨ, ਜਦੋਂ ਕਿ ਰਿਕਾਰਡ ਨੂੰ ਅੰਤਿਮ ਰੂਪ ਦੇਣ ਤੋਂ ਪਹਿਲਾਂ ਸੁਧਾਰਾਂ ਦੀ ਮੰਗ ਕਰਨ ਲਈ ਮਾਲਕਾਂ ਨੂੰ ਪੁਸ਼ਟੀ ਕਰਨ ਲਈ ਵਟਸਐੱਪ 'ਤੇ ਉਨ੍ਹਾਂ ਦੇ ਵੇਰਵੇ ਪ੍ਰਾਪਤ ਹੁੰਦੇ ਹਨ। ਇਹ ਪਾਰਦਰਸ਼ੀ ਤਸਦੀਕ ਪ੍ਰਕਿਰਿਆ ਪਰਿਵਾਰਾਂ ਨੂੰ ਅਧਿਕਾਰਾਂ ਦੇ ਅੰਤਿਮ ਰਿਕਾਰਡ ਦਾ ਹਿੱਸਾ ਬਣਨ ਤੋਂ ਪਹਿਲਾਂ ਉਨ੍ਹਾਂ ਦੇ ਮਾਲਕੀ ਵੇਰਵਿਆਂ ਦੀ ਜਾਂਚ ਕਰਨ ਦਾ ਮੌਕਾ ਦਿੰਦੀ ਹੈ।

ਇੱਕ ਵਾਰ ਅੰਤਿਮ ਰੂਪ ਦੇਣ ਤੋਂ ਬਾਅਦ ਮਾਲਕੀ ਹੱਕਾਂ ਰਿਕਾਰਡ ਰਸਮੀ ਤੌਰ 'ਤੇ ਪ੍ਰਮਾਣਿਤ ਕੀਤਾ ਜਾਂਦਾ ਹੈ ਅਤੇ ਇਸ ਤੋਂ ਪ੍ਰਾਪਰਟੀ ਕਾਰਡ ਤਿਆਰ ਕੀਤਾ ਜਾਂਦਾ ਹੈ। ਕਾਰਡ ਵਿੱਚ ਆਨਲਾਈਨ ਤਸਦੀਕ ਲਈ ਸਰਵੇਖਣ ਯੂਨਿਟ ਨੰਬਰ, ਜੀਪੀਐਸ ਲੋਕੇਸ਼ਨ , ਡਰੋਨ ਮੈਪ ਅਤੇ ਕਿਊਆਰ ਕੋਡ ਹੁੰਦਾ ਹੈ, ਜਿਸ ਨਾਲ ਪਰਿਵਾਰ ਨੂੰ ਉਸਦੀ ਜਾਇਦਾਦ ਦਾ ਇੱਕ ਦਸਤਾਵੇਜ਼ੀ ਅਤੇ ਪ੍ਰਮਾਣਿਤ ਰਿਕਾਰਡ ਮਿਲਦਾ ਹੈ। ਇਹ ਖਾਸ ਤੌਰ 'ਤੇ ਗਰੀਬ ਅਤੇ ਅਨੁਸੂਚਿਤ ਜਾਤੀ ਪਰਿਵਾਰਾਂ ਲਈ ਮਹੱਤਵਪੂਰਨ ਹੈ, ਜਿਨ੍ਹਾਂ ਕੋਲ ਆਬਾਦੀ ਤੋਂ ਬਾਹਰ ਕੋਈ ਜ਼ਮੀਨ ਨਹੀਂ ਹੈ ਅਤੇ ਜਿਨ੍ਹਾਂ ਲਈ ਘਰ ਹੀ ਉਨ੍ਹਾਂ ਦੀ ਇਕਲੌਤੀ ਜਾਇਦਾਦ ਹੋ ਸਕਦੀ ਹੈ। ਇਹ ਰਸਮੀ ਮਾਨਤਾ ਮਾਲਕੀ ਦੀ ਵਧੇਰੇ ਸੁਰੱਖਿਆ ਪ੍ਰਦਾਨ ਕਰ ਸਕਦੀ ਹੈ, ਜਾਇਦਾਦ ਦੀਆਂ ਸੀਮਾਵਾਂ ਨੂੰ ਦਰੁਸਤ ਕਰਨ ਅਤੇ ਵਿਵਾਦਾਂ ਨੂੰ ਘਟਾਉਣ ਵਿੱਚ ਮਦਦ ਕਰ ਸਕਦੀ ਹੈ, ਜਦੋਂ ਕਿ ਜਾਇਦਾਦ ਨੂੰ ਕਾਰੋਬਾਰ, ਖੇਤੀ, ਸਿੱਖਿਆ ਜਾਂ ਸਿਹਤ ਲਈ ਬੈਂਕ ਕਰਜ਼ਿਆਂ ਲਈ ਸਕਿਉਰਿਟੀ ਵਜੋਂ ਵੀ ਦਿੱਤਾ ਜਾ ਸਕਦਾ ਹੈ। ਇਹ ਰਿਕਾਰਡ ਰਜਿਸਟ੍ਰੇਸ਼ਨ, ਤਬਾਦਲਾ ਅਤੇ ਵਿਰਾਸਤ ਸਬੰਧੀ ਦਸਤਾਵੇਜ਼ਾਂ ਵਿੱਚ ਵੀ ਮਦਦਗਾਰ ਸਾਬਤ ਹੋ ਸਕਦਾ ਹੈ, ਜਿਸ ਵਿੱਚ ਹਰੇਕ ਸਹਿ-ਮਾਲਕ ਦਾ ਹਿੱਸਾ ਦਰਜ ਕੀਤਾ ਜਾਂਦਾ ਹੈ। ਇਸ ਦੌਰਾਨ ਗ੍ਰਾਮ ਪੰਚਾਇਤਾਂ ਨੂੰ ਪਿੰਡ ਵਿਕਾਸ ਯੋਜਨਾਬੰਦੀ ਲਈ ਘਰਾਂ, ਸੜਕਾਂ, ਨਾਲੀਆਂ ਅਤੇ ਜਨਤਕ ਥਾਵਾਂ ਦੇ ਸਹੀ ਨਕਸ਼ੇ ਮਿਲ ਸਕਣਗੇ ਅਤੇ ਪ੍ਰਸ਼ਾਸਨ ਨੂੰ ਡਿਜੀਟਾਈਜ਼ਡ ਅਤੇ ਸਹੀ ਪਿੰਡ ਰਿਕਾਰਡ ਪ੍ਰਾਪਤ ਹੁੰਦੇ ਹਨ।

## ਜ਼ਿਲ੍ਹਾ ਪੱਧਰੀ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੌਰਾਨ ਸੜਕ ਸੁਰੱਖਿਆ ਉਪਰਾਲਿਆਂ ਦੀ ਕੀਤੀ ਸਮੀਖਿਆ



**ਤਰਨ ਤਾਰਨ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਨੇ ਅੱਜ ਜ਼ਿਲ੍ਹਾ ਪੱਧਰੀ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੌਰਾਨ ਸੜਕ ਸੁਰੱਖਿਆ ਉਪਰਾਲਿਆਂ ਦੀ ਸਮੀਖਿਆ ਕੀਤੀ।

ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਸੜਕ ਹਾਦਸਿਆਂ ਦੀ ਰੋਕਥਾਮ, ਟ੍ਰੈਫਿਕ ਪ੍ਰਬੰਧਨ, ਸੁਪਰੀਮ ਕੋਰਟ ਅਤੇ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।

ਉਨ੍ਹਾਂ ਜ਼ਿਲ੍ਹੇ ਵਿੱਚ ਪੀ.ਐਮ ਰਾਹਤ ਸਕੀਮ ਅਤੇ ਰਾਹ-ਵੀਰ ਸਕੀਮ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ। ਡਿਪਟੀ ਕਮਿਸ਼ਨਰ ਨੇ ਸਮੂਹ ਐਸ.ਡੀ.ਐਮਜ਼, ਟ੍ਰੈਫਿਕ ਪੁਲਿਸ, ਟਰਾਂਸਪੋਰਟ ਤੇ ਸਿੱਖਿਆ ਵਿਭਾਗ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਸਕੂਲਾਂ ਵਿੱਚ ਚੱਲ ਰਹੀਆਂ ਸਕੂਲੀ ਬੱਸਾਂ ਵਿੱਚ ਸੇਫ ਸਕੂਲ ਵਾਹਨ ਪਾਲਿਸੀ ਦੇ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਯਕੀਨੀ ਬਣਾਈ ਜਾਵੇ।

ਉਨ੍ਹਾਂ ਹਿੱਟ ਐਂਡ ਰਨ ਦੇ ਮਾਮਲਿਆਂ ਦੀ ਸਮੀਖਿਆ ਕਰਦਿਆਂ ਪ੍ਰਭਾਵਿਤ ਪਰਿਵਾਰਾਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰਨ, ਟ੍ਰੈਫਿਕ ਨਿਯਮਾਂ ਸਬੰਧੀ ਜਾਗਰੂਕਤਾ ਮੁਹਿੰਮਾਂ ਨੂੰ ਹੋਰ ਤੇਜ਼ ਕਰਨ, ਬੇਸਹਾਰਾ ਪਸ਼ੂਆਂ ਨੂੰ ਗਊਸ਼ਲਾਵਾਂ ਵਿੱਚ ਪਹੁੰਚਾਉਣ ਅਤੇ ਬਲੈਕ ਸਪਾਟਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਦੂਰ ਕਰਨ ਲਈ ਤੁਰੰਤ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਉਣ ਦੀ ਹਦਾਇਤ ਕੀਤੀ। ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਨੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ਼ ਸਬੰਧਤ ਵਿਭਾਗਾਂ ਵੱਲੋਂ ਕੀਤੀ ਜਾ ਰਹੀ ਕਾਰਵਾਈ ਅਤੇ ਸੜਕ 'ਤੇ ਪੈਦਲ ਚੱਲਣ ਵਾਲਿਆਂ ਦੀ ਸੁਰੱਖਿਆ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਵੀ ਜਾਇਜ਼ਾ ਲਿਆ।

ਇਸ ਮੌਕੇ ਆਰ.ਟੀ.ਓ ਕਪਿਲ ਜਿੰਦਲ, ਐਸ.ਡੀ.ਐਮ ਤਰਨ ਤਾਰਨ ਡਾ. ਕਰਨਵੀਰ ਸਿੰਘ, ਐਸ.ਡੀ.ਐਮ ਪੱਟੀ ਅਮਨਦੀਪ, ਐਸ.ਡੀ.ਐਮ ਭਿੱਖੀਵਿੰਡ ਜਗਦੀਪ ਸਿੰਘ, ਐਸ.ਡੀ.ਐਮ ਖਡੂਰ ਸਾਹਿਬ ਸੰਜੀਵ ਸ਼ਰਮਾ, ਡੀ.ਐਸ.ਪੀ ਜਸਪਾਲ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਜ਼ਿਲ੍ਹੇ ਭਰ 'ਚ ਮੇਰਾ ਘਰ, ਮੇਰੇ ਨਾਮ ਸਕੀਮ ਤਹਿਤ 808 ਲਾਭਪਾਤਰੀਆਂ ਨੂੰ ਵੰਡੇ ਪ੍ਰਾਪਰਟੀ ਕਾਰਡ



**ਬਠਿੰਡਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮੇਰਾ ਘਰ, ਮੇਰੇ ਨਾਮ ਸਕੀਮ ਤਹਿਤ ਜ਼ਿਲ੍ਹਾ ਬਠਿੰਡਾ ਦੇ 5 ਵਿਧਾਨ ਸਭਾ ਹਲਕਿਆਂ ਤਲਵੰਡੀ ਸਾਬੋ, ਰਾਮਪੁਰਾ ਫੂਲ, ਮੌੜ, ਭੁੱਚੋ ਮੰਡੀ ਅਤੇ ਬਠਿੰਡਾ ਦਿਹਾਤੀ ਦੇ ਪੇਂਡੂ ਰਿਹਾਇਸ਼ੀ ਖੇਤਰਾਂ ਵਿੱਚ ਲਾਲ ਲਕੀਰ ਅੰਦਰ ਆਉਂਦੀਆਂ ਜਾਇਦਾਦਾਂ ਦੇ ਕਾਨੂੰਨੀ ਮਾਲਕੀ ਹੱਕ ਦੇਣ ਲਈ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਪ੍ਰਾਪਰਟੀ ਕਾਰਡ ਵੰਡ ਸਮਾਗਮ ਕਰਵਾਏ ਗਏ। ਜਿਸ ਤਹਿਤ 808 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ।

ਇਸ ਤਹਿਤ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਤੋਂ ਪ੍ਰੋ: ਬਲਜਿੰਦਰ ਕੌਰ ਵੱਲੋਂ ਪਿੰਡ ਸੰਗਤ ਖੁਰਦ ਵਿਖੇ ਕਰਵਾਏ ਗਏ ਸਮਾਗਮ ਦੌਰਾਨ 86 ਲਾਭਪਾਤਰੀਆਂ ਨੂੰ ਲਾਭਪਾਤਰੀਆਂ ਨੂੰ ਕਾਰਡ ਪ੍ਰਦਾਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਪੇਂਡੂ ਖੇਤਰ ਦੇ ਲੋਕਾਂ ਦੇ ਜੀਵਣ ਨੂੰ ਹੋਰ ਉੱਚਾ ਚੁੱਕਣ ਲਈ ਹਰ ਤਰ੍ਹਾਂ ਦੇ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅੱਜ ਲਾਭਪਾਤਰੀਆਂ ਨੂੰ ਮਿਲੇ ਇਨ੍ਹਾਂ ਹੱਕਾਂ ਨਾਲ ਦਿਹਾਤੀ ਖੇਤਰ ਦੇ ਲੋਕ ਹੋਰ ਆਰਥਿਕ ਅਤੇ ਸਮਾਜਿਕ ਤੌਰ 'ਤੇ ਹੋਰ ਮਜ਼ਬੂਤ ਹੋਣਗੇ।

ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਤੋਂ ਵਿਧਾਇਕ ਸ੍ਰੀ ਬਲਕਾਰ ਸਿੰਘ ਸਿੱਧੂ ਵੱਲੋਂ ਪਿੰਡ ਬੁਰਜ ਲੱਧਾ ਸਿੰਘ ਵਾਲਾ ਵਿਖੇ ਪ੍ਰੋਗਰਾਮ ਦੌਰਾਨ ਵੰਡੇ ਗਏ 214 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡਾਂ ਦੀ ਵੰਡ ਮੌਕੇ ਸੰਬੋਧਨ ਦੌਰਾਨ ਕਿਹਾ ਕਿ ਪੇਂਡੂ ਖੇਤਰ ਦੇ ਲੋਕਾਂ ਨੂੰ ਲਾਲ ਲਕੀਰ ਅੰਦਰ ਆਉਂਦੀਆਂ ਜਾਇਦਾਦਾਂ ਦੇ ਕਾਨੂੰਨੀ ਮਾਲਕੀ ਹੱਕ ਦੇਣਾ ਪੰਜਾਬ ਸਰਕਾਰ ਦੁਆਰਾ ਦਾ ਵਿਸ਼ੇਸ਼ ਉਪਰਾਲਾ ਹੈ।

ਹਲਕਾ ਭੁੱਚੋ ਮੰਡੀ ਤੋਂ ਵਿਧਾਇਕ ਮਾਸਟਰ ਜਗਸੀਰ ਸਿੰਘ ਵੱਲੋਂ ਪਿੰਡ ਚੱਕ ਫਤਿਹ ਸਿੰਘ ਵਾਲਾ 222 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ। ਇਸ ਮੌਕੇ ਉਨ੍ਹਾਂ ਕਿਹਾ ਕਿ ਲੋਕ ਇਸ ਆਪਣੀ ਜਾਇਦਾਦ ਦੇ ਮਾਲਕੀ ਦਸਤਾਵੇਜ਼ ਦੀ ਵਰਤੋਂ ਕਰਕੇ ਬੈਂਕਾਂ ਤੋਂ ਅਸਾਨੀ ਨਾਲ ਕਰਜ਼ਾ ਲੈ ਕੇ ਆਪਣਾ ਜੀਵਣ ਸੁਧਾਰ ਸਕਣਗੇ।

ਬਠਿੰਡਾ ਦਿਹਾਤੀ ਤੋਂ ਹਲਕਾ ਇੰਚਾਰਜ ਸ੍ਰੀ ਗੋਪਾਲ ਸਿੰਘ ਵੱਲੋਂ ਪਿੰਡ ਨੰਦਗੜ੍ਹ ਵਿਖੇ 237 ਲਾਭਪਾਤਰੀਆਂ ਨੂੰ ਅਤੇ ਵਿਧਾਨ ਸਭਾ ਹਲਕਾ ਮੌੜ ਵਿਖੇ ਐੱਸ.ਡੀ.ਐਮ. ਮੌੜ ਸ੍ਰੀ ਗੁਰਜਿੰਦਰ ਸਿੰਘ ਵੱਲੋਂ ਪਿੰਡ ਸੁੱਖਾ ਸਿੰਘ ਵਾਲਾ ਵਿਖੇ 49 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ।

ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ ਰਾਮਪੁਰਾ ਫੂਲ ਸ. ਬਲਕਰਨ ਸਿੰਘ ਮਾਹਲ ਅਤੇ ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਮੈਡਮ ਵੀਰਪਾਲ ਕੌਰ ਮੌਜੂਦ ਸਨ।

# ਭਗਵੰਤ ਮਾਨ ਪੰਜਾਬ ਦੇ ਸੱਚੇ ਸਪੂਤ, ਵਿਰੋਧੀਆਂ ਨੂੰ ਮੁੱਖ ਮੰਤਰੀ ਦੀ ਲੋਕਪ੍ਰਿਯਤਾ ਬਰਦਾਸ਼ਤ ਨਹੀਂ: ਤਰੁਨਪ੍ਰੀਤ ਸਿੰਘ ਸੌਂਦ

**➢ ਬਿਜਲੀ ਮੰਤਰੀ ਸੌਂਦ ਨੇ ਦਿੱਤੂਪੁਰ ਜੱਟਾਂ ਵਿਖੇ ਟਿਵਾਣਾ ਖੇਡ ਮੇਲੇ 'ਚ ਕਬੱਡੀ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ**
**➢ ਸੂਬੇ 'ਚ 3100 ਪੇਂਡੂ ਖੇਡ ਮੈਦਾਨਾਂ ਰਾਹੀਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਕੀਤਾ ਜਾ ਰਿਹਾ**



**ਭਾਦਸੋਂ, ਪਟਿਆਲਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਬਿਜਲੀ, ਪੇਂਡੂ ਵਿਕਾਸ ਤੇ ਪੰਚਾਇਤ, ਕਿਰਤ, ਪ੍ਰਾਹੁਣਚਾਰੀ ਅਤੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਹੈ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਅਤੇ ਪੰਜਾਬੀਆਂ ਦੀ ਭਲਾਈ ਲਈ ਅਨੇਕਾਂ ਇਤਿਹਾਸਕ ਪਹਿਲਕਦਮੀਆਂ ਕਰਕੇ ਪੰਜਾਬ ਦੇ ਸੱਚੇ ਸਪੂਤ ਹੋਣ ਦਾ ਸਬੂਤ ਦਿੱਤਾ ਹੈ। ਸ. ਸੌਂਦ ਅੱਜ ਸ਼ਾਮ ਭਾਦਸੋਂ ਨੇੜਲੇ ਪਿੰਡ ਦਿੱਤੂਪੁਰ ਜੱਟਾਂ ਵਿਖੇ 58ਵੇਂ ਸਾਲਾਨਾ ਤਿੰਨ ਰੋਜ਼ਾ ਟਿਵਾਣਾ ਖੇਡ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਪਹੁੰਚੇ ਸਨ। ਇਸ ਮੌਕੇ ਉਨ੍ਹਾਂ ਦੇ ਨਾਲ 'ਆਪ' ਦੇ ਸੀਨੀਅਰ ਆਗੂ ਕਰਨਵੀਰ ਸਿੰਘ ਟਿਵਾਣਾ ਅਤੇ ਮਾਰਕੀਟ ਕਮੇਟੀ ਨਾਭਾ ਦੇ ਚੇਅਰਮੈਨ ਗੁਰਦੀਪ ਸਿੰਘ ਟਿਵਾਣਾ ਵੀ ਮੌਜੂਦ ਸਨ।

ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਵਿਰੋਧੀਆਂ ਨੂੰ ਸ. ਭਗਵੰਤ ਸਿੰਘ ਮਾਨ ਦੀ ਲੋਕਪ੍ਰਿਯਤਾ ਬਰਦਾਸ਼ਤ ਨਹੀਂ ਹੋ ਰਹੀ, ਜਿਸ ਕਰਕੇ ਉਹ ਮੁੱਖ ਮੰਤਰੀ ਨੂੰ ਬਦਨਾਮ ਕਰਨ ਲਈ ਕੋਝੇ ਹੱਥਕੰਡੇ ਅਪਣਾ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਹਰਮਨਪਿਆਰੇ ਮੁੱਖ ਮੰਤਰੀ ਵਿਰੁੱਧ ਉਹ ਲੋਕ ਹੀ ਬਿਆਨਬਾਜ਼ੀ ਕਰ ਰਹੇ ਹਨ, ਜਿਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਵੱਲ ਧੱਕਿਆ ਅਤੇ ਕਿਸਾਨਾਂ ਦੀ ਬਿਹਤਰੀ ਲਈ ਕੋਈ ਠੋਸ ਕਦਮ ਨਹੀਂ ਚੁੱਕਿਆ।

ਇਸ ਮੌਕੇ ਕਬੱਡੀ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਸ. ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ 3100 ਖੇਡ ਮੈਦਾਨਾਂ ਦੀ ਉਸਾਰੀ ਲਈ 1500 ਕਰੋੜ ਰੁਪਏ ਦਾ ਬਜਟ ਰੱਖਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡ ਮੈਦਾਨਾਂ ਅਤੇ 'ਖੇਡਾਂ ਵਤਨ ਪੰਜਾਬ ਦੀਆਂ' ਰਾਹੀਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀ ਕਿਸਾਨੀ ਨੂੰ ਬਚਾਉਣ ਲਈ ਪੰਜਾਬ ਦੇ ਪਾਣੀਆਂ ਦੀ ਰਾਖੀ ਕੀਤੀ ਜਾ ਰਹੀ ਹੈ ਅਤੇ ਸਾਡੀ ਧਰਤੀ ਨੂੰ ਬੰਜਰ ਹੋਣ ਤੋਂ ਰੋਕਣ ਲਈ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਦੇ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਇਸ ਵੇਲੇ ਤਰੱਕੀ ਦੀਆਂ ਰਾਹਾਂ 'ਤੇ ਅੱਗੇ ਵੱਧ ਰਿਹਾ ਹੈ ਅਤੇ ਸੂਬਾ ਸਰਕਾਰ ਨੌਜਵਾਨਾਂ ਨੂੰ ਵਿਦੇਸ਼ਾਂ ਵੱਲ ਜਾਣ ਤੋਂ ਰੋਕਕੇ ਪੰਜਾਬ ਵਿੱਚ ਹੀ ਬਿਹਤਰ ਮੌਕੇ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਚੰਗੇ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਰੋਧੀ ਪਾਰਟੀਆਂ ਵੱਲੋਂ ਕੀਤੇ ਜਾ ਰਹੇ ਕੂੜ ਪ੍ਰਚਾਰ ਤੋਂ ਸੁਚੇਤ ਰਹਿਣ ਅਤੇ ਪੰਜਾਬ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ।

ਸਮਾਗਮ ਦੌਰਾਨ ਗੁਰਮਿੰਦਰ ਸਿੰਘ ਟਿਵਾਣਾ, ਨਵਦੀਪ ਸਿੰਘ ਟਿਵਾਣਾ, ਮਨਪ੍ਰੀਤ ਸਿੰਘ ਨਾਗਰਾ, ਪ੍ਰਭਜੀਤ ਸਿੰਘ ਲੋਟੇ, ਰਾਜਵੀਰ ਸਿੰਘ ਟਿਵਾਣਾ, ਨਿਰਭੈ ਸਿੰਘ, ਲਖਵਿੰਦਰ ਸਿੰਘ, ਜਸਵੀਰ ਸਿੰਘ ਭੰਗੂ, ਮਨਦੀਪ ਸਿੰਘ ਨੰਬਰਦਾਰ, ਗਗਨਦੀਪ ਸਿੰਘ ਹਿਆਣਾ, ਸਰਪੰਚ ਜਗਦੀਪ ਸਿੰਘ ਧੰਗੇੜਾ, ਸਰਪੰਚ ਗੁਰਪ੍ਰੀਤ ਸਿੰਘ ਪੇਧਨੀ, ਜਸਵੀਰ ਸਿੰਘ ਭੰਗੂ, ਅਵਤਾਰ ਸਿੰਘ ਲੰਗ, ਮਨਦੀਪ ਸਿੰਘ ਹਿਆਣਾ, ਮਨਜੀਤ ਸਿੰਘ ਦੰਦਰਾਲਾ ਸਮੇਤ ਟਿਵਾਣਾ ਸਪੋਰਟਸ ਐਂਡ ਯੂਥ ਵੈਲਫੇਅਰ ਕਲੱਬ, ਗ੍ਰਾਮ ਪੰਚਾਇਤ ਦੇ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਤੇ ਇਲਾਕਾ ਵਾਸੀ ਹਾਜ਼ਰ ਸਨ।

## ਨਗਰ ਕੌਂਸਲ ਵਿਖੇ ਜਨਗਣਨਾ ਦੇ ਦੂਸਰੇ ਪੜਾਅ ਤਹਿਤ ਗਿਣਤੀਕਾਰਾਂ ਤੇ ਸੁਪਰਵਾਈਜ਼ਰਾਂ ਦੀ ਤਿੰਨ ਰੋਜ਼ਾ ਟ੍ਰੇਨਿੰਗ ਸੰਪੰਨ



**ਤਰਨ ਤਾਰਨ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਜ਼ ਅਫ਼ਸਰ ਸ੍ਰੀ ਰਾਹੁਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਰਣਦੀਪ ਸਿੰਘ ਵੜੈਚ ਦੀ ਅਗਵਾਈ ਹੇਠ ਜਨਗਣਨਾ-2027 ਦੇ ਦੂਸਰੇ ਪੜਾਅ ਸਬੰਧੀ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਦੀ ਤਿੰਨ ਰੋਜ਼ਾ ਟ੍ਰੇਨਿੰਗ ਕਰਵਾਈ ਗਈ। ਇਸ ਟ੍ਰੇਨਿੰਗ ਦੌਰਾਨ ਫ਼ੀਲਡ ਟ੍ਰੇਨਰ ਬੀਰਇੰਦਰ ਸਿੰਘ ਤੇ ਸਿੰਬਲਪ੍ਰੀਤ ਸਿੰਘ ਸਹੋਤਾ ਨੇ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਜਨਗਣਨਾ ਦੇ ਦੂਸਰੇ ਪੜਾਅ ਨਾਲ ਸਬੰਧਤ ਵੱਖ-ਵੱਖ ਪ੍ਰਕਿਰਿਆਵਾਂ, ਜ਼ਿੰਮੇਵਾਰੀਆਂ ਅਤੇ ਰਿਕਾਰਡ ਤਿਆਰ ਕਰਨ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਕਾਰਜ ਸਾਧਕ ਅਫ਼ਸਰ-ਕਮ-ਸੈਂਸਜ਼ ਚਾਰਜ ਅਫ਼ਸਰ ਰਣਦੀਪ ਸਿੰਘ ਵੜੈਚ ਤੇ ਸੁਪਰਡੈਂਟ ਬਲਜਿੰਦਰ ਸਿੰਘ ਗਿੱਲ ਨੇ ਕਿਹਾ ਕਿ ਜਨਗਣਨਾ ਇੱਕ ਮਹੱਤਵਪੂਰਨ ਕੌਮੀ ਕਾਰਜ ਹੈ ਅਤੇ ਇਸ ਨੂੰ ਸੁਚੱਜੇ ਢੰਗ ਨਾਲ ਪੂਰਾ ਕਰਨ ਲਈ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਦੀ ਭੂਮਿਕਾ ਅਹਿਮ ਹੈ। ਉਨ੍ਹਾਂ ਕਿਹਾ ਕਿ ਟ੍ਰੇਨਿੰਗ ਦੌਰਾਨ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਸਾਰੇ ਕਰਮਚਾਰੀ ਆਪਣੀ ਡਿਊਟੀ ਪੂਰੀ ਜ਼ਿੰਮੇਵਾਰੀ ਨਾਲ ਨਿਭਾਉਣ। ਉਨ੍ਹਾਂ ਦੱਸਿਆ ਕਿ ਪੰਜਾਬ ਵਿਚ ਜਨਗਣਨਾ ਦਾ ਦੂਜਾ ਫੇਜ਼ ਮਿਤੀ 1 ਦਸੰਬਰ 2026 ਤੋ ਮਿਤੀ 4 ਜਨਵਰੀ 2027 ਤੱਕ ਚੱਲੇਗਾ ਅਤੇ ਰਵੀਜ਼ਨ ਫੇਜ਼ ਮਿਤੀ 5 ਜਨਵਰੀ 2027 ਤੋਂ 9 ਜਨਵਰੀ 2027 ਨੂੰ ਖ਼ਤਮ ਹੋਵੇਗਾ। ਮਿਤੀ 1 ਦਸਬੰਰ ਤੋ ਗਿਣਤੀਕਾਰ ਘਰ-ਘਰ ਜਾ ਕੇ ਡਾਟਾ ਇਕੱਤਰ ਕਰਨਗੇ, ਜਿਸ ਵਿਚ ਲੱਗਭਗ 40 ਸਵਾਲ ਪੁੱਛੇ ਜਾਣਗੇ ਅਤੇ ਇਹ ਸਾਰੀ ਪ੍ਰਕਿਰਿਆ ਆਨ ਲਾਈਨ ਹੋਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਮਿਤੀ 16 ਨਵੰਬਰ 2026 ਤੋ 30 ਨਵੰਬਰ 2026 ਤੱਕ ਸੈਲਫ ਇਨੂਮੀਰੇਸ਼ਨ ਲਈ ਪੋਰਟਲ ਸਮੂਹ ਨਾਗਰਿਕਾਂ ਲਈ ਖੁੱਲ੍ਹਾ ਰਹੇਗਾ, ਜਿਸ ਤਹਿਤ ਕੋਈ ਵੀ ਨਾਗਰਿਕ ਆਪਣੀ ਜਨਗਣਨਾ ਆਪ ਕਰ ਸਕੇਗਾ। ਇਸ ਮੌਕੇ ਸੁਪਰਡੈਂਟ ਟੈਕਨੀਕਲ ਅਸਿਸਟੈਂਟ ਸੁਖਮਨਜੀਤ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਲੇਕ ਸਪੋਰਟਸ ਕੰਪਲੈਕਸ ਵਿੱਚ ਦੋ ਦਿਨਾਂ ਦਾ ਤੀਰਅੰਦਾਜ਼ੀ ਟੂਰਨਾਮੈਂਟ ਸੰਪੰਨ




**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਪ੍ਰਸ਼ਾਸਨ ਦੇ ਖੇਡ ਵਿਭਾਗ ਦੁਆਰਾ ਆਯੋਜਿਤ ਦੋ ਦਿਨਾਂ ਦਾ ਤੀਰਅੰਦਾਜ਼ੀ ਟੂਰਨਾਮੈਂਟ ਅੱਜ ਲੇਕ ਸਪੋਰਟਸ ਕੰਪਲੈਕਸ, ਚੰਡੀਗੜ੍ਹ ਵਿੱਚ ਸੰਪੰਨ ਹੋਇਆ।

ਇਸ ਟੂਰਨਾਮੈਂਟ ਵਿੱਚ ਚੰਡੀਗੜ੍ਹ ਦੇ ਲਗਭਗ 65 ਯੁਵਾ ਤੀਰਅੰਦਾਜ਼ਾਂ ਨੇ ਹਿੱਸਾ ਲਿਆ। ਲੜਕੇ ਅਤੇ ਲੜਕੀਆਂ ਦੇ ਅੰਡਰ-14 ਅਤੇ ਅੰਡਰ- 19 ਉਮਰ ਵਰਗਾਂ ਵਿੱਚ 'ਰਿਕਰਵ' ਅਤੇ 'ਕੰਪਾਊਂਡ' ਵਰਗਾਂ ਦੀਆਂ ਕੁੱਲ ਅੱਠ ਸ਼੍ਰੇਣੀਆਂ ਵਿੱਚ ਖਿਡਾਰੀਆਂ ਨੇ ਮੁਕਾਬਲਿਆਂ ਵਿੱਚ ਹਿੱਸਾ ਲਿਆ।

ਸਮਾਪਨ ਸਮਾਰੋਹ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਦੇ ਖੇਡ ਵਿਭਾਗ ਦੇ ਆਈਵਾਈਏ ਡਾ. ਭਗਵੰਤ ਸਿੰਘ ਮੁੱਖ ਮਹਿਮਾਨ ਦੇ ਰੂਪ ਵਿੱਚ ਉਪਸਥਿਤ ਰਹੇ। ਉਨ੍ਹਾਂ ਨੇ ਰਸਮੀ ਤੌਰ 'ਤੇ ਟੂਰਨਾਮੈਂਟ ਦੇ ਸਮਾਪਨ ਦਾ ਐਲਾਨ ਕੀਤਾ ਅਤੇ ਜੇਤੂਆਂ ਤੇ ਮੈਡਲ ਜੇਤੂਆਂ ਨੂੰ ਪੁਰਸਕਾਰ ਅਤੇ ਨਕਦ ਰਾਸ਼ੀ ਪ੍ਰਦਾਨ ਕੀਤੀ।

ਹਰੇਕ ਸ਼੍ਰੇਣੀ ਵਿੱਚ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਰਹਿਣ ਵਾਲੇ ਖਿਡਾਰੀਆਂ ਨੂੰ ਕ੍ਰਮਵਾਰ 5,000 ਰੁਪਏ, 3,000 ਰੁਪਏ ਅਤੇ 2,000 ਰੁਪਏ ਦੀ ਨਕਦ ਪੁਰਸਕਾਰ ਰਾਸ਼ੀ ਦਿੱਤੀ ਗਈ।

ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦੇ ਹੋਏ ਡਾ. ਭਗਵੰਤ ਸਿੰਘ ਨੇ ਯੁਵਾ ਤੀਰਅੰਦਾਜ਼ਾਂ ਨੂੰ ਟੂਰਨਾਮੈਂਟ ਵਿੱਚ ਹਿੱਸਾ ਲੈਣ ਲਈ ਵਧਾਈ ਦਿੱਤੀ। ਉਨ੍ਹਾਂ ਨੇ ਖਿਡਾਰੀਆਂ ਨੂੰ ਸਖ਼ਤ ਮਿਹਨਤ ਜਾਰੀ ਰੱਖਣ, ਆਪਣੇ ਕੌਸ਼ਲ ਵਿੱਚ ਸੁਧਾਰ ਕਰਨ ਅਤੇ ਆਪੋ-ਆਪਣੀਆਂ ਖੇਡਾਂ ਵਿੱਚ ਬਿਹਤਰ ਪ੍ਰਦਰਸ਼ਨ ਲਈ ਪ੍ਰਯਾਸ ਕਰਨ ਲਈ ਪ੍ਰੇਰਿਤ ਕੀਤਾ।

ਇਸ ਟੂਰਨਾਮੈਂਟ ਨਾਲ ਯੁਵਾ ਤੀਰਅੰਦਾਜ਼ਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ, ਮੁਕਾਬਲੇ ਦਾ ਅਨੁਭਵ ਪ੍ਰਾਪਤ ਕਰਨ ਅਤੇ ਤੀਰਅੰਦਾਜ਼ੀ ਪ੍ਰਤੀ ਆਪਣੀ ਰੁਚੀ ਵਧਾਉਣ ਦਾ ਅਵਸਰ ਮਿਲਿਆ। ਖੇਡ ਵਿਭਾਗ ਨੇ ਟੂਰਨਾਮੈਂਟ ਦੇ ਸਫ਼ਲ ਆਯੋਜਨ ਵਿੱਚ ਹਿੱਸਾ ਲੈਣ ਵਾਲੇ ਤੀਰਅੰਦਾਜ਼ਾਂ, ਕੋਚਾਂ ਅਤੇ ਅਧਿਕਾਰੀਆਂ ਦੇ ਪ੍ਰਯਾਸਾਂ ਦੀ ਸ਼ਲਾਘਾ ਕੀਤੀ। ਚੰਡੀਗੜ੍ਹ ਪ੍ਰਸ਼ਾਸਨ ਨੇ ਯੁਵਾ ਖਿਡਾਰੀਆਂ ਨੂੰ ਨਿਯਮਿਤ ਮੁਕਾਬਲੇ ਦੇ ਮੌਕੇ ਪ੍ਰਦਾਨ ਕਰਨ ਅਤੇ ਜ਼ਮੀਨੀ ਪੱਧਰ 'ਤੇ ਖੇਡਾਂ ਨੂੰ ਹੁਲਾਰਾ ਦੇਣ ਦੀ ਆਪਣੀ ਪ੍ਰਤੀਬੱਧਤਾ ਦੁਹਰਾਈ।

## ਸਿਹਤ ਸਕੱਤਰ ਨੇ ਪ੍ਰਸਤਾਵਿਤ 80 ਬਿਸਤਰਿਆਂ ਵਾਲੇ ਹਸਪਤਾਲ ਅਤੇ ਪੁਲਿਸ ਸਟੇਸ਼ਨ ਦੇ ਸਥਲਾਂ ਦਾ ਨਿਰੀਖਣ ਕਰਨ ਲਈ ਧਨਾਸ ਦਾ ਦੌਰਾ



**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਯੂ.ਟੀ. ਚੰਡੀਗੜ੍ਹ ਦੇ ਗ੍ਰਹਿ ਅਤੇ ਸਿਹਤ ਸਕੱਤਰ, ਸ਼੍ਰੀ ਮਨਦੀਪ ਸਿੰਘ ਬਰਾੜ ਨੇ ਅੱਜ ਧਨਾਸ ਦਾ ਦੌਰਾ ਕਰਕੇ ਪ੍ਰਸਤਾਵਿਤ 80 ਬਿਸਤਰਿਆਂ ਵਾਲੇ ਹਸਪਤਾਲ ਅਤੇ ਪੁਲਿਸ ਸਟੇਸ਼ਨ ਦੇ ਨਿਰਮਾਣ ਲਈ ਸਥਲਾਂ ਦਾ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਦੇ ਨਾਲ ਮੁੱਖ ਇੰਜੀਨੀਅਰ ਸ਼੍ਰੀ ਸੀ.ਬੀ. ਓਝਾ, ਮੁੱਖ ਆਰਕੀਟੈਕਟ ਸ਼੍ਰੀ ਰਾਜੀਵ ਮਹਿਤਾ, ਸਹਾਇਕ ਇਸਟੇਟ ਅਫ਼ਸਰ ਸ਼੍ਰੀ ਪਵਿੱਤਰ ਸਿੰਘ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਉਪਸਥਿਤ ਸਨ।

ਦੌਰੇ ਦੇ ਦੌਰਾਨ ਸ਼੍ਰੀ ਬਰਾੜ ਨੇ ਦੋਹਾਂ ਸੁਵਿਧਾਵਾਂ ਲਈ ਭੂਮੀ ਦੀਆਂ ਜ਼ਰੂਰਤਾਂ ਦੀ ਸਮੀਖਿਆ ਕੀਤੀ ਅਤੇ ਅਧਿਕਾਰੀਆਂ ਨਾਲ ਪ੍ਰਸਤਾਵਿਤ ਵਿਕਾਸ ਕਾਰਜਾਂ 'ਤੇ ਚਰਚਾ ਕੀਤੀ। ਦੋਹਾਂ ਪ੍ਰੋਜੈਕਟਾਂ ਦੀਆਂ ਜ਼ਰੂਰਤਾਂ ਅਨੁਸਾਰ ਭੂਮੀ ਦੀ ਸ਼ਨਾਖ਼ਤ ਕੀਤੀ ਜਾਵੇਗੀ। ਇਸ ਤੋਂ ਬਾਅਦ ਸ਼ਹਿਰੀ ਯੋਜਨਾਬੰਦੀ ਵਿਭਾਗ ਧਨਾਸ ਵਿੱਚ ਪ੍ਰਸਤਾਵਿਤ ਦੋਹਾਂ ਪਰਿਸਰਾਂ ਦੀਆਂ ਯੋਜਨਾਵਾਂ ਤਿਆਰ ਕਰੇਗਾ।

ਗ੍ਰਹਿ ਅਤੇ ਸਿਹਤ ਸਕੱਤਰ ਨੇ ਧਨਾਸ ਵਿੱਚ ਅਧਿਕਾਰਿਤ ਵੈਂਡਿੰਗ ਜ਼ੋਨ ਦਾ ਵੀ ਨਿਰੀਖਣ ਕੀਤਾ ਅਤੇ ਉੱਥੋਂ ਦੇ ਵਿਕ੍ਰੇਤਾਵਾਂ ਨਾਲ ਗੱਲਬਾਤ ਕੀਤੀ।

# ਮਾਲੇਰਕੋਟਲਾ ਪੁਲਿਸ ਵੱਲੋਂ ਸਨੈਚਿੰਗ ਤੇ ਵਾਹਨ ਚੋਰੀ ਦੀਆਂ ਵਾਰਦਾਤਾਂ ਟਰੇਸ

**ਮਲੇਰਕੋਟਲਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਲੇਰਕੋਟਲਾ ਪੁਲਿਸ ਵੱਲੋਂ ਸਨੈਚਿੰਗ ਅਤੇ ਵਾਹਨ ਚੋਰੀ ਦੀਆਂ ਵਾਰਦਾਤਾਂ ਨੂੰ ਟਰੇਸ ਕਰਨ ਅਤੇ ਇਨ੍ਹਾਂ ਵਿੱਚ ਸ਼ਾਮਲ ਮੁਲਜ਼ਮਾਂ ਖ਼ਿਲਾਫ਼ ਕਾਰਵਾਈ ਕਰਨ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਇੱਕ ਮੁਲਜ਼ਮ ਨੂੰ ਕਾਬੂ ਕਰਕੇ ਉਸ ਪਾਸੋਂ 2,000 ਰੁਪਏ ਦੀ ਨਕਦੀ ਅਤੇ 3 ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਕਾਬੂ ਕੀਤੇ ਮੁਲਜ਼ਮ ਦੀ ਪਛਾਣ ਲਵਪ੍ਰੀਤ ਸਿੰਘ ਉਰਫ਼ ਲਵਲੀ ਪੁੱਤਰ ਦਵਿੰਦਰ ਸਿੰਘ, ਵਾਸੀ ਸਦਰਾਬਾਦ ਨੌਸ਼ਹਿਰਾ ਵਜੋਂ ਹੋਈ ਹੈ। ਇਹ ਕਾਰਵਾਈ ਐੱਸ.ਐੱਸ.ਪੀ. ਮਲੇਰਕੋਟਲਾ ਹਰਕਮਲ ਪ੍ਰੀਤ ਸਿੰਘ ਖੱਖ, ਪੀ.ਪੀ.ਐੱਸ. ਅਤੇ ਡੀ.ਐੱਸ.ਪੀ. ਸਬ-ਡਿਵੀਜ਼ਨ ਅਮਰਗੜ੍ਹ ਸੰਜੀਵ ਕਪੂਰ, ਪੀ.ਪੀ.ਐੱਸ. ਦੀ ਅਗਵਾਈ ਹੇਠ ਏ.ਐੱਸ.ਆਈ. ਹਰਜਿੰਦਰ ਸਿੰਘ, ਇੰਚਾਰਜ ਪੁਲਿਸ ਪੋਸਟ ਹਿੰਮਤਾਨਾ ਵੱਲੋਂ ਅਮਲ ਵਿੱਚ ਲਿਆਂਦੀ ਗਈ।

ਪੁਲਿਸ ਅਨੁਸਾਰ ਪਹਿਲਾਂ ਦਰਜ ਸਨੈਚਿੰਗ ਦੇ ਇੱਕ ਮੁਕੱਦਮੇ ਦੀ ਤਫ਼ਤੀਸ਼ ਦੌਰਾਨ ਮੁਲਜ਼ਮ ਪਾਸੋਂ ਇੱਕ ਮੋਟਰਸਾਈਕਲ ਬਰਾਮਦ ਕੀਤਾ ਗਿਆ ਸੀ। ਜਾਂਚ ਦੌਰਾਨ ਉਕਤ ਮੋਟਰਸਾਈਕਲ ਚੋਰੀ ਦਾ ਪਾਇਆ ਗਿਆ। ਇਸ ਉਪਰੰਤ ਮੁਲਜ਼ਮ ਤੋਂ ਕੀਤੀ ਗਈ ਪੁੱਛਗਿੱਛ ਅਤੇ ਉਸ ਦੀ ਨਿਸ਼ਾਨਦੇਹੀ ਦੇ ਆਧਾਰ 'ਤੇ ਦੋ ਹੋਰ ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕੀਤੇ ਗਏ।

ਤਫ਼ਤੀਸ਼ ਦੌਰਾਨ ਮੁਲਜ਼ਮ ਵੱਲੋਂ ਪੰਜ ਹੋਰ ਸਨੈਚਿੰਗ ਦੀਆਂ ਵਾਰਦਾਤਾਂ ਵਿੱਚ ਸ਼ਾਮਲ ਹੋਣ ਸਬੰਧੀ ਖੁਲਾਸਾ ਕੀਤਾ ਗਿਆ ਹੈ। ਪੁਲਿਸ ਵੱਲੋਂ ਇਨ੍ਹਾਂ ਵਾਰਦਾਤਾਂ ਦੀ ਤਸਦੀਕ ਅਤੇ ਸਬੰਧਤ ਮਾਮਲਿਆਂ ਨਾਲ ਜੋੜਨ ਸਬੰਧੀ ਅਗਲੇਰੀ ਤਫ਼ਤੀਸ਼ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਹੋਰ ਬਰਾਮਦਗੀਆਂ ਅਤੇ ਮਾਮਲੇ ਵਿੱਚ ਸ਼ਾਮਲ ਹੋਰ ਵਿਅਕਤੀਆਂ ਸਬੰਧੀ ਵੀ ਜਾਂਚ ਜਾਰੀ ਹੈ।

ਪੁਲਿਸ ਵੱਲੋਂ ਮੁਲਜ਼ਮ ਖ਼ਿਲਾਫ਼ ਮੁਕੱਦਮਾ ਦਰਜ ਕਰਕੇ ਕਾਨੂੰਨ ਅਨੁਸਾਰ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

ਮਾਲੇਰਕੋਟਲਾ ਪੁਲਿਸ ਵੱਲੋਂ ਸਨੈਚਿੰਗ, ਚੋਰੀ ਅਤੇ ਹੋਰ ਅਪਰਾਧਿਕ ਵਾਰਦਾਤਾਂ ਨੂੰ ਟਰੇਸ ਕਰਨ, ਚੋਰੀਸ਼ੁਦਾ ਵਾਹਨਾਂ ਦੀ ਬਰਾਮਦਗੀ ਅਤੇ ਅਪਰਾਧਕ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਕਾਰਵਾਈ ਲਈ ਮੁਹਿੰਮ ਲਗਾਤਾਰ ਜਾਰੀ ਹੈ।

# ਸੇਫ ਸਕੂਲ ਵਾਹਨ ਪਾਲਿਸੀ ਦੀ ਉਲੰਘਣਾ ਕਰਨ ਵਾਲੇ ਸਕੂਲਾਂ ਖ਼ਿਲਾਫ਼ ਹੋਵੇਗੀ ਸਖ਼ਤ ਕਾਰਵਾਈ : ਕਰਨਬੀਰ ਸਿੰਘ ਛੀਨਾ

**ਮਲੇਰਕੋਟਲਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਦਿਆਰਥੀਆਂ ਦੀ ਸਕੂਲਾਂ ਵਿੱਚ ਆਵਾਜਾਈ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੇਫ ਸਕੂਲ ਵਾਹਨ ਪਾਲਿਸੀ ਨੂੰ ਸਖ਼ਤੀ ਨਾਲ ਲਾਗੂ ਕਰਨ ਲਈ ਵਿਸ਼ੇਸ਼ ਜਾਗਰੂਕਤਾ ਅਤੇ ਚੈਕਿੰਗ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਤਹਿਤ ਰੀਜਨਲ ਟਰਾਂਸਪੋਰਟ ਅਫ਼ਸਰ (ਆਰ.ਟੀ.ਓ.) ਕਰਨਬੀਰ ਸਿੰਘ ਛੀਨਾ ਵੱਲੋਂ ਵੱਖ- ਵੱਖ ਸਕੂਲਾਂ ਦਾ ਦੌਰਾ ਕਰਕੇ ਪ੍ਰਿੰਸੀਪਲਾਂ ਅਤੇ ਸਕੂਲ ਪ੍ਰਬੰਧਕਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਅਤੇ ਸੇਫ ਸਕੂਲ ਵਾਹਨ ਪਾਲਿਸੀ ਸਬੰਧੀ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ।



ਆਰ.ਟੀ.ਓ. ਨੇ ਸਪੱਸ਼ਟ ਕੀਤਾ ਕਿ ਵਿਦਿਆਰਥੀਆਂ ਦੀ ਸੁਰੱਖਿਆ ਸਭ ਤੋਂ ਪਹਿਲੀ ਤਰਜੀਹ ਹੈ ਅਤੇ ਇਸ ਮਾਮਲੇ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਕਿ ਪਾਲਿਸੀ ਤਹਿਤ ਵਾਹਨਾਂ ਵਿੱਚ ਰਹਿੰਦੀਆਂ ਸਾਰੀਆਂ ਕਮੀਆਂ ਨੂੰ ਤੁਰੰਤ ਦੂਰ ਕਰਕੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

ਉਨ੍ਹਾਂ ਕਿਹਾ ਕਿ ਸਕੂਲੀ ਬੱਸਾਂ ਵਿੱਚ ਮਹਿਲਾ ਅਟੈਂਡੈਂਟ ਦੀ ਮੌਜੂਦਗੀ, ਸੀ.ਸੀ.ਟੀ.ਵੀ. ਕੈਮਰੇ, ਫਸਟ ਏਡ ਬਾਕਸ, ਅੱਗ ਬੁਝਾਊ ਯੰਤਰ, ਸਪੀਡ ਗਵਰਨਰ, ਨਿਰਧਾਰਤ ਸਮਰੱਥਾ ਅਨੁਸਾਰ ਬੱਚਿਆਂ ਦੀ ਬੈਠਕ ਅਤੇ ਓਵਰਲੋਡਿੰਗ 'ਤੇ ਪੂਰਨ ਰੋਕ ਸਮੇਤ ਸਾਰੇ ਲਾਜ਼ਮੀ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਹਰ ਹਾਲ ਵਿੱਚ ਕੀਤੀ ਜਾਵੇ।

ਇਸ ਤੋਂ ਇਲਾਵਾ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਗਈ ਕਿ 18 ਸਾਲ ਤੋਂ ਘੱਟ ਉਮਰ ਦਾ ਕੋਈ ਵੀ ਵਿਦਿਆਰਥੀ ਆਪਣਾ ਨਿੱਜੀ ਵਾਹਨ ਚਲਾ ਕੇ ਸਕੂਲ ਨਾ ਆਵੇ। ਸਕੂਲ ਪ੍ਰਬੰਧਕਾਂ ਅਤੇ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਲਈ ਨਿਰੰਤਰ ਜਾਗਰੂਕ ਕਰਨ ਲਈ ਵੀ ਕਿਹਾ ਗਿਆ। ਇਸ ਦੌਰਾਨ ਕਰੀਬ 15 ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਗਈ ਅਤੇ ਵਾਹਨਾਂ ਵਿੱਚ ਸੇਫ ਸਕੂਲ ਵਾਹਨ ਪਾਲਿਸੀ ਅਨੁਸਾਰ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।

ਉਨ੍ਹਾਂ ਕਿਹਾ ਕਿ ਸਕੂਲਾਂ ਵੱਲੋਂ ਪਾਲਿਸੀ ਦੀ ਪਾਲਣਾ ਸਬੰਧੀ ਹਲਫ਼ੀਆ ਬਿਆਨ ਜ਼ਿਲ੍ਹਾ ਸਿੱਖਿਆ ਦਫ਼ਤਰ ਵਿਖੇ ਜਮ੍ਹਾਂ ਕਰਵਾਉਣਾ ਲਾਜ਼ਮੀ ਹੋਵੇਗਾ। ਜੇਕਰ ਕੋਈ ਸਕੂਲ ਜਾਂ ਟਰਾਂਸਪੋਰਟਰ ਨਿਯਮਾਂ ਦੀ ਪਾਲਣਾ ਵਿੱਚ ਅਣਗਹਿਲੀ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਅਤ ਆਵਾਜਾਈ ਲਈ ਚੈਕਿੰਗ ਅਤੇ ਜਾਗਰੂਕਤਾ ਮੁਹਿੰਮ ਭਵਿੱਖ ਵਿੱਚ ਵੀ ਲਗਾਤਾਰ ਜਾਰੀ ਰਹੇਗੀ।

# ਪ੍ਰਗਟ ਸਿੰਘ ਦੇ ਪ੍ਰਧਾਨ ਬਣਨ ਨਾਲ ਕਾਂਗਰਸ ਪਾਰਟੀ ਵਿੱਚ ਆਇਆ ਨਵਾਂ ਜੋਸ਼ ਅਤੇ ਉਤਸ਼ਾਹ : ਸੁਖਦੀਪ ਬਾਜਵਾ

**ਮਾਛੀਵਾੜਾ ਸਾਹਿਬ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬਲਾਕ ਮਾਛੀਵਾੜਾ ਸੀਨੀਅਰ ਵਾਈਸ ਪ੍ਰਧਾਨ ਕਾਂਗਰਸ ਪਾਰਟੀ ਸੁਖਦੀਪ ਸਿੰਘ ਬਾਜਵਾ ਨੇ ਪ੍ਰਗਟ ਸਿੰਘ ਦੇ ਪੰਜਾਬ ਪ੍ਰਧਾਨ ਬਣਨ ਤੇ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਇਸ ਨਿਯੁਕਤੀ ਨਾਲ ਪੰਜਾਬ ਕਾਂਗਰਸ ਵਿੱਚ ਖਾਸ ਤੌਰ ਤੇ ਨੌਜਵਾਨਾਂ ਵਿੱਚ ਇੱਕ ਨਵਾਂ ਜੋਸ਼ ਅਤੇ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ,ਜੋ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਲਈ ਬੇਹਦ ਲਾਹੇਬੰਦ ਸਾਬਿਤ ਹੋਵੇਗਾ। ਉਹਨਾਂ ਕਿਹਾ ਕਿ ਆਲ ਇੰਡੀਆ ਕਾਂਗਰਸ ਕਮੇਟੀ ਅਤੇ ਪਾਰਟੀ ਹਾਈ ਕਮਾਂਡ ਨੇ ਦੂਰ ਅੰਦੇਸ਼ੀ ਵਾਲੇ ਸੋਚ ਨਾਲ ਇਹ ਬਹੁਤ ਵਧੀਆ ਸ਼ਲਾਘਾਯੋਗ ਫੈਸਲਾ ਕੀਤਾ ਹੈ, ਜਿਸ ਦਾ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਭਰਪੂਰ ਲਾਭ ਮਿਲੇਗਾ। ਉਹਨਾਂ ਕਿਹਾ ਕਿ ਮੌਜੂਦਾ ਸਮੇਂ ਕਾਂਗਰਸ ਪਾਰਟੀ ਦਾ ਉਤਸ਼ਾਹ ਅਤੇ ਜੋਸ਼ 2027 ਦੀਆਂ ਚੋਣਾਂ ਲਈ ਅਹਿਮ ਰੋਲ ਅਦਾ ਕਰੇਗਾ।



ਉਹਨਾਂ ਕਿਹਾ ਕਿ ਮੌਜੂਦਾ ਸਮੇਂ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਹਰ ਫਰੈਂਡ ਤੇ ਬੁਰੀ ਤਰ੍ਹਾਂ ਫੇਲ ਸਾਬਿਤ ਹੋਈ ਹੈ। ਕਿਉਂਕਿ ਇਸ ਸਰਕਾਰ ਦੇ ਸਮੇਂ ਦੌਰਾਨ ਜਿੱਥੇ ਭ੍ਰਿਸ਼ਟਾਚਾਰ ਵਿੱਚ ਹੱਦੋਂ ਵੱਧ ਵਾਧਾ ਹੋਇਆ ਹੈ ,ਉੱਥੇ ਹੀ ਗੈਂਗਸਟਰ ਅਤੇ ਨਸ਼ਿਆਂ ਵਿੱਚ ਵੀ ਚੋਖਾ ਵਾਧਾ ਹੋਇਆ। ਆਪ ਦੀ ਸਰਕਾਰ ਤੋਂ ਪੰਜਾਬ ਦੀ ਜਨਤਾ ਬੁਰੀ ਤਰ੍ਹਾਂ ਦੁਖੀ ਹੈ ਅਤੇ 2027 ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਨੂੰ ਬਹੁਮਤ ਨਾਲ ਜਿਤਾਵੇਗੀ।

# ਸੀਟੀ ਯੂਨੀਵਰਸਿਟੀ ਤੇ ਗ੍ਰਾਂਟ ਥੌਰਨਟਨ ਭਾਰਤ ਵਿਚਾਲੇ ਸਮਝੌਤਾ, ਉਦਯੋਗ-ਏਕੀਕ੍ਰਿਤ ਸਿੱਖਿਆ ਨੂੰ ਮਿਲੇਗਾ ਹੁਲਾਰਾ




**ਲੁਧਿਆਣਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਟੀ ਯੂਨੀਵਰਸਿਟੀ ਨੇ ਉਦਯੋਗ-ਅਕਾਦਮਿਕ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਵਿਦਿਆਰਥੀਆਂ ਨੂੰ ਵਿਹਾਰਕ ਤੇ ਉਦਯੋਗ-ਅਨੁਕੂਲ ਹੁਨਰ ਪ੍ਰਦਾਨ ਕਰਨ ਲਈ ਗ੍ਰਾਂਟ ਥੌਰਨਟਨ ਭਾਰਤ ਨਾਲ ਸਮਝੌਤਾ ਪੱਤਰ ($ꠙ") 'ਤੇ ਦਸਤਖ਼ਤ ਕੀਤੇ।

ਇਸ ਮੌਕੇ ਕੁਲਾਧਿਪਤੀ ਸ. ਚਰਨਜੀਤ ਸਿੰਘ ਚੰਨੀ ਅਤੇ ਕੁਲਪਤੀ ਡਾ. ਨਿਤਿਨ ਟੰਡਨ ਸਮੇਤ ਦੋਵਾਂ ਸੰਸਥਾਵਾਂ ਦੇ ਅਧਿਕਾਰੀ ਮੌਜੂਦ ਰਹੇ। ਗ੍ਰਾਂਟ ਥੌਰਨਟਨ ਭਾਰਤ ਵੱਲੋਂ ਪ੍ਰਦੀਪ ਪਾਂਡੇ ਅਤੇ ਕਮਲ ਖੱਟਰ ਨੇ ਸ਼ਮੂਲੀਅਤ ਕੀਤੀ।

ਇਸ ਸਹਿਯੋਗ ਤਹਿਤ ਖ਼ਾਸ ਤੌਰ 'ਤੇ ਆਰਟੀਫਿਸ਼ੀਅਲ ਇੰਟੈਲੀਜੈਂਸ ਅਤੇ ਮਸ਼ੀਨ ਲਰਨਿੰਗ ਦੇ ਵਿਦਿਆਰਥੀਆਂ ਨੂੰ ਉਦਯੋਗਿਕ ਪ੍ਰਕਿਰਿਆਵਾਂ, ਵਿਹਾਰਕ ਪ੍ਰਾਜੈਕਟਾਂ, ਮਾਹਿਰਾਂ ਨਾਲ ਵਿਚਾਰ-ਵਟਾਂਦਰੇ ਅਤੇ ਤਜਰਬਾਤਮਕ ਸਿੱਖਿਆ ਦੇ ਮੌਕੇ ਮਿਲਣਗੇ। ਇਸ ਨਾਲ ਵਿਦਿਆਰਥੀਆਂ ਦੇ ਉਦਯੋਗ-ਅਨੁਕੂਲ ਹੁਨਰ ਵਿਕਸਿਤ ਹੋਣ ਦੇ ਨਾਲ ਰੋਜ਼ਗਾਰ ਦੇ ਮੌਕੇ ਵੀ ਵਧਣਗੇ।

ਡਾ. ਮਨਬੀਰ ਸਿੰਘ ਨੇ ਕਿਹਾ ਕਿ ਅਕਾਦਮਿਕ ਗਿਆਨ ਨੂੰ ਅਸਲ ਉਦਯੋਗਿਕ ਤਜਰਬੇ ਨਾਲ ਜੋੜਨਾ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਪੇਸ਼ੇਵਰ ਲੋੜਾਂ ਲਈ ਤਿਆਰ ਕਰਨ ਵਿੱਚ ਮਹੱਤਵਪੂਰਨ ਹੈ। ਡਾ. ਨਿਤਿਨ ਟੰਡਨ ਨੇ ਕਿਹਾ ਕਿ ਇਹ ਸਾਂਝੇਦਾਰੀ ਵਿਦਿਆਰਥੀਆਂ ਨੂੰ ਆਧੁਨਿਕ ਉਦਯੋਗਿਕ ਪ੍ਰਕਿਰਿਆਵਾਂ ਅਤੇ ਵਿਹਾਰਕ ਤਜਰਬੇ ਨਾਲ ਜੋੜ ਕੇ ਉਨ੍ਹਾਂ ਦੇ ਕਰੀਅਰ ਨੂੰ ਮਜ਼ਬੂਤ ਕਰੇਗੀ।

ਯੂਨੀਵਰਸਿਟੀ ਅਨੁਸਾਰ ਇਹ ਸਮਝੌਤਾ ਭਵਿੱਖ-ਮੁਖੀ ਸਿੱਖਿਆ ਅਤੇ ਮਜ਼ਬੂਤ ਉਦਯੋਗਿਕ ਸਾਂਝੇਦਾਰੀਆਂ ਵੱਲ ਇੱਕ ਹੋਰ ਅਹਿਮ ਕਦਮ ਹੈ।

# ਮਨੁੱਖੀ ਹੱਕਾਂ ਦੀ ਆਵਾਜ਼ — ਸਨਮਦੀਪ ਸਨੀ ਦੇ ਪਰਿਵਾਰ ਨਾਲ ਮੁਲਾਕਾਤ, NHRC ਵੱਲੋਂ ਪੰਜਾਬ ਦੇ DGP ਅਤੇ ਮੁੱਖ ਸਕੱਤਰ ਨੂੰ ਨੋਟਿਸ

**ਸੁਨਾਮ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਸੁਨਾਮ ਵਿਖੇ ਮ੍ਰਿਤਕ ਸਨਮਦੀਪ ਸਨੀ ਦੇ ਪਰਿਵਾਰ ਲਈ ਇਨਸਾਫ਼ ਦੀ ਲੜਾਈ ਨੂੰ ਅੱਜ ਇੱਕ ਅਹਿਮ ਮੋੜ ਮਿਲਿਆ, ਜਦੋਂ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ (NHRC) ਦੇ ਮੈਂਬਰ ਪ੍ਰਿਯੰਕ ਕਾਨੂਨਗੋ ਖੁਦ ਪਿੰਡ ਕਨੋਈ ਵਿਖੇ ਸਨਮਦੀਪ ਸਨੀ ਦੇ ਘਰ ਪਹੁੰਚੇ ਅਤੇ ਪਰਿਵਾਰ ਨਾਲ ਮੁਲਾਕਾਤ ਕੀਤੀ।



ਪ੍ਰਿਯੰਕ ਕਾਨੂਨਗੋ ਨੇ ਇਸ ਮੌਕੇ ਸਨਮਦੀਪ ਸਨੀ ਦੀ ਮਾਤਾ, ਪਿਤਾ ਅਤੇ ਦਾਦਾ-ਦਾਦੀ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ। ਉਨ੍ਹਾਂ ਨੇ ਪਰਿਵਾਰ ਦੀ ਪੂਰੀ ਗੱਲ ਧਿਆਨ ਨਾਲ ਸੁਣੀ ਅਤੇ ਘਟਨਾ ਨਾਲ ਜੁੜੇ ਤੱਥਾਂ, ਪਰਿਵਾਰ ਦੀਆਂ ਚਿੰਤਾਵਾਂ ਅਤੇ ਉਨ੍ਹਾਂ ਵੱਲੋਂ ਮੰਗੇ ਜਾ ਰਹੇ ਇਨਸਾਫ਼ ਬਾਰੇ ਜਾਣਕਾਰੀ ਹਾਸਲ ਕੀਤੀ।

ਪਰਿਵਾਰ ਵੱਲੋਂ ਮੰਗ ਕੀਤੀ ਗਈ ਕਿ ਸਨਮਦੀਪ ਸਨੀ ਦੀ ਮੌਤ ਨਾਲ ਜੁੜੇ ਮਾਮਲੇ ਦੀ ਨਿਰਪੱਖ, ਪਾਰਦਰਸ਼ੀ ਅਤੇ ਸਮਾਂਬੱਧ ਜਾਂਚ ਕੀਤੀ ਜਾਵੇ ਅਤੇ ਜੇਕਰ ਕਿਸੇ ਪੱਧਰ 'ਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੋਈ ਹੈ ਤਾਂ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ।

ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਅੱਜ ਹੀ ਪੰਜਾਬ ਦੇ ਪੁਲਿਸ ਡਾਇਰੈਕਟਰ ਜਨਰਲ (DGP) ਅਤੇ ਪੰਜਾਬ ਦੇ ਮੁੱਖ ਸਕੱਤਰ ਨੂੰ ਨੋਟਿਸ ਜਾਰੀ ਕੀਤਾ ਗਿਆ ਹੈ।

ਇਸ ਮਾਮਲੇ ਦਾ ਇੱਕ ਹੋਰ ਗੰਭੀਰ ਪੱਖ ਇਹ ਹੈ ਕਿ ਪਰਿਵਾਰ ਦੇ ਦੱਸਣ ਅਨੁਸਾਰ ਸਨਮਦੀਪ ਸਨੀ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਲਾਵਾਰਿਸ ਵਜੋਂ ਕਰ ਦਿੱਤਾ ਗਿਆ, ਜਦਕਿ ਉਸਦਾ ਪਰਿਵਾਰ ਕੁਝ ਹੀ ਕਿਲੋਮੀਟਰ ਦੀ ਦੂਰੀ 'ਤੇ ਹਿਰਾਸਤ/ਬੰਦ ਹਾਲਤ ਵਿੱਚ ਸੀ। ਪਰਿਵਾਰ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਆਪਣੇ ਪੁੱਤਰ/ਪੋਤੇ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਵੀ ਨਹੀਂ ਮਿਲਿਆ। ਇਹ ਸਵਾਲ ਵੀ ਹੁਣ ਨਿਰਪੱਖ ਜਾਂਚ ਦਾ ਅਹਿਮ ਹਿੱਸਾ ਹੈ ਕਿ ਮ੍ਰਿਤਕ ਦੀ ਪਛਾਣ ਅਤੇ ਪਰਿਵਾਰ ਨੂੰ ਸੂਚਿਤ ਕਰਨ ਦੀ ਪ੍ਰਕਿਰਿਆ ਕੀ ਰਹੀ ਅਤੇ ਦੇਹ ਦਾ ਅੰਤਿਮ ਸੰਸਕਾਰ ਲਾਵਾਰਿਸ ਵਜੋਂ ਕਿਉਂ ਕੀਤਾ ਗਿਆ।

ਇਸ ਮਾਮਲੇ ਵਿੱਚ ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਨੇ ਸ਼ੁਰੂ ਤੋਂ ਹੀ ਪਰਿਵਾਰ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਂਦਿਆਂ ਇਨਸਾਫ਼ ਦੀ ਲੜਾਈ ਦੀ ਅਗਵਾਈ ਕੀਤੀ ਹੈ। ਉਨ੍ਹਾਂ ਵੱਲੋਂ ਲਗਾਤਾਰ ਇਸ ਘਟਨਾ ਨੂੰ ਮਨੁੱਖੀ ਅਧਿਕਾਰਾਂ ਦੇ ਪੱਖ ਤੋਂ ਉਠਾਇਆ ਗਿਆ ਅਤੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਤੱਕ ਮਾਮਲਾ ਪਹੁੰਚਾਉਣ ਅਤੇ ਕਮਿਸ਼ਨ ਦੀ ਦਖ਼ਲਅੰਦਾਜ਼ੀ ਯਕੀਨੀ ਬਣਾਉਣ ਲਈ ਅਹਿਮ ਯਤਨ ਕੀਤੇ ਗਏ।

ਇਸ ਸਬੰਧੀ ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਨੇ ਕਿਹਾ ਕਿ ਸਨਮਦੀਪ ਸਨੀ ਦੇ ਪਰਿਵਾਰ ਨੂੰ ਇਨਸਾਫ਼ ਮਿਲਣ ਤੱਕ ਇਹ ਲੜਾਈ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ NHRC ਵੱਲੋਂ ਪਰਿਵਾਰ ਨਾਲ ਸਿੱਧੀ ਮੁਲਾਕਾਤ ਅਤੇ ਪੰਜਾਬ ਦੇ DGP ਤੇ ਮੁੱਖ ਸਕੱਤਰ ਨੂੰ ਅੱਜ ਹੀ ਨੋਟਿਸ ਜਾਰੀ ਕੀਤਾ ਜਾਣਾ ਇਸ ਮਾਮਲੇ ਵਿੱਚ ਇੱਕ ਮਹੱਤਵਪੂਰਨ ਕਦਮ ਹੈ।

ਮੁਲਾਕਾਤ ਦੌਰਾਨ ਸਨਮਦੀਪ ਸਨੀ ਦੇ ਮਾਤਾ-ਪਿਤਾ ਅਤੇ ਦਾਦਾ-ਦਾਦੀ ਨੇ ਆਪਣਾ ਦੁੱਖ ਅਤੇ ਆਪਣੀਆਂ ਮੰਗਾਂ ਕਮਿਸ਼ਨ ਦੇ ਮੈਂਬਰ ਸਾਹਮਣੇ ਰੱਖੀਆਂ। ਪਰਿਵਾਰ ਦੀ ਮੁੱਖ ਮੰਗ ਹੈ ਕਿ ਮਾਮਲੇ ਦੀ ਨਿਰਪੱਖ ਜਾਂਚ ਹੋਵੇ, ਸੱਚ ਸਾਹਮਣੇ ਆਵੇ ਅਤੇ ਜੇਕਰ ਕਿਸੇ ਦੀ ਜ਼ਿੰਮੇਵਾਰੀ ਬਣਦੀ ਹੈ ਤਾਂ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ।ਕਨੋਈ ਮਾਮਲੇ ਵਿੱਚ NHRC ਦੀ ਦਖ਼ਲਅੰਦਾਜ਼ੀ ਨਾਲ ਪਰਿਵਾਰ ਦੀ ਆਵਾਜ਼ ਹੁਣ ਇੱਕ ਸੰਵਿਧਾਨਕ ਮਨੁੱਖੀ ਅਧਿਕਾਰ ਸੰਸਥਾ ਤੱਕ ਪਹੁੰਚੀ ਹੈ। ਪਰਿਵਾਰ ਅਤੇ ਇਨਸਾਫ਼ ਦੀ ਮੰਗ ਕਰ ਰਹੇ ਲੋਕਾਂ ਨੂੰ ਉਮੀਦ ਹੈ ਕਿ ਇਸ ਨੋਟਿਸ ਤੋਂ ਬਾਅਦ ਮਾਮਲੇ ਦੇ ਸਾਰੇ ਪਹਿਲੂਆਂ ਦੀ ਨਿਰਪੱਖ ਜਾਂਚ ਹੋਵੇਗੀ ਅਤੇ ਸਨਮਦੀਪ ਸਨੀ ਦੇ ਪਰਿਵਾਰ ਨੂੰ ਇਨਸਾਫ਼ ਮਿਲੇਗਾ।

# ਪੰਜਾਬ ਸਰਕਾਰ ਦੇ ਭ੍ਰਿਸ਼ਟਾਚਾਰ ਦਾ ਘੜਾ ਭਰਿਆ: ਕੇਵਲ ਸਿੰਘ ਢਿੱਲੋਂ

**ਚੰਡੀਗੜ੍ਹ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਸਰਕਾਰ ਦੇ ਭ੍ਰਿਸ਼ਟਾਚਾਰ ਦਾ ਘੜਾ ਹੁਣ ਭਰ ਚੁੱਕਾ ਹੈ ਅਤੇ ਪੰਜਾਬ ਨੂੰ ਬਰਬਾਦੀ ਵੱਲ ਧੱਕਣ ਵਾਲੀ ਇਸ ਸਰਕਾਰ ਦਾ ਅੰਤ ਹੁਣ ਨੇੜੇ ਹੈ।



ਮੋਹਾਲੀ ਵਿਖੇ ਭਾਜਪਾ ਕਾਰਜਕਰਤਾਵਾਂ ਨਾਲ ਮਿਲ ਕੇ ਪੰਜਾਬ ਸਰਕਾਰ ਦੇ ਕਥਿਤ ਭ੍ਰਿਸ਼ਟਾਚਾਰ ਵਿਰੁੱਧ ਕੀਤੇ ਪ੍ਰਦਰਸ਼ਨ ਦੌਰਾਨ ਕੇਵਲ ਸਿੰਘ ਢਿੱਲੋਂ ਨੇ ਭ੍ਰਿਸ਼ਟਾਚਾਰ ਦੇ ਪ੍ਰਤੀਕ ਵਜੋਂ ਘੜਾ ਭੰਨਿਆ। ਇਸ ਉਪਰੰਤ ਭਾਜਪਾ ਵੱਲੋਂ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੀ ਅਰਥੀ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।

ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਆਪ ਨੂੰ ਇਮਾਨਦਾਰ ਸਰਕਾਰ ਦੱਸਦੀ ਸੀ, ਪਰ ਹੁਣ ਪੰਜਾਬ ਵਿੱਚ ਭ੍ਰਿਸ਼ਟਾਚਾਰ ਅਤੇ ਸਰਕਾਰੀ ਪੈਸੇ ਦੀ ਕਥਿਤ ਲੁੱਟ ਨਾਲ ਜੁੜੇ ਮਾਮਲੇ ਲਗਾਤਾਰ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਸਭ ਕੁਝ ਦੇਖ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਲੋਕ ਇਸ ਦਾ ਜਵਾਬ ਦੇਣਗੇ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭ੍ਰਿਸ਼ਟਾਚਾਰ ਦੇ ਮਾਮਲਿਆਂ ਸਬੰਧੀ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਵੱਲੋਂ ਪੰਜਾਬ ਪੁਲਿਸ ਨੂੰ ਕਈ ਵਾਰ ਪੱਤਰ ਲਿਖੇ ਜਾਣ ਦੇ ਬਾਵਜੂਦ ਜਦੋਂ ਪੰਜਾਬ ਸਰਕਾਰ ਵੱਲੋਂ ਮਾਮਲਿਆਂ ਦੀ ਢੁੱਕਵੀਂ ਜਾਂਚ ਨਹੀਂ ਕੀਤੀ ਗਈ ਤਾਂ ਮਾਮਲਾ ਪੰਜਾਬ ਅਤੇ ਹਰਿਆਣਾ ਹਾਈਕੋਰਟ ਤੱਕ ਪਹੁੰਚਿਆ। ਉਨ੍ਹਾਂ ਕਿਹਾ ਕਿ ਹੁਣ ਹਾਈਕੋਰਟ ਦੇ ਹੁਕਮਾਂ 'ਤੇ ਸੀਬੀਆਈ ਵੱਲੋਂ ਮਾਮਲਿਆਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਜਿੱਥੇ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ, ਉੱਥੇ ਆਮ ਆਦਮੀ ਪਾਰਟੀ ਸਰਕਾਰ ਬੌਖਲਾਹਟ ਵਿੱਚ ਆਉਂਦੀ ਨਜ਼ਰ ਆ ਰਹੀ ਹੈ।

ਭਾਜਪਾ ਸੂਬਾ ਪ੍ਰਧਾਨ ਨੇ ਕਿਹਾ ਕਿ ਜੇਕਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੋਈ ਗਲਤ ਕੰਮ ਨਹੀਂ ਕੀਤਾ ਤਾਂ ਉਸ ਨੂੰ ਜਾਂਚ ਤੋਂ ਡਰਨ ਦੀ ਬਜਾਏ ਜਾਂਚ ਦਾ ਸਾਹਮਣਾ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਾਂਚ 'ਤੇ ਸਵਾਲ ਖੜ੍ਹੇ ਕਰਨ ਦੀ ਬਜਾਏ ਸਰਕਾਰ ਨੂੰ ਆਪਣੀ ਪਾਰਦਰਸ਼ਤਾ ਸਾਬਤ ਕਰਨੀ ਚਾਹੀਦੀ ਹੈ।

ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਭ੍ਰਿਸ਼ਟਾਚਾਰ ਦਾ ਘੜਾ ਭਰ ਚੁੱਕਾ ਹੈ। ਪੰਜਾਬ ਦੀ ਜਨਤਾ ਦੇ ਪੈਸੇ ਦੀ ਲੁੱਟ ਅਤੇ ਭ੍ਰਿਸ਼ਟਾਚਾਰ ਨਾਲ ਜੁੜੇ ਮਾਮਲੇ ਹੁਣ ਸਾਹਮਣੇ ਆ ਰਹੇ ਹਨ। ਪੰਜਾਬ ਨੂੰ ਲੁੱਟਣ ਵਾਲਿਆਂ ਦਾ ਹਿਸਾਬ ਹੁਣ ਜਨਤਾ ਦੀ ਕਚਹਿਰੀ ਵਿੱਚ ਹੋਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਹੁਣ ਸਰਕਾਰ ਦੇ ਝੂਠੇ ਵਾਅਦਿਆਂ ਅਤੇ ਕਥਿਤ ਭ੍ਰਿਸ਼ਟਾਚਾਰ ਤੋਂ ਤੰਗ ਆ ਚੁੱਕੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਨੂੰ ਬਰਬਾਦੀ ਵੱਲ ਲਿਜਾਣ ਵਾਲੀ ਆਮ ਆਦਮੀ ਪਾਰਟੀ ਸਰਕਾਰ ਦਾ ਅੰਤ ਹੁਣ ਨੇੜੇ ਹੈ ਅਤੇ ਜਨਤਾ ਇਸ ਸਰਕਾਰ ਨੂੰ ਸੱਤਾ ਤੋਂ ਬਾਹਰ ਦਾ ਰਸਤਾ ਦਿਖਾਏਗੀ।

ਇਸ ਮੌਕੇ ਸੂਬਾ ਮੀਤ ਪ੍ਰਧਾਨ ਰਣਜੀਤ ਸਿੰਘ ਗਿੱਲ, ਜ਼ਿਲ੍ਹਾ ਪ੍ਰਧਾਨ ਸੰਜੀਵ ਵਿਸ਼ਸ਼ਟ, ਅਨੁਜ ਖੋਸਲਾ, ਗੁਰਦਰਸ਼ਨ ਸਿੰਘ ਸੈਣੀ, ਐਨ.ਕੇ ਵਰਮਾ, ਸੰਜੀਵ ਖੰਨਾ, ਸੁਖਵਿੰਦਰ ਸਿੰਘ ਗੋਲਡੀ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਤੇ ਵਰਕਰ ਹਾਜ਼ਰ ਸਨ।

# ਈ.ਡੀ.-ਸੀਬੀਆਈ ਦੀਆਂ ਕਾਰਵਾਈਆਂ 'ਤੇ ਸਰਕਾਰ ਨੂੰ ਪਾਰਦਰਸ਼ਤਾ ਨਾਲ ਜਵਾਬ ਦੇਣਾ ਚਾਹੀਦਾ: ਭੁਪਿੰਦਰ ਭਿੰਦਾ

**ਲੁਧਿਆਣਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਕਾਲੀ ਜੱਥਾ ਸ਼ਹਿਰੀ ਦੇ ਪ੍ਰਧਾਨ ਭੁਪਿੰਦਰ ਸਿੰਘ ਭਿੰਦਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨੂੰ ਇਮਾਨਦਾਰੀ ਦੇ ਦਾਅਵਿਆਂ ਨੂੰ ਸਿਰਫ਼ ਇਸ਼ਤਿਹਾਰਾਂ ਤੱਕ ਸੀਮਤ ਰੱਖਣ ਦੀ ਬਜਾਏ ਈ.ਡੀ. ਅਤੇ ਸੀਬੀਆਈ ਦੀਆਂ ਕਾਰਵਾਈਆਂ ਸਬੰਧੀ ਉਠ ਰਹੇ ਸਵਾਲਾਂ ਦਾ ਤੱਥਾਂ ਅਤੇ ਦਸਤਾਵੇਜ਼ਾਂ ਸਮੇਤ ਜਵਾਬ ਦੇਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਵਿੱਚ ਰਹਿੰਦਿਆਂ 'ਆਪ' ਭ੍ਰਿਸ਼ਟਾਚਾਰ ਵਿਰੁੱਧ ਵੱਡੇ ਦਾਅਵੇ ਕਰਦੀ ਰਹੀ ਹੈ, ਇਸ ਲਈ ਹੁਣ ਸਰਕਾਰ ਨੂੰ ਜਾਂਚ ਏਜੰਸੀਆਂ ਦੀ ਕਾਰਵਾਈ ਬਾਰੇ ਪਾਰਦਰਸ਼ਤਾ ਨਾਲ ਆਪਣਾ ਪੱਖ ਰੱਖਣਾ ਚਾਹੀਦਾ ਹੈ। ਭਿੰਦਾ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਿਰਫ਼ ਨਾਅਰਿਆਂ ਦੀ ਬਜਾਏ ਜਵਾਬਦੇਹੀ, ਪਾਰਦਰਸ਼ਤਾ ਅਤੇ ਸਰਕਾਰ ਤੋਂ ਹਿਸਾਬ ਚਾਹੁੰਦੇ ਹਨ।



# ਸੌ ਰੁਪਏ ਦਿਹਾੜੀ 'ਚ ਕਿਵੇਂ ਪਲੇ ਪਰਿਵਾਰ ! ਸਫਾਈ ਸੇਵਕਾਂ ਤੇ ਚੌਕੀਦਾਰਾਂ ਦੀ ਸਰਕਾਰ ਤੋਂ ਗੁਹਾਰ

**ਜੈਤੋ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਕੂਲਾਂ ਵਿੱਚ ਸਫਾਈ ਸੇਵਕਾਂ ਅਤੇ ਚੌਕੀਦਾਰਾਂ ਵਜੋਂ ਕੰਮ ਕਰ ਰਹੇ ਦਿਹਾੜੀਦਾਰ ਕਾਮਿਆਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਲੈ ਕੇ ਅੱਜ ਨਹਿਰੂ ਪਾਰਕ ਜੈਤੋ ਵਿਖੇ ਬਲਾਕ ਜੈਤੋ ਦੇ ਸਕੂਲ ਸਫਾਈ ਸੇਵਕਾਂ ਅਤੇ ਚੌਕੀਦਾਰਾਂ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਸੂਬਾ ਜਨਰਲ ਸਕੱਤਰ ਸ੍ਰੀਮਤੀ ਸੰਦੀਪ ਕੌਰ ਨੇ ਦੱਸਿਆ ਕਿ ਈਐੱਸਐੱਸ ਦੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ ਦੀ ਅਗਵਾਈ ਹੇਠ ਕਮੇਟੀ ਵੱਲੋਂ ਇਨ੍ਹਾਂ ਕਾਮਿਆਂ ਦੀਆਂ ਦਸ ਮੰਗਾਂ ਸਬੰਧੀ ਨੀਤੀ ਤਿਆਰ ਕੀਤੀ ਗਈ ਹੈ, ਜੋ ਜਲਦੀ ਹੀ ਸਿੱਖਿਆ ਸਕੱਤਰ ਪੰਜਾਬ ਕੋਲ ਪਹੁੰਚਾਈ ਜਾਵੇਗੀ।



ਸ੍ਰੀਮਤੀ ਸੰਦੀਪ ਕੌਰ ਨੇ ਕਿਹਾ ਕਿ ਇਨ੍ਹਾਂ ਸਫਾਈ ਸੇਵਕਾਂ ਨੂੰ ਕੇਵਲ 100 ਰੁਪਏ ਪ੍ਰਤੀ ਦਿਨ ਦਿੱਤੇ ਜਾਂਦੇ ਹਨ, ਜਦੋਂਕਿ ਉਨ੍ਹਾਂ ਤੋਂ ਸਾਰਾ ਦਿਨ ਕੰਮ ਲਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਵਧਦੀ ਮਹਿੰਗਾਈ ਦੇ ਦੌਰ ਵਿੱਚ ਇੰਨੀ ਨਿਗੂਣੀ ਦਿਹਾੜੀ ਨਾਲ ਇਨ੍ਹਾਂ ਗਰੀਬ ਪਰਿਵਾਰਾਂ ਲਈ ਆਪਣੇ ਅਤੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਨਾ ਬੇਹੱਦ ਮੁਸ਼ਕਲ ਹੈ।

ਉਨ੍ਹਾਂ ਕਿਹਾ ਕਿ ਇਨ੍ਹਾਂ ਸਕੂਲਾਂ ਵਿੱਚ ਜੇਕਰ ਵਿਦਿਆਰਥੀਆਂ ਦੀ ਗਿਣਤੀ ਘਟਦੀ ਹੈ ਤਾਂ ਸਫਾਈ ਸੇਵਕਾਂ ਅਤੇ ਚੌਕੀਦਾਰਾਂ ਨੂੰ ਪ੍ਰਤੀ ਬੱਚਾ ਆਧਾਰਿਤ ਰਕਮ ਵੀ ਘੱਟ ਦਿੱਤੀ ਜਾਂਦੀ ਹੈ, ਜਦੋਂਕਿ ਵਿਦਿਆਰਥੀਆਂ ਦੀ ਗਿਣਤੀ ਵਧਣ ਦੇ ਬਾਵਜੂਦ ਉਨ੍ਹਾਂ ਦੀ ਦਿਹਾੜੀ ਵਿੱਚ ਕੋਈ ਵਾਧਾ ਨਹੀਂ ਕੀਤਾ ਜਾਂਦਾ। ਉਨ੍ਹਾਂ ਇਸ ਪ੍ਰਬੰਧ ਨੂੰ ਦਿਹਾੜੀਦਾਰ ਕਾਮਿਆਂ ਨਾਲ ਬੇਇਨਸਾਫ਼ੀ ਦੱਸਦਿਆਂ ਸਰਕਾਰ ਤੋਂ ਇਸ ਮਾਮਲੇ ਵੱਲ ਤੁਰੰਤ ਧਿਆਨ ਦੇਣ ਦੀ ਮੰਗ ਕੀਤੀ।

ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਸਿਰਫ਼ ਸਕੂਲਾਂ ਵਿੱਚ ਕੰਮ ਕਰਦੇ ਕਾਮਿਆਂ ਦੀਆਂ ਸਮੱਸਿਆਵਾਂ ਤੱਕ ਸੀਮਤ ਨਹੀਂ ਹੈ, ਸਗੋਂ ਵੱਖ-ਵੱਖ ਵਿਭਾਗਾਂ ਵਿੱਚ ਕੰਮ ਕਰਦੇ ਦਰਜਾ ਚਾਰ ਕਰਮਚਾਰੀਆਂ ਦੇ ਮਸਲੇ ਵੀ ਉਠਾਏ ਜਾਂਦੇ ਹਨ।

ਇਸ ਮੌਕੇ ਸ੍ਰੀਮਤੀ ਗੁਰਮੀਤ ਕੌਰ ਜੈਤੋ, ਪ੍ਰਵੀਨ ਕੌਰ ਚੰਦਭਾਨ, ਸੁਨੀਤਾ ਕੌਰ ਸੇਵੇਵਾਲਾ, ਕਿਰਨਦੀਪ ਕੌਰ ਚੈਨਾ, ਗੁਰਮੀਤ ਸਿੰਘ ਚੰਦਭਾਨ ਅਤੇ ਰੂਪ ਸਿੰਘ ਦਬੜੀਖਾਨਾ ਹਾਜ਼ਰ ਸਨ।

ਇਸ ਮੌਕੇ ਸਰਕਾਰ ਤੋਂ ਸਫਾਈ ਸੇਵਕਾਂ ਨੇ ਮੰਗ ਕੀਤੀ ਗਈ ਕਿ ਵਧਦੀ ਮਹਿੰਗਾਈ ਨੇ ਪਹਿਲਾਂ ਹੀ ਆਮ ਲੋਕਾਂ ਦਾ ਕਚੂੰਮਰ ਕੱਢਿਆ ਹੋਇਆ ਹੈ।

ਅਜਿਹੇ ਹਾਲਾਤ ਵਿੱਚ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਸਫਾਈ ਸੇਵਕਾਂ, ਚੌਕੀਦਾਰਾਂ ਅਤੇ ਸਕੂਲਾਂ ਵਿੱਚ ਮਿਡ-ਡੇ ਮੀਲ ਤਿਆਰ ਕਰਨ ਵਾਲੇ ਕੁੱਕਾਂ ਦੀਆਂ ਮੁਸ਼ਕਲਾਂ ਵੱਲ ਵੀ ਸਰਕਾਰ ਨੂੰ ਗੰਭੀਰਤਾ ਨਾਲ ਧਿਆਨ ਦੇਣਾ ਚਾਹੀਦਾ ਹੈ, ਤਾਂ ਜੋ ਇਨ੍ਹਾਂ ਮਿਹਨਤੀ ਕਾਮਿਆਂ ਨੂੰ ਆਪਣੇ ਅਤੇ ਆਪਣੇ ਪਰਿਵਾਰਾਂ ਦਾ ਗੁਜ਼ਾਰਾ ਚਲਾਉਣ ਵਿੱਚ ਰਾਹਤ ਮਿਲ ਸਕੇ।

# ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਲਈ ਪਿੰਡ ਰੁੜਕੀ ਵਿਖੇ ਪਿੰਡ ਪੱਧਰੀ ਕੈਂਪ ਲਗਾਇਆ

**ਪਟਿਆਲਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਅਤੇ ਫਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਡਾ. ਦਾਰਾ ਸਿੰਘ ਮੁੱਖ ਖੇਤੀਬਾੜੀ ਅਫਸਰ ਪਟਿਆਲਾ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਬਲਾਕ ਖੇਤੀਬਾੜੀ ਅਫਸਰ ਡਾ. ਰਣਜੋਧ ਸਿੰਘ ਦੀ ਅਗਵਾਈ ਹੇਠ ਪਿੰਡ ਰੁੜਕੀ ਵਿਖੇ ਪਿੰਡ ਪੱਧਰੀ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਖੇਤੀਬਾੜੀ ਵਿਕਾਸ ਅਫਸਰ ਡਾ. ਅਨੁਰਾਗ ਅੱਤਰੀ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੀ ਸੁਚੱਜੀ ਸਾਭ ਸੰਭਾਲ, ਪਰਾਲੀ ਨੂੰ ਖੇਤ ਵਿੱਚ ਹੀ ਮਿਲਾਉਣ ਅਤੇ ਖੇਤੀਬਾੜੀ ਮਸ਼ੀਨਰੀ ਦੀ ਸੁਚੱਜੀ ਵਰਤੋਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਨੂੰ ਖੇਤ ਵਿੱਚ ਹੀ ਸੰਭਾਲ ਕੇ ਮਿੱਟੀ ਦੀ ਉਪਜਾਊ ਸ਼ਕਤੀ ਵਧਾਉਣ ਦੇ ਨਾਲ-ਨਾਲ ਵਾਤਾਵਰਣ ਦੀ ਸੁਰੱਖਿਆ ਵਿੱਚ ਵੀ ਯੋਗਦਾਨ ਪਾਇਆ ਜਾਵੇ।ਇਸ ਮੌਕੇ ਖੇਤੀਬਾੜੀ ਵਿਭਾਗ ਦੇ ਉਪ ਨਰੀਖਕ ਬਲਜਿੰਦਰ ਸਿੰਘ ਅਤੇ ਮਨਜੋਤ ਸਿੰਘ ਤੋਂ ਇਲਾਵਾ ਕਿਸਾਨ ਗੁਰਕਿਰਤ ਸਿੰਘ, ਜਸਪ੍ਰੀਤ ਸਿੰਘ ਅਤੇ ਹੋਰ ਕਿਸਾਨ ਵੀ ਹਾਜ਼ਰ ਸਨ। ਵਿਭਾਗੀ ਅਧਿਕਾਰੀਆਂ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਅਤੇ ਉਪਲਬਧ ਖੇਤੀ ਮਸ਼ੀਨਰੀ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ ਗਿਆ।

# ਸ਼ਰਧਾਲੂਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਵਿਧਾਇਕ ਕੋਹਲੀ ਨੇ ਤੀਰਥ ਯਾਤਰਾ ਬੱਸ ਕੀਤੀ ਰਵਾਨਾ

**ਪਟਿਆਲਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਟਿਆਲਾ ਤੋਂ ਸ਼ਰਧਾਲੂਆਂ ਨੂੰ ਤੀਰਥ ਅਸਥਾਨਾਂ ਦੇ ਦਰਸ਼ਨਾਂ ਲਈ ਲੈ ਕੇ ਜਾਣ ਵਾਲੀ ਬੱਸ ਨੂੰ ਅੱਜ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਰਸ਼ੂਰਾਮ ਚੌਂਕ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਦੌਰਾਨ ਵਾਰਡ ਨੰਬਰ 48 ਦੇ ਐੱਮ.ਸੀ. ਰਾਜੇਸ਼ ਕੁਮਾਰ (ਰਾਜੂ ਸਾਹਨੀ) ਵੀ ਮੌਜੂਦ ਰਹੇ।

ਵਿਧਾਇਕ ਕੋਹਲੀ ਨੇ ਕਿਹਾ ਕਿ ਤੀਰਥ ਯਾਤਰਾ ਲਈ ਰਵਾਨਾ ਹੋਈ ਇਹ ਬੱਸ ਖਾਟੂ ਸ਼ਿਆਮ ਅਤੇ ਸਾਲਾਸਰ ਬਾਲਾ ਜੀ ਦੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏਗੀ। ਉਨ੍ਹਾਂ ਦੱਸਿਆ ਕਿ ਯਾਤਰਾ ਨਾਲ ਸਬੰਧਤ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਅਤੇ ਸ਼ਰਧਾਲੂਆਂ ਤੋਂ ਕਿਸੇ ਤਰ੍ਹਾਂ ਦੀ ਕੋਈ ਰਕਮ ਨਹੀਂ ਲਈ ਜਾ ਰਹੀ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਹੁਣ ਤੱਕ ਵੱਡੀ ਗਿਣਤੀ ਵਿੱਚ ਸ਼ਰਧਾਲੂ ਵੱਖ-ਵੱਖ ਤੀਰਥ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ ਅਤੇ ਲਗਾਤਾਰ ਲੋਕ ਇਸ ਯਾਤਰਾ ਦਾ ਲਾਭ ਲੈਣ ਲਈ ਆਪਣੇ ਇਲਾਕੇ ਦੇ ਆਗੂਆਂ ਨਾਲ ਸੰਪਰਕ ਕਰ ਰਹੇ ਹਨ।ਬੱਸ ਰਵਾਨਾ ਹੋਣ ਮੌਕੇ ਸ਼ਰਧਾਲੂਆਂ ਵਿੱਚ ਖਾਸਾ ਉਤਸ਼ਾਹ ਨਜ਼ਰ ਆਇਆ। ਯਾਤਰਾ 'ਤੇ ਜਾ ਰਹੀਆਂ ਸੰਗਤਾਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦਾ ਧੰਨਵਾਦ ਕੀਤਾ।



ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਲੋਕਾਂ ਨੂੰ ਦੇਸ਼ ਦੇ ਵੱਖ-ਵੱਖ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਖਦ ਮੌਕਾ ਮਿਲ ਰਿਹਾ ਹੈ।

# ਜ਼ਿਲ੍ਹਾ ਤੇ ਸੈਸ਼ਨ ਜੱਜ ਅਵਤਾਰ ਸਿੰਘ ਵੱਲੋਂ ਨਾਭਾ ਜੇਲ੍ਹਾਂ ਦਾ ਦੌਰਾ, ਕੈਦੀਆਂ ਦੀਆਂ ਸਮੱਸਿਆਵਾਂ ਸੁਣੀਆ

**ਪਟਿਆਲਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਅਤੇ ਸੈਸ਼ਨ ਜੱਜ, ਪਟਿਆਲਾ ਸ਼੍ਰੀ ਅਵਤਾਰ ਸਿੰਘ ਜੀਆਂ ਨੇ ਮੈਡਮ ਅਮਨਦੀਪ ਕੰਬੋਜ, ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਨਾਲ ਨਵੀਂ ਜਿਲ੍ਹਾ ਜੇਲ ਨਾਭਾ ਅਤੇ ਓਪਨ ਏਅਰ ਜੇਲ, ਨਾਭਾ ਦਾ ਦੌਰਾ ਕੀਤਾ। ਇਸ ਦੌਰੇ ਦੌਰਾਨ ਜ਼ਿਲ੍ਹਾ ਅਤੇ ਸੈਸ਼ਨ ਜੱਜ, ਪਟਿਆਲਾ, ਸ਼੍ਰੀ ਅਵਤਾਰ ਸਿੰਘ ਨੇ ਨਿੱਜੀ ਤੌਰ ਤੇ ਹਰੇਕ ਬੈਰਕ ਦਾ ਦੌਰਾ ਕੀਤਾ।



ਕੈਦੀਆਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਹੱਲ ਕਰਨ ਦੀ ਕੋਸ਼ਿਸ਼ ਵਜੋਂ, ਮਾਣਯੋਗ ਜੱਜ ਸਾਹਿਬਾਨ ਨੇ ਉਨ੍ਹਾਂ ਨਾਲ ਖਾਸ ਕਰਕੇ ਉਹਨਾਂ ਦੀ ਪੇਸ਼ਾਵਰ ਟ੍ਰੇਨਿੰਗ ਅਤੇ ਪੁਨਰਵਾਸ ਬਾਰੇ ਸਾਰਥਕ ਗੱਲਬਾਤ ਕੀਤੀ।

ਕੈਦੀਆਂ ਦੀਆਂ ਸ਼ਿਕਾਇਤਾਂ ਅਤੇ ਸਮੱਸਿਆਵਾਂ ਨੂੰ ਹੱਲ ਕਰਨ ਅਤੇ ਕੈਦੀਆਂ ਲਈ ਢੁਕਵੀਆਂ ਸਿਹਤ ਅਤੇ ਡਾਕਟਰੀ ਸਹੂਲਤਾਂ ਨੂੰ ਯਕੀਨੀ ਬਣਾਉਣ ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਇਸ ਸੰਬੰਧੀ ਜੇਲ੍ਹ ਅਧਿਕਾਰੀਆਂ ਅਤੇ ਸਟਾਫ ਨੂੰ ਜ਼ਰੂਰੀ ਹਦਾਇਤਾਂ ਵੀ ਦਿੱਤੀਆਂ ਗਈਆਂ।

ਇਸ ਮੌਕੇ ਚੀਫ ਜੁਡੀਸ਼ੀਅਲ ਮੈਜਿਸਟਰੇਟ ਕਮ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਮੈਡਮ ਅਮਨਦੀਪ ਕੰਬੋਜ ਨੇ ਲੋੜਵੰਦਾਂ ਲਈ ਮੁਫ਼ਤ ਕਾਨੂੰਨੀ ਸਹਾਇਤਾ ਦੀ ਉਪਲਬਧਤਾ ਤੇ ਵੀ ਚਾਨਣਾ ਪਾਇਆ।

ਉਨ੍ਹਾਂ ਅੱਗੇ ਦੱਸਿਆ ਕਿ ਸਹਾਇਤਾ ਮੰਗਣ ਵਾਲੇ ਵਿਅਕਤੀ ਪਟਿਆਲਾ ਵਿਖੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨਾਲ ਸੰਪਰਕ ਕਰਨ ਲਈ ਨਿੱਜੀ ਤੌਰ ਤੇ ਜਾਂ 0175-2306500 ਤੇ ਫੋਨ ਰਾਹੀਂ ਸੰਪਰਕ ਕਰ ਸਕਦੇ ਹਨ।

ਇਸ ਤੋਂ ਇਲਾਵਾ, ਉਨ੍ਹਾਂ ਨੇ ਸਹਾਇਤਾ ਲਈ ਨਾਲਸਾ ਹੈਲਪਲਾਈਨ ਨੰਬਰ 15100 ਤੇ ਸੰਪਰਕ ਕਰਨ ਬਾਰੇ ਜਾਣਕਾਰੀ ਦਿੱਤੀ।

# ਪੀਏਯੂ ਦੇ ਗਰਾਊਂਡਾਂ ਦੀ ਦੁਰਵਰਤੋਂ ਬੰਦ ਕਰੇ ਪੰਜਾਬ ਸਰਕਾਰ : ਪਵਨ ਦੀਵਾਨ

**ਲੁਧਿਆਣਾ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ (ਸ਼ਹਿਰੀ) ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਪੰਜਾਬ ਸਰਕਾਰ ਵੱਲੋਂ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀਏਯੂ) ਦੇ ਗਰਾਊਂਡਾਂ ਨੂੰ ਗੈਰ-ਵਿੱਦਿਅਕ ਸਮਾਗਮਾਂ ਲਈ ਵਰਤਣ ਦੀ ਨਿੰਦਾ ਕੀਤੀ ਹੈ।



ਦੀਵਾਨ ਨੇ ਕਿਹਾ ਕਿ 28 ਸਤੰਬਰ ਨੂੰ 'ਜਸ਼ਨ-ਏ-ਇਨਕਲਾਬ' ਸਮਾਗਮ ਲਈ ਪੀਏਯੂ ਦੇ ਖੇਡ ਮੈਦਾਨਾਂ ਦੀ ਵਰਤੋਂ ਕਾਰਨ ਵਿਦਿਆਰਥੀਆਂ ਅਤੇ ਖਿਡਾਰੀਆਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਹੁਣ 29 ਅਕਤੂਬਰ ਤੋਂ 5 ਨਵੰਬਰ ਤੱਕ ਸਰਸ ਮੇਲਾ ਵੀ ਪੀਏਯੂ ਦੇ ਗਰਾਊਂਡਾਂ ਵਿੱਚ ਕਰਵਾਉਣ ਦਾ ਐਲਾਨ ਕੀਤਾ ਗਿਆ ਹੈ, ਜੋ ਯੂਨੀਵਰਸਿਟੀ ਦੇ ਵਿੱਦਿਅਕ ਅਤੇ ਖੇਡ ਮਾਹੌਲ ਲਈ ਠੀਕ ਨਹੀਂ ਹੈ।

ਉਨ੍ਹਾਂ ਕਿਹਾ ਕਿ ਪੀਏਯੂ ਸਿੱਖਿਆ, ਖੋਜ ਅਤੇ ਵਿਗਿਆਨਕ ਤਰੱਕੀ ਦਾ ਪ੍ਰਮੁੱਖ ਕੇਂਦਰ ਹੈ ਅਤੇ ਇਸਦੇ ਕੈਂਪਸ ਨੂੰ ਸਿਆਸੀ ਜਾਂ ਵਪਾਰਕ ਤਮਾਸ਼ਿਆਂ ਲਈ ਵਰਤਣ ਦੀ ਬਜਾਏ ਵਿਦਿਆਰਥੀਆਂ ਅਤੇ ਖਿਡਾਰੀਆਂ ਲਈ ਰਾਖਵਾਂ ਰੱਖਿਆ ਜਾਣਾ ਚਾਹੀਦਾ ਹੈ। ਦੀਵਾਨ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਤੋਂ ਦਖ਼ਲ ਦੀ ਮੰਗ ਕਰਦਿਆਂ ਸਰਸ ਮੇਲਾ ਪੀਏਯੂ ਦੇ ਗਰਾਊਂਡਾਂ ਵਿੱਚ ਕਰਵਾਉਣ ਦੀ ਇਜਾਜ਼ਤ ਨਾ ਦੇਣ ਦੀ ਅਪੀਲ ਕੀਤੀ।

# ਪਾਰਕ ਸਿੰਘ ਦੇ ਪ੍ਰਧਾਨ ਬਣਨਾ ਕਾਂਗਰਸ ਪਾਰਟੀ ਵਿੱਚ ਆਇਆ ਨਵਾਂ ਜੋਸ਼ ਅਤੇ ਉਤਸ਼ਾਹ: ਸੁਖਦੀਪ ਬਾਜਵਾ

**ਮਾਛੀਵਾੜਾ ਸਾਹਿਬ, 12 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬਲਾਕ ਮਾਛੀਵਾੜਾ ਸੀਨੀਅਰ ਵਾਈਸ ਪ੍ਰਧਾਨ ਕਾਂਗਰਸ ਪਾਰਟੀ ਸੁਖਦੀਪ ਸਿੰਘ ਬਾਜਵਾ ਨੇ ਪ੍ਰਗਟ ਸਿੰਘ ਦੇ ਪੰਜਾਬ ਪ੍ਰਧਾਨ ਬਣਨ ਤੇ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਇਹ ਨਿਯੁਕਤੀ ਨਾਲ ਪੰਜਾਬ ਕਾਂਗਰਸ ਵਿੱਚ ਖਾਸ ਤੌਰ ਤੇ ਨੌਜਵਾਨਾਂ ਵਿੱਚ ਇੱਕ ਨਵਾਂ ਜੋਸ਼ ਅਤੇ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ,ਜੋ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਲਈ ਬੇਹਦ ਲਾਹੇਬੰਦ ਸਾਬਿਤ ਹੋਵੇਗਾ। ਉਹਨਾਂ ਕਿਹਾ ਕਿ ਆਲ ਇੰਡੀਆ ਕਾਂਗਰਸ ਕਮੇਟੀ ਅਤੇ ਪਾਰਟੀ ਹਾਈ ਕਮਾਂਡ ਨੇ ਦੂਰ ਅੰਦੇਸ਼ੀ ਵਾਲੇ ਸੋਚ ਨਾਲ ਇਹ ਬਹੁਤ ਵਧੀਆ ਸ਼ਲਾਘਾਯੋਗ ਫੈਸਲਾ ਕੀਤਾ ਹੈ, ਜਿਸ ਦਾ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਭਰਪੂਰ ਲਾਭ ਮਿਲੇਗਾ।
ਉਹਨਾਂ ਕਿਹਾ ਕਿ ਮੌਜੂਦਾ ਸਮੇਂ ਕਾਂਗਰਸ ਪਾਰਟੀ ਦਾ ਉਤਸ਼ਾਹ ਅਤੇ ਜੋਸ਼ 2027 ਦੀਆਂ ਚੋਣਾਂ ਲਈ ਅਹਿਮ ਰੋਲ ਅਦਾ ਕਰੇਗਾ। ਉਹਨਾਂ ਕਿਹਾ ਕਿ ਮੌਜੂਦਾ ਸਮੇਂ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਹਰ ਫਰੈਂਡ ਤੇ ਬੁਰੀ ਤਰ੍ਹਾਂ ਫੇਲ ਸਾਬਿਤ ਹੋਈ ਹੈ। ਕਿਉਂਕਿ ਇਸ ਸਰਕਾਰ ਦੇ ਸਮੇਂ ਦੌਰਾਨ ਜਿੱਥੇ ਭ੍ਰਿਸ਼ਟਾਚਾਰ ਵਿੱਚ ਹੱਦੋਂ ਵੱਧ ਵਾਧਾ ਹੋਇਆ ਹੈ ,ਉੱਥੇ ਹੀ ਗੈਂਗਸਟਰ ਅਤੇ ਨਸ਼ਿਆਂ ਵਿੱਚ ਵੀ ਚੋਖਾ ਵਾਧਾ ਹੋਇਆ। ਆਪ ਦੀ ਸਰਕਾਰ ਤੋਂ ਪੰਜਾਬ ਦੀ ਜਨਤਾ ਬੁਰੀ ਤਰ੍ਹਾਂ ਦੁਖੀ ਹੈ ਅਤੇ 2027 ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਨੂੰ ਬਹੁਮਤ ਨਾਲ ਜਿਤਾਵੇਗੀ।



# ਹੈਰੋਇਨ ਸਮੱਗਲਰ ਓਂਕਾਰ ਸਿੰਘ ਤੇ ਗੁਰਦੇਵ ਸਿੰਘ ਨੂੰ 12 ਸਾਲ ਦੀ ਕੈਦ ਤੇ ਇਕ ਲੱਖ ਰੁਪਏ ਜੁਰਮਾਨਾ

ਕੌਮੀ ਪਤ੍ਰਿਕਾ

\ਅੰਮ੍ਰਿਤਸਰ 12 ਅਕਤੂਬਰ। ਐੱਨ. ਸੀ. ਬੀ. ਵੱਲੋਂ 2 ਕਿਲੋ ਹੈਰੋਇਨ ਨਾਲ ਗ੍ਰਿਫ਼ਤਾਰ ਕੀਤੇ ਗਏ ਸਮੱਗਲਰਾਂ ਓਂਕਾਰ ਸਿੰਘ ਅਤੇ ਗੁਰਦੇਵ ਸਿੰਘ ਨੂੰ ਸਪੈਸ਼ਲ ਕੋਰਟ ਅੰਮ੍ਰਿਤਸਰ ਵੱਲੋਂ ਮਾਣਯੋਗ ਜੱਜ ਸੰਜੀਵ ਕੁੰਡੀ ਦੀ ਅਦਾਲਤ ਨੇ 12 ਸਾਲ ਦੀ ਸਖ਼ਤ ਕੈਦ ਦੀ ਸਜ਼ਾ ਸੁਣਾਈ ਹੈ। ਇਸ ਤੋਂ ਇਲਾਵਾ 1,00,000 ਰੁਪਏ ਜੁਰਮਾਨਾ ਵੀ ਕੀਤਾ ਗਿਆ ਹੈ। ਜੁਰਮਾਨਾ ਅਦਾ ਨਾ ਕਰਨ ’ਤੇ ਸਜ਼ਾ ਹੋਰ ਵੀ ਵਧ ਸਕਦੀ ਹੈ। ਇਸ ਦੇ ਨਾਲ-ਨਾਲ ਸਮੱਗਲਰਾਂ ਵੱਲੋਂ ਹੈਰੋਇਨ ਨੂੰ ਟਿਕਾਣੇ ਲਾਉਣ ਲਈ ਵਰਤਿਆ ਵਾਹਨ ਵੀ ਜ਼ਬਤ ਕਰਨ ਦੇ ਹੁਕਮ ਜਾਰੀ ਕੀਤੇ ਹਨ। ਇਸ ਮਾਮਲੇ ’ਚ ਸਮੇਂ-ਸਮੇਂ ’ਤੇ ਐੱਨ. ਸੀ. ਬੀ. ਦੇ ਅਧਿਕਾਰੀਆਂ, ਜਿਨ੍ਹਾਂ ’ਚ ਇੰਸਪੈਕਟਰ ਰੈਂਕ ਅਤੇ ਸੁਪਰਡੈਂਟ ਰੈਂਕ ਤੋਂ ਇਲਾਵਾ ਆਈ. ਪੀ. ਐੱਸ. ਅਧਿਕਾਰੀ ਕੌਸਤੁਭ ਸ਼ਰਮਾ ਵੱਲੋਂ ਵੀ ਪੈਰਵੀ ਕੀਤੀ ਗਈ ਸੀ ਅਤੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ’ਚ ਅਹਿਮ ਭੂਮਿਕਾ ਨਿਭਾਈ ਗਈ। 31 ਮਾਰਚ 2017 ਨੂੰ ਐੱਨ. ਸੀ. ਬੀ. ਅੰਮ੍ਰਿਤਸਰ ਜ਼ੋਨਲ ਦੀ ਟੀਮ ਨੂੰ ਪੁਖ਼ਤਾ ਸੂਚਨਾ ਮਿਲੀ ਸੀ ਕਿ ਓਂਕਾਰ ਸਿੰਘ ਵਾਸੀ ਘਰਿੰਡਾ ਕਸਬਾ ਅਟਾਰੀ ਅਤੇ ਗੁਰਦੇਵ ਸਿੰਘ ਵਾਸੀ ਅਜਨਾਲਾ ਆਪਣੀ ਟੋਇਟਾ ਇਨੋਵਾ, ਜਿਸ ਦਾ ਨੰਬਰ 3941 ਸੀ, ਉਸ ’ਚ ਹੈਰੋਇਨ ਦੀ ਖੇਪ ਲੈ ਕੇ ਕਿਸੇ ਅਣਪਛਾਤੇ ਵਿਅਕਤੀ ਨੂੰ ਡਲਿਵਰ ਕਰਨ ਲਈ ਜਾ ਰਹੇ ਹਨ। ਸੂਚਨਾ ਦੇ ਆਧਾਰ ’ਤੇ ਵਿਭਾਗ ਵੱਲੋਂ ਇਕ ਸਪੈਸ਼ਲ ਟੀਮ ਬਣਾਈ ਗਈ ਅਤੇ ਟਰੈਪ ਲਾ ਕੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਦੋਸ਼ੀਆਂ ਨੇ ਆਪਣੀ ਇਨੋਵਾ ਕਾਰ ਦੀ ਪਿਛਲੀ ਸੀਟ ’ਚ ਇਕ ਕੈਵਿਟੀ ਬਣਾ ਕੇ ਹੈਰੋਇਨ ਨੂੰ ਬੜੇ ਹੀ ਸ਼ਾਤਿਰਾਨਾ ਤਰੀਕੇ ਨਾਲ ਛੁਪਾਇਆ ਹੋਇਆ ਸੀ, ਜਿਸ ਨੂੰ ਕੋਈ ਵੀ ਸਾਧਾਰਨ ਵਿਅਕਤੀ ਆਸਾਨੀ ਨਾਲ ਦੇਖ ਨਹੀਂ



ਸਕਦਾ ਸੀ ਪਰ ਐੱਨ. ਸੀ. ਬੀ. ਦੇ ਤਜਰਬੇਕਾਰ ਅਧਿਕਾਰੀਆਂ ਵੱਲੋਂ ਦੋਸ਼ੀਆਂ ਨੂੰ ਮੌਕੇ ’ਤੇ ਗ੍ਰਿਫ਼ਤਾਰ ਕੀਤਾ ਗਿਆ ਅਤੇ ਹੈਰੋਇਨ ਦੀ ਰਿਕਵਰੀ ਕੀਤੀ ਗਈ। ਸ਼ੁਰੂਆਤੀ ਜਾਂਚ ’ਚ ਇਹ ਵੀ ਪਤਾ ਲੱਗਾ ਕਿ ਓਂਕਾਰ ਸਿੰਘ, ਜੋ ਕਿ ਘਰਿੰਡਾ ਥਾਣੇ ਦੇ ਖੇਤਰ ’ਚ ਆਉਂਦਾ ਹੈ ਅਤੇ ਭਾਰਤ-ਪਾਕਿਸਤਾਨ ਬਾਰਡਰ ਦੇ ਨੇੜਲੇ ਪਿੰਡ ’ਚ ਰਹਿੰਦਾ ਹੈ, ਉਸ ਵੱਲੋਂ ਡਰੋਨ ਰਾਹੀਂ ਹੈਰੋਇਨ ਦੀ ਖੇਪ ਮੰਗਵਾਈ ਗਈ ਸੀ। ਉਕਤ ਦੋਸ਼ੀ ਪਹਿਲਾਂ ਵੀ ਹੈਰੋਇਨ ਦੀ ਖੇਪ ਮੰਗਵਾ ਚੁੱਕੇ ਸਨ ਅਤੇ ਡਲਿਵਰ ਕਰ ਚੁੱਕੇ ਸਨ ਪਰ ਪੁਲਸ ਦੇ ਸ਼ਿਕੰਜੇ ’ਚ ਨਹੀਂ ਆ ਰਹੇ ਸਨ। ਐੱਨ. ਸੀ. ਬੀ. ਦੇ ਸੀਨੀਅਰ ਅਧਿਕਾਰੀ ਅਮਨਜੀਤ ਸਿੰਘ (ਆਈ. ਆਰ. ਐੱਸ.) ਨੇ ਦੱਸਿਆ ਕਿ ਵਿਭਾਗ ਵੱਲੋਂ ਨਸ਼ਿਆਂ ਦੀ ਆਮਦ ਅਤੇ ਨਸ਼ੇ ਦੀ ਵਿਕਰੀ ਦੇ ਖ਼?ਲਾਫ਼ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾ ਰਹੀ ਹੈ ਅਤੇ ਨਸ਼ਾ ਸਮੱਗਲਰਾਂ ਨੂੰ ਗ੍ਰਿਫ਼ਤਾਰ ਕਰਨ ਦੇ ਨਾਲ-ਨਾਲ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿਵਾਉਣ ਲਈ ਵੀ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ’ਚ ਵਿਭਾਗ ਦੀਆਂ ਵੱਖ-ਵੱਖ ਟੀਮਾਂ ਵੱਲੋਂ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ੇ ਦੀ ਰੋਕਥਾਮ ਕਰਨ ਲਈ ਕੇਂਦਰ ਸਰਕਾਰ ਵੱਲੋਂ ਟੋਲ ਫ?ਰੀ ਨੰਬਰ 1933 ਵੀ ਸਥਾਪਿਤ ਕੀਤਾ ਗਿਆ ਹੈ, ਜਿੱਥੇ ਕੋਈ ਵੀ ਵਿਅਕਤੀ ਨਸ਼ੇ ਦੀ ਵਿਕਰੀ ਕਰਨ ਵਾਲਿਆਂ ਜਾਂ ਨਸ਼ੇ ਦਾ ਸੇਵਨ ਕਰਨ ਵਾਲਿਆਂ ਖ਼?ਲਾਫ਼ ਜਾਣਕਾਰੀ ਦੇ ਸਕਦਾ ਹੈ। ਵਿਭਾਗ ਵੱਲੋਂ ਸੂਚਨਾ ਦੇਣ ਵਾਲੇ ਦਾ ਨਾਂ ਅਤੇ ਪਤਾ ਵੀ ਗੁਪਤ ਰੱਖਿਆ ਜਾਂਦਾ ਹੈ। ਉਥੇ ਹੀ ਐੱਨ. ਸੀ. ਬੀ. ਦੇ ਅਧਿਕਾਰੀ ਅਮਨਜੀਤ ਸਿੰਘ ਦੀ ਗੱਲ ਕਰੀਏ ਤਾਂ ਉਹ ਇਸ ਤੋਂ ਪਹਿਲਾਂ ਕਸਟਮ ਵਿਭਾਗ ’ਚ ਐਂਟੀ ਸਮੱਗਲਿੰਗ ਵਿੰਗ ’ਚ ਤਾਇਨਾਤੀ ਦੌਰਾਨ ਹੈਰੋਇਨ ਸਮੱਗਲਿੰਗ ਦੇ ਵੱਡੇ-ਵੱਡੇ ਕੇਸ ਬਣਾ ਚੁੱਕੇ ਹਨ। ਸਾਲ 2016 ਦੌਰਾਨ ਵੀ ਅਮਨਜੀਤ ਸਿੰਘ ਵੱਲੋਂ ਐਂਟੀ ਸਮੱਗਲਿੰਗ ਵਿੰਗ ’ਚ ਤਾਇਨਾਤੀ ਦੌਰਾਨ 22 ਕਿਲੋ ਹੈਰੋਇਨ ਦੀ ਇਕ ਵੱਡੀ ਖੇਪ ਫੜੀ ਗਈ ਸੀ ਅਤੇ ਉਨ੍ਹਾਂ ਦੇ ਜਾਣ ਤੋਂ ਬਾਅਦ ਕਸਟਮ ਵਿਭਾਗ ਵੱਲੋਂ ਐਂਟੀ ਸਮੱਗਲਿੰਗ ਵਿੰਗ ’ਚ ਕੋਈ ਵੀ ਵੱਡਾ ਕੇਸ ਨਹੀਂ ਬਣਾਇਆ ਗਿਆ।

# ਇਸ ਮੂਲਾਂਕ ਦੇ ਲੋਕ ਨਹੀਂ ਬਣ ਪਾਉਂਦੇ ਕਦੇ ਚੰਗੇ ਬੌਸ, ਬੌਸ ਬਣਦਿਆਂ ਹੀ ਟੀਮ ’ਤੇ ਦਿਖਾਉਂਦੇ ਹਨ ਆਪਣਾ ਰੋਹ ਤੇ ਰਹਿੰਦੇ ਹਨ ਇਨਸਿਕਿਓਰ

ਨਵੀਂ ਦਿੱਲੀ 12 ਅਕਤੂਬਰ। ਨਿਊਮੋਲੋਜੀ (ਅੰਕ ਜੋਤਿਸ਼) ਦੇ ਅਨੁਸਾਰ, ਜਿਨ੍ਹਾਂ ਲੋਕਾਂ ਦਾ ਜਨਮ ਕਿਸੇ ਵੀ ਮਹੀਨੇ ਦੀ 3, 12, 21 ਜਾਂ 30 ਤਾਰੀਖ਼ ਨੂੰ ਹੁੰਦਾ ਹੈ, ਉਨ੍ਹਾਂ ਦਾ ਮੂਲਾਂਕ 3 ਮੰਨਿਆ ਜਾਂਦਾ ਹੈ। ਅੰਕ ਜੋਤਿਸ਼ ਵਿੱਚ ਇਸ ਅੰਕ ਦਾ ਸੰਬੰਧ ਬ੍ਰਹਸਪਤੀ ਯਾਨੀ ਗੁਰੂ ਗ੍ਰਹਿ ਨਾਲ ਮੰਨਿਆ ਗਿਆ ਹੈ। ਅਜਿਹੀ ਮਾਨਤਾ ਹੈ ਕਿ ਮੂਲਾਂਕ 3 ਵਾਲੇ ਲੋਕਾਂ ਵਿੱਚ ਗਿਆਨ, ਆਤਮਵਿਸ਼ਵਾਸ ਅਤੇ ਅਗਵਾਈ ਕਰਨ ਦੀ ਸਮਰੱਥਾ ਤਾਂ ਹੁੰਦੀ ਹੈ ਪਰ ਕਈ ਵਾਰ ਇਨ੍ਹਾਂ ਉੱਤੇ ਬ੍ਰਹਸਪਤੀ ਗ੍ਰਹਿ ਦੇ ਕੁਝ ਗੁਣ ਹਾਵੀ ਹੋ ਜਾਂਦੇ ਹਨ। ਇਹ ਲੋਕ ਖ਼ੁਦ ਨੂੰ ਸਭ ਤੋਂ ਵੱਡਾ ਗਿਆਨੀ ਮੰਨ ਬੈਠਦੇ ਹਨ ਅਤੇ ਇਸ ਗੱਲ ਦਾ ਇਨ੍ਹਾਂ ਨੂੰ ਹੰਕਾਰ ਹੋ ਜਾਂਦਾ ਹੈ ਕਿ ਇਨ੍ਹਾਂ ਨੂੰ ਸਭ ਕੁਝ ਆਉਂਦਾ ਹੈ। ਆਓ ਜਾਣਦੇ ਹਾਂ ਕਿ ਟੀਮ ਨਾਲ ਕਿਵੇਂ ਹੁੰਦੇ ਹਨ ਇਨ੍ਹਾਂ ਦੇ ਸੰਬੰਧ। ਮੂਲਾਂਕ 3 ਵਾਲੇ ਸਿਰਫ਼ ਗਿਆਨ ਦੀਆਂ ਗੱਲਾਂ ਕਰਦੇ ਹਨ। ਅਜਿਹੇ ਲੋਕ ਆਪਣੇ ਤਜ਼ਰਬੇ ਅਤੇ ਜਾਣਕਾਰੀ ’ਤੇ ਕਾਫ਼ੀ ਭਰੋਸਾ ਕਰਦੇ ਹਨ। ਇਹ ਗੁਣ ਕਈ ਵਾਰ ਉਨ੍ਹਾਂ ਲਈ ਚੁਣੌਤੀ ਵੀ ਬਣ ਸਕਦਾ ਹੈ। ਅਜਿਹਾ ਨਹੀਂ ਹੋ ਸਕਦਾ ਕਿ ਹਰ ਵਾਰ ਤੁਸੀਂ ਸਹੀ ਹੋਵੋ। ਕਈ ਵਾਰ ਤੁਹਾਡੀ ਜਾਣਕਾਰੀ ਗਲਤ ਵੀ ਹੋ ਸਕਦੀ ਹੈ। ਅਜਿਹੇ ਵਿੱਚ ਟੀਮ ਦੀ ਵੀ ਸੁਣਨੀ ਚਾਹੀਦੀ ਹੈ। ਕੁਝ ਮਾਮਲਿਆਂ ਵਿੱਚ ਮੂਲਾਂਕ ਵਾਲਿਆਂ ਨੂੰ ਲੱਗਦਾ ਹੈ ਕਿ ਉਨ੍ਹਾਂ ਨੂੰ ਕਿਸੇ ਵਿਸ਼ੇ ਦੀ ਜਾਣਕਾਰੀ ਦੂਜਿਆਂ ਨਾਲੋਂ ਜ਼ਿਆਦਾ ਹੈ। ਇਸ ਕਾਰਨ ਉਹ ਟੀਮ ਦੇ ਨਵੇਂ ਵਿਚਾਰਾਂ ਨੂੰ ਤੁਰੰਤ ਸਵੀਕਾਰ ਨਹੀਂ ਕਰਦੇ। ਜੇਕਰ ਬੌਸ ਕਰਮਚਾਰੀਆਂ ਦੀ ਗੱਲ ਸੁਣਨ ਦੀ ਬਜਾਏ ਸਿਰਫ਼ ਆਪਣੀ ਰਾਏ ਨੂੰ ਸਹੀ ਮੰਨਣ ਲੱਗੇ ਤਾਂ ਟੀਮ ਵਿੱਚ ਅਸੰਤੋਸ਼ ਪੈਦਾ ਹੋ ਸਕਦਾ ਹੈ। ਮੂਲਾਂਕ 3 ਵਾਲੇ ਬੌਸ ਨੂੰ ਲੈ ਕੇ ਇੱਕ ਆਮ ਧਾਰਨਾ ਇਹ ਹੈ ਕਿ ਉਹ ਆਪਣੀ ਪਛਾਣ ਅਤੇ ਅਹੁਦੇ ਨੂੰ ਲੈ ਕੇ ਕਾਫ਼ੀ ਸਾਵਧਾਨ ਰਹਿੰਦੇ ਹਨ। ਜੇਕਰ ਟੀਮ ਵਿੱਚ ਕੋਈ ਕਰਮਚਾਰੀ ਲਗਾਤਾਰ ਵਧੀਆ ਪ੍ਰਦਰਸ਼ਨ ਕਰਦਾ ਹੈ, ਜ਼ਿਆਦਾ ਪ੍ਰਸ਼ੰਸਾ ਪਾਉਂਦਾ ਹੈ ਜਾਂ ਬੌਸ ਨਾਲੋਂ ਜ਼ਿਆਦਾ ਹਰਮਨਪਿਆਰਾ ਹੋ ਜਾਂਦਾ ਹੈ, ਤਾਂ ਕੁਝ ਸਥਿਤੀਆਂ ਵਿੱਚ ਬੌਸ ਨੂੰ ਉਸ ਵਿਅਕਤੀ ਤੋਂ ਅਸੁਰੱਖਿਆ ਮਹਿਸੂਸ ਹੋਣ ਲੱਗਦੀ ਹੈ। ਅਜਿਹੀ ਸਥਿਤੀ ’ਚ ਬੌਸ ਕਰਮਚਾਰੀਆਂ ਦੀਆਂ ਪ੍ਰਾਪਤੀਆਂ ਨੂੰ ਖੁੱਲ੍ਹ ਕੇ ਸਵੀਕਾਰ ਕਰਨ ਦੀ ਬਜਾਏ ਉਸ ਤੋਂ ਦੂਰੀ ਬਣਾਉਣ ਲੱਗਦਾ ਹੈ। ਮੂਲਾਂਕ 3 ਵਾਲੇ ਲੋਕ ਸੁਭਾਅ ਤੋਂ ਬਹੁਤ ਭਾਵੁਕ ਅਤੇ ਸੰਵੇਦਨਸ਼ੀਲ ਹੁੰਦੇ ਹਨ। ਇਸ ਲਈ ਇਨ੍ਹਾਂ ਦੇ ਮੂਡ ਵਿੱਚ ਬਦਲਾਅ ਹੁੰਦੇ ਰਹਿੰਦੇ ਹਨ। ਇੱਕ ਪਲ ਵਿੱਚ ਉਨ੍ਹਾਂ ਨੂੰ ਗੁੱਸਾ ਆ ਜਾਂਦਾ ਹੈ ਤਾਂ ਇੱਕ ਪਲ ਵਿੱਚ ਹੀ ਉਹ ਨਾਰਮਲ ਵੀ ਹੋ ਜਾਂਦੇ ਹਨ। ਅਜਿਹੇ ਵਿੱਚ ਜੇਕਰ ਮੂਲਾਂਕ 3 ਵਾਲੇ ਬੌਸ ਹੁੰਦੇ ਹਨ, ਤਾਂ ਉਨ੍ਹਾਂ ਦਾ ਵਿਵਹਾਰ ਕਦੇ ਬਹੁਤ ਦੋਸਤਾਨਾ ਅਤੇ ਕਦੇ ਅਚਾਨਕ ਸਖ਼ਤ ਹੋ ਜਾਂਦਾ ਹੈ, ਜਿਸ ਨਾਲ ਕਰਮਚਾਰੀਆਂ ਲਈ ਵੀ ਉਨ੍ਹਾਂ ਦਾ ਵਿਵਹਾਰ ਸਮਝਣਾ ਮੁਸ਼ਕਲ ਹੋ ਜਾਂਦਾ ਹੈ। ਇਸ ਲਈ ਅਜਿਹੇ ਬੌਸ ਲਈ ਭਾਵਨਾਵਾਂ ਨੂੰ ਕਾਬੂ ਵਿੱਚ ਰੱਖਣਾ ਅਤੇ ਫ਼ੈਸਲਿਆਂ ਵਿੱਚ ਨਿਰੰਤਰਤਾ ਬਣਾ ਕੇ ਰੱਖਣਾ ਫ਼ਾਇਦੇਮੰਦ ਹੁੰਦਾ ਹੈ। ਮੂਲਾਂਕ 3 ਦੇ ਲੋਕਾਂ ਲਈ ਇਹ ਵੀ ਕਿਹਾ ਜਾਂਦਾ ਹੈ ਕਿ ਉਹ ਆਪਣੀ ਗੱਲ ਸਿੱਧੇ ਅਤੇ ਸਪੱਸ਼ਟ ਤਰੀਕੇ ਨਾਲ ਰੱਖਦੇ ਹਨ। ਇਹ ਗੁਣ ਸਹੀ ਤਰੀਕੇ ਨਾਲ ਇਸਤੇਮਾਲ ਕੀਤਾ ਜਾਵੇ ਤਾਂ ਅਗਵਾਈ ਵਿੱਚ ਮਦਦਗਾਰ ਹੋ ਸਕਦਾ ਹੈ। ਪਰ ਜੇਕਰ ਗੱਲ ਬਹੁਤ ਕੌੜੇ ਜਾਂ ਸਖ਼ਤ ਅੰਦਾਜ਼ ਵਿੱਚ ਕਹੀ ਜਾਵੇ ਤਾਂ ਕਰਮਚਾਰੀ ਦਾ ਆਤਮਵਿਸ਼ਵਾਸ ਪ੍ਰਭਾਵਿਤ ਹੁੰਦਾ ਹੈ। ਬੌਸ ਲਈ ਜ਼ਰੂਰੀ ਹੈ ਕਿ ਉਹ ਗ਼ਲਤੀ ਦੱਸਦੇ ਸਮੇਂ ਵਿਅਕਤੀ ਨੂੰ ਨੀਚਾ ਦਿਖਾਉਣ ਦੀ ਬਜਾਏ ਸਮੱਸਿਆ ਅਤੇ ਉਸਦੇ ਹੱਲ ’ਤੇ ਗੱਲ ਕਰੇ।

# ਜ਼ਿਲ੍ਹਾ ਗੁਰਦਾਸਪੁਰ ’ਚ ਐੱਸ.ਆਈ.ਆਰ ਦਾ ਕੰਮ 100 ਫੀਸਦੀ ਮੁਕੰਮਲ

ਗੁਰਦਾਸਪੁਰ 12 ਅਕਤੂਬਰ। ਜ਼ਿਲ੍ਹਾ ਗੁਰਦਾਸਪੁਰ ’ਚ ਵੋਟਰ ਸੂਚੀਆਂ ਦੀ ਗਹਿਰੀ ਸੁਧਾਈ (ਐੱਸ.ਆਈ.ਆਰ) ਦਾ ਕੰਮ 100 ਫੀਸਦੀ ਮੁਕੰਮਲ ਹੋ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ, ਗੁਰਦਾਸਪੁਰ ਸ੍ਰੀ ਆਦਿਤਿਆ ਉੱਪਲ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਨੇ ਐੱਸ.ਆਈ. ਆਰ- 2026 ਦੀ ਪ੍ਰਕਿਰਿਆ ਪੂਰੀ ਕਰ ਲਈ ਹੈ। ਉਨ੍ਹਾਂ ਦੱਸਿਆ ਕਿ 13 ਸਤੰਬਰ 2026 ਨੂੰ ਪ੍ਰਕਾਸ਼ਿਤ ਖਰੜਾ ਵੋਟਰ ਸੂਚੀ ਵਿੱਚ 11,85,209 ਵੋਟਰ ਸਨ। ਇਨ੍ਹਾਂ ਵਿੱਚੋਂ 1,76,085 ਵੋਟਰਾਂ ਨੂੰ ਨੋਟਿਸ ਜਾਰੀ ਕੀਤੇ ਗਏ ਸਨ ਕਿਉਂਕਿ ਇਨ੍ਹਾਂ ਵੋਟਰਾਂ ਦਾ ਵੇਰਵਾ ਪਿਛਲੇ ਐੱਸ.ਆਈ.ਆਰ ਡੇਟਾ ਨਾਲ ਮੇਲ ਨਹੀਂ ਖਾਂਦਾ ਸੀ ਜਾਂ ਉਨ੍ਹਾਂ ਦੇ ਵੇਰਵਿਆਂ ਵਿੱਚ ਤਰਕਪੂਰਨ ਖ਼ਾਮੀਆਂ ਸਨ। ਉਨ੍ਹਾਂ ਦੱਸਿਆ ਕਿ ਸੁਣਵਾਈ ਦੀ ਪ੍ਰਕਿਰਿਆ 100 ਫੀਸਦੀ ਮੁਕੰਮਲ ਕਰਨ ਤੋਂ ਬਾਅਦ, 1,72,938 ਵੋਟਰਾਂ ਨੂੰ ਯੋਗ ਕਰਾਰ ਦਿੱਤਾ ਗਿਆ ਅਤੇ 12 ਅਕਤੂਬਰ 2026 ਨੂੰ ਪ੍ਰਕਾਸ਼ਿਤ ਹੋਣ ਵਾਲੀ ਅੰਤਿਮ ਵੋਟਰ ਸੂਚੀ ਵਿੱਚ ਸ਼ਾਮਲ ਕੀਤਾ



ਗਿਆ। ਸ੍ਰੀ ਆਦਿਤਿਆ ਉੱਪਲ ਨੇ ਦੱਸਿਆ ਕਿ ਦਾਅਵਿਆਂ ਅਤੇ ਇਤਰਾਜ਼ਾਂ ਦੀ ਮਿਆਦ ਦੌਰਾਨ ਨਾਮ ਸ਼ਾਮਲ ਕਰਨ ਲਈ ਲੱਗਭਗ 65782 ਨਵੇਂ ਦਾਅਵੇ ਪ੍ਰਾਪਤ ਹੋਏ ਸਨ। ਇਨ੍ਹਾਂ ਵਿੱਚੋਂ ਸਿਰਫ਼ 13765 ਦਾਅਵੇ ਹੀ ਬਕਾਇਆ ਹਨ ਅਤੇ ਇਹ ਕੰਮ 5 ਅਕਤੂਬਰ 2026 ਤੱਕ ਮੁਕੰਮਲ ਕਰ ਲਿਆ ਜਾਵੇਗਾ ਤਾਂ ਜੋ ਅੰਤਿਮ ਵੋਟਰ ਸੂਚੀ ਸਮੇਂ ਸਿਰ ਛਾਪੀ ਜਾ ਸਕੇ। ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਇਹ ਯਕੀਨੀ ਬਣਾਉਣ ਲਈ ਕਿ ਹਰੇਕ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਹੋਵੇ, ਵੋਟਰਾਂ ਦੀ ਸਹੂਲਤ ਲਈ ਬੂਥ ਪੱਧਰੀ ਅਫਸਰ ਦਾਅਵਿਆਂ ਅਤੇ ਇਤਰਾਜ਼ਾਂ ਦੇ ਮਾਮਲਿਆਂ ਵਿੱਚ ਵੋਟਰਾਂ ਨਾਲ ਸੰਪਰਕ ਕਰਨਗੇ ਅਤੇ ਲੋੜੀਂਦੇ ਦਸਤਾਵੇਜ਼ ਸਿੱਧੇ ਉਨ੍ਹਾਂ ਤੋਂ ਇਕੱਤਰ ਕਰਨਗੇ। ਇਸ ਪ੍ਰਬੰਧ ਨਾਲ ਵੋਟਰਾਂ ਨੂੰ ਦਸਤਾਵੇਜ਼ ਜਮ?ਹਾਂ ਕਰਵਾਉਣ ਲਈ ਚੋਣ ਰਜਿਸਟਰੇਸ਼ਨ ਅਫਸਰਾਂ ਦੇ ਦਫ਼ਤਰਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ। ਵੋਟਰਾਂ ਦੀ ਸਹੂਲਤ ਅਤੇ ਵੋਟਰ ਸੂਚੀ ਨਾਲ ਸਬੰਧਤ ਉਨ੍ਹਾਂ ਦੇ ਸਵਾਲਾਂ ਅਤੇ ਸ਼ੰਕਿਆਂ ਦੇ ਨਿਪਟਾਰੇ ਲਈ ਜ਼ਿਲ੍ਹੇ ਭਰ ਵਿੱਚ ਜ਼ਿਲ੍ਹਾ ਚੋਣ ਅਫ਼ਸਰ ਅਤੇ ਚੋਣ ਰਜਿਸਟਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਹੈਲਪ ਡੈਸਕ’ ਵੀ ਸਥਾਪਿਤ ਕੀਤੇ ਗਏ ਹਨ। ਸ੍ਰੀ ਆਦਿਤਿਆ ਉੱਪਲ ਨੇ ਕਿਹਾ ਕਿ ਜ਼ਿਲ੍ਹਾ ਚੋਣ ਅਫ਼ਸਰ, ਗੁਰਦਾਸਪੁਰ ਦਾ ਦਫ਼ਤਰ, ਸਮੁੱਚੇ ਚੋਣ ਅਮਲੇ ਦੇ ਸਹਿਯੋਗ ਨਾਲ, ਇਸ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਸਮੇਂ ਸਿਰ ਮੁਕੰਮਲ ਕਰਨ ਲਈ ਪੂਰੀ ਵਾਹ ਲਾ ਰਿਹਾ ਹੈ। ਉਨ੍ਹਾਂ ਨੇ ਸਾਰੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੀ.ਐੱਲ.ਓਜ਼ ਅਤੇ ਹੋਰ ਚੋਣ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਦੇਣ ਅਤੇ ਚੋਣ ਪ੍ਰਕਿਰਿਆ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਵਿੱਚ ਸਹਾਇਤਾ ਲਈ ਲੋੜ ਪੈਣ ’ਤੇ ਲੋੜੀਂਦੇ ਦਸਤਾਵੇਜ਼ ਤੇ ਜਾਣਕਾਰੀ ਮੁਹੱਈਆ ਕਰਵਾਉਣ।

# ਅੰਮ੍ਰਿਤਸਰ ’ਚ ਨਵੇਂ ਸਿਵਲ ਸਰਜਨ ਦੇ ਸਖ਼ਤ ਤੇਵਰ, ਇਨ੍ਹਾਂ ਮੁਲਾਜ਼ਮਾਂ ਖਿਲਾਫ ਕਾਰਵਾਈ ਦੇ ਹੁਕਮ

ਕੌਮੀ ਪਤ੍ਰਿਕਾ

ਅੰਮ੍ਰਿਤਸਰ 12 ਅਕਤੂਬਰ। ਜ਼ਿਲੇ ਦੀ ਸਿਹਤ ਵਿਵਸਥਾ ਨੂੰ ਹੋਰ ਸੁਚਾਰੂ ਬਣਾਉਣ ਲਈ ਨਵ-ਨਿਯੁਕਤ ਸਿਵਲ ਸਰਜਨ ਡਾ. ਭਾਰਤੀ ਧਵਨ ਨੇ ਅਹੁਦਾ ਸੰਭਾਲਦਿਆਂ ਹੀ ਸਿਹਤ ਵਿਭਾਗ ਦੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਹਨ। ਡਾ. ਧਵਨ ਨੇ ਸਪੱਸ਼ਟ ਕੀਤਾ ਹੈ ਕਿ ਹਰ ਮੁਲਾਜ਼ਮ ਨਿਰਧਾਰਤ ਸਮੇਂ ’ਤੇ ਆਪਣੀ ਡਿਊਟੀ ’ਤੇ ਹਾਜ਼ਰ ਹੋਵੇ ਅਤੇ ਡਿਊਟੀ ਪ੍ਰਤੀ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਜਾਂ ਕੁਤਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਰੋਜ਼ਾਨਾ ਆਪਣੇ ਅਧੀਨ ਆਉਂਦੇ ਮੁਲਾਜ਼ਮਾਂ ਦੀ ਹਾਜ਼ਰੀ ਸਰਕਾਰੀ ਰਜਿਸਟਰ ’ਚ ਚੈੱਕ ਕਰਨ ਦੇ ਹੁਕਮ ਦਿੱਤੇ ਹਨ। ਡਾ. ਭਾਰਤੀ ਧਵਨ ਨੇ ਕਿਹਾ ਕਿ ਸਰਕਾਰੀ ਸਿਹਤ ਸੰਸਥਾਵਾਂ ’ਚ ਆਉਣ ਵਾਲੇ ਮਰੀਜ਼ਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਸਿਹਤ ਵਿਭਾਗ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਿਹਤ ਸੇਵਾਵਾਂ ਲੈਣ ਸਮੇਂ ਕਿਸੇ ਕਿਸਮ




ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਵਿਭਾਗ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਸਿਵਲ ਸਰਜਨ ਨੇ ਸੀਨੀਅਰ ਮੈਡੀਕਲ ਅਧਿਕਾਰੀਆਂ ਅਤੇ ਹੋਰ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਅਧੀਨ ਕੰਮ ਕਰਦੇ ਮੁਲਾਜ਼ਮਾਂ ਦੀ ਰੋਜ਼ਾਨਾ ਹਾਜ਼ਰੀ ਦੀ ਜਾਂਚ ਕਰਨ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਨੂੰ ਨਿਰਧਾਰਿਤ ਸਮੇਂ ’ਤੇ ਡਿਊਟੀ ’ਤੇ ਪਹੁੰਚਣਾ ਯਕੀਨੀ ਬਣਾਉਣਾ ਹੋਵੇਗਾ। ਜੇਕਰ ਕੋਈ ਮੁਲਾਜ਼ਮ ਆਪਣੀ ਡਿਊਟੀ ਪ੍ਰਤੀ ਲਾਪ੍ਰਵਾਹੀ ਵਰਤਦਾ ਹੈ ਤਾਂ ਉਸ ਖ਼?ਲਾਫ਼ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਸਖ਼ਤੀ ਨਾਲ ਅਮਲ ਵਿੱਚ ਲਿਆਂਦੀ ਜਾਵੇਗੀ। ਸਿਵਲ ਸਰਜਨ ਡਾ. ਭਾਰਤੀ ਧਵਨ ਨੇ ਇਹ ਵੀ ਸਪੱਸ਼ਟ ਕੀਤਾ ਕਿ ਉਹ ਖ਼ੁਦ ਸਮੇਂ-ਸਮੇਂ ’ਤੇ ਸਰਕਾਰੀ ਹਸਪਤਾਲਾਂ ਅਤੇ ਸਿਹਤ ਸੰਸਥਾਵਾਂ ਦੀ ਅਚਨਚੇਤ ਚੈਕਿੰਗ ਕਰਨਗੇ। ਇਸ ਦੌਰਾਨ ਜਿੱਥੇ ਸਟਾਫ਼ ਦੀ ਹਾਜ਼ਰੀ ਅਤੇ ਡਿਊਟੀ ਪ੍ਰਬੰਧਾਂ ਦੀ ਜਾਂਚ ਕੀਤੀ ਜਾਵੇਗੀ, ਉਥੇ ਹਸਪਤਾਲਾਂ ’ਚ ਮਰੀਜ਼ਾਂ ਨੂੰ ਮਿਲ ਰਹੀਆਂ ਸਿਹਤ ਸੇਵਾਵਾਂ ਬਾਰੇ ਉਨ੍ਹਾਂ ਤੋਂ ਸਿੱਧੀ ਪ੍ਰਤੀਕਿਰਿਆ ਵੀ ਲਈ ਜਾਵੇਗੀ। ਉਨ੍ਹਾਂ ਕਿਹਾ ਕਿ ਮਰੀਜ਼ਾਂ ਤੋਂ ਮਿਲਣ ਵਾਲੀ ਪ੍ਰਤੀਕਿਰਿਆ ਦੇ ਆਧਾਰ ’ਤੇ ਸਿਹਤ ਸੇਵਾਵਾਂ ’ਚ ਜਿੱਥੇ ਵੀ ਸੁਧਾਰ ਦੀ ਲੋੜ ਹੋਵੇਗੀ, ਉਸ ਨੂੰ ਪਹਿਲ ਦੇ ਆਧਾਰ ’ਤੇ ਦੂਰ ਕਰਨ ਲਈ ਕਦਮ ਚੁੱਕੇ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਵੀ ਕਿਹਾ ਕਿ ਉਹ ਆਪਣੇ-ਆਪਣੇ ਅਧੀਨ ਆਉਂਦੀਆਂ ਸਿਹਤ ਸੰਸਥਾਵਾਂ ਦੀ ਕਾਰਗੁਜ਼ਾਰੀ ’ਤੇ ਲਗਾਤਾਰ ਨਜ਼ਰ ਰੱਖਣ। ਇਸ ਦੌਰਾਨ ਸਿਹਤ ਵਿਭਾਗ ਦੀ ਸਟਾਫ਼ ਨਰਸਿੰਗ ਐਸੋਸੀਏਸ਼ਨ ਦੀ ਪ੍ਰਧਾਨ ਮੈਡਮ ਕਮਲਪ੍ਰੀਤ ਕੌਰ ਅਤੇ ਹੋਰ ਮੈਂਬਰਾਂ ਵੱਲੋਂ ਅਹੁਦਾ ਸੰਭਾਲਣ ’ਤੇ ਸਿਵਲ ਸਰਜਨ ਡਾ. ਭਾਰਤੀ ਧਵਨ ਦਾ ਵਿਸ਼ੇਸ਼ ਤੌਰ ’ਤੇ ਸਨਮਾਨ ਕੀਤਾ ਗਿਆ। ਐਸੋਸੀਏਸ਼ਨ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਿਹਤ ਵਿਭਾਗ ਨਾਲ ਸਬੰਧਤ ਕੰਮਾਂ ਵਿੱਚ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ। ਐਸੋਸੀਏਸ਼ਨ ਦੀ ਪ੍ਰਧਾਨ ਮੈਡਮ ਕਮਲਪ੍ਰੀਤ ਕੌਰ ਨੇ ਕਿਹਾ ਕਿ ਜਥੇਬੰਦੀ ਹਮੇਸ਼ਾ ਪੂਰੀ ਲਗਨ ਅਤੇ ਮਿਹਨਤ ਨਾਲ ਮਰੀਜ਼ਾਂ ਦੇ ਹੱਕਾਂ ਲਈ ਕੰਮ ਕਰਦੀ ਰਹੀ ਹੈ। ਉਨ੍ਹਾਂ ਕਿਹਾ ਕਿ ਡਾ. ਭਾਰਤੀ ਧਵਨ ਇੱਕ ਇਮਾਨਦਾਰ ਅਤੇ ਮਿਹਨਤੀ ਅਧਿਕਾਰੀ ਹਨ ਅਤੇ ਉਨ੍ਹਾਂ ਦੀ ਨਿਗਰਾਨੀ ਹੇਠ ਜ਼ਿਲੇ ’ਚ ਸਰਕਾਰੀ ਪੱਧਰ ’ਤੇ ਮਰੀਜ਼ਾਂ ਨੂੰ ਹੋਰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਹੋਣ ਦੀ ਉਮੀਦ ਹੈ।

# ਐੱਮ.ਬੀ.ਬੀ.ਐੱਸ. ’ਚ ਦਾਖਲੇ ਦੇ ਨਾਂ ’ਤੇ 21 ਲੱਖ ਦੀ ਠੱਗੀ, ਦੋ ਮੁਲਜ਼ਮ ਛੱਤੀਸਗੜ੍ਹ ’ਚੋਂ ਕੀਤੇ ਗ੍ਰਿਫਤਾਰ

ਕੌਮੀ ਪਤ੍ਰਿਕਾ

ਪਠਾਨਕੋਟ 12 ਅਕਤੂਬਰ। ਐੱਮ.ਬੀ.ਬੀ.ਐੱਸ. ਵਿਚ ਘੱਟ ਫੀਸ ’ਤੇ ਦਾਖਲਾ ਦਿਵਾਉਣ ਦਾ ਝਾਂਸਾ ਦੇ ਕੇ ਪਠਾਨਕੋਟ ਵਾਸੀ ਨਾਲ ਕਰੀਬ 21 ਲੱਖ ਰੁਪਏ ਦੀ ਠੱਗੀ ਮਾਰਨ ਵਾਲੇ ਗਿਰੋਹ ਦਾ ਪਠਾਨਕੋਟ ਸਾਈਬਰ ਅਪਰਾਧ ਪੁਲਸ ਨੇ ਪਰਦਾਫਾਸ਼ ਕੀਤਾ ਹੈ। ਪੁਲਸ ਨੇ ਛੱਤੀਸਗੜ੍ਹ ਦੇ ਰਾਏਪੁਰ ਤੋਂ ਗਿਰੋਹ ਦੇ ਦੋ ਮੁੱਖ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਸ ਨੇ ਮੁਲਜ਼ਮਾਂ ਦੇ ਕਬਜ਼ੇ ਵਿਚੋਂ ਵੱਡੀ ਗਿਣਤੀ ਵਿਚ ਮੋਬਾਈਲ ਫੋਨ, ਜਾਅਲੀ ਸਿਮ, ਲੈਪਟਾਪ, ਜਾਅਲੀ ਆਧਾਰ ਕਾਰਡ ਸਮੇਤ ਠੱਗੀ ਨਾਲ ਸਬੰਧਤ ਹੋਰ ਸਾਮਾਨ ਬਰਾਮਦ ਕੀਤਾ ਹੈ। ਪੁਲਸ ਬੁਲਾਰੇ ਅਨੁਸਾਰ ਇਸ ਸਬੰਧੀ ਪਠਾਨਕੋਟ ਵਾਸੀ ਵਿਕਰਮਜੀਤ ਦੀ ਸ਼ਿਕਾਇਤ ’ਤੇ 7 ਅਗਸਤ 2026 ਨੂੰ ਸਾਈਬਰ ਅਪਰਾਧ ਥਾਣਾ ਪਠਾਨਕੋਟ ਵਿਚ ਮਾਮਲਾ ਦਰਜ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਸਾਲ 2025 ਵਿਚ ਉਸ ਦੇ ਪੁੱਤਰ ਨੇ ‘ਨੀਟ’ ਦੀ ਪ੍ਰੀਖਿਆ ਦਿੱਤੀ ਸੀ। ਇਸ ਤੋਂ ਬਾਅਦ ਉਸ ਨੂੰ ਹਰਿਆਣਾ ਦੇ ਗੁੜਗਾਓਂ ਸਥਿਤ ‘ਦ ਐਡਮਿਸ਼ਨ ਸਲਿਊਸ਼ਨ’ ਨਾਂ ਦੇ ਸਲਾਹ ਕੇਂਦਰ ਤੋਂ ਫੋਨ ਆਉਣੇ ਸ਼ੁਰੂ ਹੋ ਗਏ। ਫੋਨ ਕਰਨ ਵਾਲਿਆਂ ਨੇ ਉਸ ਦੇ ਪੁੱਤਰ ਨੂੰ ਕਿਸੇ



ਵੱਡੇ ਮੈਡੀਕਲ ਕਾਲਜ ਵਿੱਚ ਘੱਟ ਫੀਸ ’ਤੇ ਐੱਮ.ਬੀ.ਬੀ.ਐੱਸ ਵਿਚ ਦਾਖਲਾ ਦਿਵਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਦੇ ਝਾਂਸੇ ਵਿਚ ਆ ਕੇ ਸ਼ਿਕਾਇਤਕਰਤਾ ਨੇ ਵੱਖ-ਵੱਖ ਬੈਂਕ ਖਾਤਿਆਂ ਵਿਚ ਕਰੀਬ 21 ਲੱਖ ਰੁਪਏ ਟਰਾਂਸਫਰ ਕਰ ਦਿੱਤੇ। ਇਸ ਤੋਂ ਕੁਝ ਸਮੇਂ ਬਾਅਦ ਸਬੰਧਤ ਸਲਾਹ ਕੇਂਦਰ ਬੰਦ ਹੋ ਗਿਆ ਅਤੇ ਮੁਲਜ਼ਮਾਂ ਨਾਲ ਸੰਪਰਕ ਨਹੀਂ ਹੋ ਸਕਿਆ। ਇਸ ਤੋਂ ਬਾਅਦ ਮਾਮਲੇ ਦੀ ਸ਼ਿਕਾਇਤ ਪੁਲਸ ਨੂੰ ਦਿੱਤੀ ਗਈ। ਜਾਂਚ ਦੌਰਾਨ ਪੁਲਸ ਨੂੰ ਪਤਾ ਲੱਗਾ ਕਿ ਮੁਲਜ਼ਮਾਂ ਨੇ ਗੁਰਗਾਓਂ ਵਿੱਚ ‘ਦ ਐਡਮਿਸ਼ਨ ਸਲਿਊਸ਼ਨ’ ਦੇ ਨਾਂ ਨਾਲ ਚੱਲ ਰਹੇ ਸਲਾਹ ਕੇਂਦਰ ਨੂੰ ਬੰਦ ਕਰ ਕੇ ਛੱਤੀਸਗੜ੍ਹ ਦੇ ਰਾਏਪੁਰ ਵਿਚ ‘ਬ੍ਰਾਈਟਮਾਰਗ’ ਦੇ ਨਾਂ ਨਾਲ ਨਵਾਂ ਸਲਾਹ ਕੇਂਦਰ ਸ਼ੁਰੂ ਕਰ ਲਿਆ ਸੀ। ਜਾਣਕਾਰੀ ਦਿੰਦਿਆਂ ਐੱਸ.ਪੀ. ਵਿਸ਼ਾਲਜੀਤ ਸਿੰਘ ਨੇ ਦੱਸਿਆ ਕਿ ਆਪਣੀ ਪਛਾਣ ਛੁਪਾਉਣ ਲਈ ਮੁਲਜ਼ਮਾਂ ਵੱਲੋਂ ਕਥਿਤ ਤੌਰ ’ਤੇ ਜਾਅਲੀ ਆਧਾਰ ਕਾਰਡ, ਪੈਨ ਕਾਰਡ ਅਤੇ ਹੋਰ ਦਸਤਾਵੇਜ਼ਾਂ ਦੀ ਵਰਤੋਂ ਕੀਤੀ ਜਾ ਰਹੀ ਸੀ। ਪਠਾਨਕੋਟ ਸਾਈਬਰ ਅਪਰਾਧ ਪੁਲਸ ਨੇ ਤਕਨੀਕੀ ਸਾਧਨਾਂ ਰਾਹੀਂ ਮੁਲਜ਼ਮਾਂ ਨੂੰ ਟਰੇਸ ਕੀਤਾ ਅਤੇ ਰਾਏਪੁਰ ਵਿਚ ਕਾਰਵਾਈ ਕਰਦਿਆਂ ਦੋ ਮੁੱਖ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਬੰਟੀ ਕੁਮਾਰ ਤਿਵਾੜੀ ਪੁੱਤਰ ਸ਼ਿਵ ਕੁਮਾਰ ਤਿਵਾੜੀ ਵਾਸੀ ਬਿਹਾਰ ਅਤੇ ਮੁਹੰਮਦ ਜ਼ੁਬੇਰ ਪੁੱਤਰ ਸ਼ੇਰ ਖਾਨ ਵਾਸੀ ਦਿੱਲੀ ਵਜੋਂ ਹੋਈ ਹੈ। ਪੁਲਸ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 3 ਲੈਪਟਾਪ, ਜਾਅਲੀ ਸਿਮ ਕਾਰਡਾਂ ਸਮੇਤ 48 ਮੋਬਾਈਲ ਫੋਨ, ਵਿਦਿਆਰਥੀਆਂ ਅਤੇ ਐੱਮਬੀਬੀਐੱਸ ਕਾਲਜਾਂ ਨਾਲ ਸਬੰਧਤ ਡਾਟਾ, ਦਫ਼ਤਰੀ ਡਾਇਰੀਆਂ, ਜਾਅਲੀ ਦਸਤਾਵੇਜ਼, 3 ਡੈਬਿਟ ਕਾਰਡ, 3 ਜਾਅਲੀ ਆਧਾਰ ਕਾਰਡ ਅਤੇ ਇੱਕ ਸਕਾਰਪੀਓ-ਐੱਨ ਗੱਡੀ ਬਰਾਮਦ ਕੀਤੀ ਹੈ। ਮੁੱਢਲੀ ਜਾਂਚ ਵਿੱਚ ਪੁਲਸ ਦੇ ਸਾਹਮਣੇ ਆਇਆ ਹੈ ਕਿ ਕਥਿਤ ਕਾਲ ਸੈਂਟਰ ਦੀਆਂ ਸ਼ਾਖਾਵਾਂ ਵੱਖ-ਵੱਖ ਨਾਵਾਂ ਨਾਲ ਵੱਖ-ਵੱਖ ਸੂਬਿਆਂ ਵਿੱਚ ਸਰਗਰਮ ਹਨ ਅਤੇ ਲੋਕਾਂ ਨੂੰ ਦਾਖਲੇ ਦੇ ਨਾਂ ’ਤੇ ਠੱਗੀ ਦਾ ਸ਼ਿਕਾਰ ਬਣਾਇਆ ਜਾ ਰਿਹਾ ਹੈ। ਪੁਲਸ ਇਸ ਜਾਲ ਨਾਲ ਜੁੜੇ ਹੋਰ ਵਿਅਕਤੀਆਂ ਦੀ ਭੂਮਿਕਾ ਦੀ ਵੀ ਜਾਂਚ ਕਰ ਰਹੀ ਹੈ।

# ਤਰਨਤਾਰਨ ’ਚ ਤਿਉਹਾਰਾਂ ਤੋਂ ਪਹਿਲਾਂ ਮਿਲਾਵਟਖੋਰੀ ਦਾ ਬੋਲਬਾਲਾ, ਪ੍ਰਸ਼ਾਸਨ ਬੇਖ਼ਬਰ

ਤਰਨਤਾਰਨ 12 ਅਕਤੂਬਰ। ਮਿਲਾਵਟਖੋਰੀ ਨੂੰ ਰੋਕਣ ਲਈ ਭਾਵੇਂ ਸਿਹਤ ਵਿਭਾਗ ਜਾਂ ਜ਼ਿਲਾ ਪ੍ਰਸ਼ਾਸਨ ਵੱਲੋਂ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ ਪਰ ਫਿਰ ਵੀ ਦਿਨ-ਤਿਉਹਾਰਾਂ ਅਤੇ ਆਮ ਦਿਨਾਂ ਵਿਚ ਮਠਿਆਈ ਅਤੇ ਹੋਰ ਖਾਣ-ਪੀਣ ਵਾਲੀਆਂ ਚੀਜ਼ਾਂ ਵਿਚ ਮਿਲਾਵਟਖੋਰੀ ਹੋ ਰਹੀ ਹੈ, ਜਿਸ ਪ੍ਰਤੀ ਜ਼ਿਲ੍ਹਾ ਪ੍ਰਸ਼ਾਸਨ ਬੇਖ਼ਬਰ ਹੈ। ਸਮਾਜ ਸੇਵੀ ਸੁਖਵੰਤ ਸਿੰਘ ਧਾਮੀ, ਮੇਹਰ ਸਿੰਘ ਚੁਤਾਲਾ, ਹਰਜਿੰਦਰ ਸਿੰਘ ਵਿੱਕੀ ਠਰੂ, ਸਵਿੰਦਰ ਸਿੰਘ ਅਰੋੜਾ, ਅਵਤਾਰ ਸਿੰਘ ਤਨੇਜਾ, ਡਾਕਟਰ ਸੁਖਦੇਵ ਸਿੰਘ ਲੋਹਕਾ, ਮੁਨਵਰ ਅਲੀ, ਸੁਖਵਿੰਦਰ ਸਿੰਘ ਅਹਿਦਨ ਆਦਿ ਲੋਕਾਂ ਦਾ ਕਹਿਣਾ ਹੈ ਕਿ ਖਾਣ-ਪੀਣ ਦੀਆਂ ਚੀਜ਼ਾਂ ਵਿਚ ਮਿਲਾਵਟ ਕਰਨ ਵਾਲੇ ਦੁਕਾਨਦਾਰਾਂ ਅਤੇ ਸ਼ਹਿਰ ਵਿਚ ਲੱਗੀਆਂ ਰੇਹੜੀਆਂ ਵਾਲਿਆਂ ਖ਼?ਲਾਫ਼ ਪ੍ਰਸ਼ਾਸਨ ਨੂੰ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ ਅਤੇ ਸਮੇਂ-ਸਮੇਂ ਸ਼ਹਿਰ ਦੀਆਂ ਦੁਕਾਨਾਂ ਤੇ ਰੇਹੜੀਆਂ ਉੱਪਰ ਸਪੈਸ਼ਲ ਟੀਮਾਂ ਬਣਾ ਕੇ ਚੈਕਿੰਗ ਕਰਨੀ ਚਾਹੀਦੀ ਹੈ ਅਤੇ ਉਨ੍ਹਾਂ ਦੀ ਸੈਂਪਲਿੰਗ ਕਰਨੀ ਚਾਹੀਦੀ ਹੈ, ਤਾਂ ਜੋ ਲੋਕਾਂ ਦੀ ਸਿਹਤ ਨਾਲ ਹੋ ਰਹੇ ਇਸ ਖਿਲਵਾੜ ਤੋਂ ਲੋਕਾਂ ਨੂੰ ਬਚਾਇਆ ਜਾ ਸਕੇ। ਇਸ ਸਬੰਧੀ ਜ਼ਿਲਾ ਸਿਹਤ ਅਫ਼ਸਰ ਡਾਕਟਰ ਸੁਖਬੀਰ ਕੌਰ ਨੇ ਦੱਸਿਆ ਕਿ ਮਿਲਾਵਟਖੋਰੀ ਨੂੰ ਰੋਕਣ ਲਈ ਉਨ੍ਹਾਂ ਦੀ ਟੀਮ ਵੱਲੋਂ ਲਗਾਤਾਰ ਜ਼ਿਲੇ ਭਰ ਦੇ ਕਸਬਿਆਂ ਅਤੇ ਸ਼ਹਿਰਾਂ ਤੋਂ ਇਲਾਵਾ ਪਿੰਡਾਂ ਵਿਚ ਖਾਣ-ਪੀਣ ਦੀਆਂ ਚੀਜ਼ਾਂ ਵੇਚਣ ਵਾਲੇ ਦੁਕਾਨਦਾਰਾਂ ਅਤੇ ਰੇਹੜੀਆਂ ਉੱਪਰ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਦੇ ਸੈਂਪਲ ਭਰੇ ਜਾ ਰਹੇ ਹਨ। ਇਸ ਸਬੰਧੀ ਸਿਵਲ ਸਰਜਨ ਸੰਦੀਪ ਧਵਨ ਨਾਲ ਗੱਲਬਾਤ ਕਰਨ ’ਤੇ ਉਨ੍ਹਾਂ ਕਿਹਾ ਕਿ ਮਿਲਾਵਟਖੋਰੀ ਨੂੰ ਰੋਕਣ ਲਈ ਸਿਹਤ ਵਿਭਾਗ ਚੌਕਸ ਹੈ ਅਤੇ ਸਮੇਂ-ਸਮੇਂ ਸਿਹਤ ਵਿਭਾਗ ਦੀ ਟੀਮ ਵੱਲੋਂ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਖਾਣ-ਪੀਣ ਦੀਆਂ ਚੀਜ਼ਾਂ ਵੇਚਣ ਵਾਲੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਸਾਫ਼-ਸੁਥਰੀਆਂ ਅਤੇ ਉੱਚ ਕੁਆਲਿਟੀ ਦੀਆਂ ਚੀਜ਼ਾਂ ਹੀ ਲੋਕਾਂ ਨੂੰ ਵੇਚਣ, ਨਹੀਂ ਤਾਂ ਉਨ੍ਹਾਂ ਖ਼?ਲਾਫ਼ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

# ਸ਼ਹਿਰ ਦੀ ਸ.ਫਾਈ ਲਈ ਟਰੈਕਟਰ-ਟਰਾਲੀਆਂ ਬਿਨਾਂ ਟੈਂਡਰ, ਸਿਰ.ਫ ਕੋਟੇਸ਼ਨ ਦੇ ਆਧਾਰ ’ਤੇ ਚਲਾ ਰਿਹਾ ਨਗਰ ਨਿਗਮ

ਕੌਮੀ ਪਤ੍ਰਿਕਾ

ਜਲੰਧਰ 12 ਅਕਤੂਬਰ। ਨਗਰ ਨਿਗਮ ਜਲੰਧਰ ਵਿਚ ਸਫ਼ਾਈ ਵਿਵਸਥਾ ਲਈ ਟਰਾਂਸਪੇਰੈਂਸੀ ਐਕਟ ਦੀ ਵਰਤੋਂ ਨੂੰ ਲੈ ਕੇ ਇਕ ਵਾਰ ਫਿਰ ਸਵਾਲ ਉੱਠ ਰਹੇ ਹਨ। ਪਿਛਲੇ ਲਗਭਗ 6-7 ਮਹੀਨਿਆਂ ਤੋਂ ਸ਼ਹਿਰ ਵਿਚ ਲਗਭਗ 170 ਟਰੈਕਟਰ-ਟਰਾਲੀਆਂ ਨਿਯਮਿਤ ਟੈਂਡਰ ਦੇ ਬਿਨਾਂ ਕੋਟੇਸ਼ਨ/ਸੈਂਕਸ਼ਨ ਵਰਕ ਦੇ ਆਧਾਰ ’ਤੇ ਚਲਾਏ ਜਾਣ ਦੀ ਗੱਲ ਸਾਹਮਣੇ ਆਈ ਹੈ। ਕਰੋੜਾਂ ਰੁਪਏ ਦੇ ਇਸ ਕੰਮ ਲਈ ਫਰਵਰੀ-ਮਾਰਚ ਵਿਚ ਟੈਂਡਰ ਲਾਏ ਗਏ ਸਨ ਪਰ ਇਹ ਅੱਜ ਤਕ ਸਿਰੇ ਨਹੀਂ ਚੜ੍ਹ ਸਕੇ। ਜਾਣਕਾਰੀ ਮੁਤਾਬਕ ਨਿਗਮ ਦੇ ਓ. ਐਂਡ ਐੱਮ. ਸੈੱਲ ਵੱਲੋਂ ਲਾਏ ਗਏ ਇਨ੍ਹਾਂ ਟੈਂਡਰਾਂ ਨੂੰ ਪਹਿਲਾਂ ਕੋਰਟ ਕੇਸ ਦਾ ਹਵਾਲਾ ਦੇ ਕੇ ਅੱਗੇ ਨਹੀਂ ਵਧਇਆ ਗਿਆ। ਬਾਅਦ ਵਿਚ ਟੈਂਡਰ ਰੱਦ ਕਰ ਦਿੱਤੇ ਗਏ ਪਰ ਕਈ ਹਫ਼ਤੇ ਬੀਤਣ ਦੇ ਬਾਵਜੂਦ ਇਨ੍ਹਾਂ ਨੂੰ ਦੁਬਾਰਾ ਰੀ-ਕਾਲ ਨਹੀਂ ਕੀਤਾ ਗਿਆ। ਇਸ ਨਾਲ ਨਿਗਮ ਦੀ ਟੈਂਡਰ ਪ੍ਰਕਿਰਿਆ ’ਤੇ ਸਵਾਲ ਖੜ੍ਹੇ ਹੋ ਰਹੇ ਹਨ। ਜਿਸ ਕੋਰਟ ਕੇਸ ਨੂੰ ਟੈਂਡਰ ਪ੍ਰਕਿਰਿਆ ਵਿਚ ਰੁਕਾਵਟ ਦਾ ਕਾਰਨ ਦੱਸਿਆ ਗਿਆ, ਉਸ ਵਿਚ ਨਿਗਮ ਵੱਲੋਂ ਕਥਿਤ ਤੌਰ ’ਤੇ ਕੋਈ ਵਕੀਲ ਅਦਾਲਤ ਵਿਚ ਪੇਸ਼ ਨਹੀਂ ਹੋਇਆ। ਨਿਗਮ ਅਧਿਕਾਰੀਆਂ ਵੱਲੋਂ ਮਾਮਲੇ ਵਿਚ ਲੋੜੀਂਦੀ ਪੈਰਵੀ ਨਾ ਕੀਤੇ ਜਾਣ ਦੇ ਦੋਸ਼ ਵੀ ਸਾਹਮਣੇ ਆਏ ਹਨ। ਅਜਿਹੇ ਵਿਚ ਸਵਾਲ ਉੱਠ ਰਿਹਾ ਹੈ ਕਿ ਜੇਕਰ ਮਾਮਲਾ ਅਦਾਲਤ ਵਿਚ ਪੈਂਡਿੰਗ ਸੀ ਤਾਂ ਨਿਗਮ ਨੇ ਉਸ ਦੀ ਪੈਰਵੀ ਨੂੰ ਲੈ ਕੇ ਕੀ ਕਦਮ ਉਠਾਏ। ਟੈਂਡਰ ਪ੍ਰਕਿਰਿਆ ਅੱਗੇ ਨਾ ਵਧਾਉਣ ਕਾਰਨ ਸੈਂਕਸ਼ਨ ਕੋਟੇਸ਼ਨ ਦੇ ਆਧਾਰ ’ਤੇ ਕੰਮ ਜਾਰੀ ਹੈ। ਦੋਸ਼ ਹੈ ਕਿ ਇਸ ਨਾਲ ਕੁਝ ਚੁਣੇ ਠੇਕੇਦਾਰਾਂ ਨੂੰ ਲਗਾਤਾਰ ਟਰੈਕਟਰ-ਟਰਾਲੀਆਂ ਚਲਾਉਣ ਦਾ ਕੰਮ ਮਿਲ ਰਿਹਾ ਹੈ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ ਨਗਰ ਨਿਗਮ ਕਮਿਸ਼ਨਰਾਂ ਨੂੰ ਐਮਰਜੈਂਸੀ ਨੇਚਰ ਦੇ 5 ਲੱਖ ਰੁਪਏ ਤਕ ਦੇ ਕੰਮ ਟਰਾਂਸਪੇਰੈਂਸੀ ਐਕਟ ਤਹਿਤ ਕਰਵਾਉਣ ਦਾ ਅਧਿਕਾਰ ਦਿੱਤਾ ਹੋਇਆ ਹੈ। ਇਸ ਦਾ ਉਦੇਸ਼ ਅਜਿਹੇ ਜ਼ਰੂਰੀ ਕੰਮਾਂ ਨੂੰ ਤੁਰੰਤ ਕਰਵਾਉਣਾ ਹੈ, ਜਿਥੇ ਆਮ ਟੈਂਡਰ ਪ੍ਰਕਿਰਿਆ ਵਿਚ ਦੇਰੀ ਨਾਲ ਜਨਤਕ ਸੇਵਾ ਪ੍ਰਭਾਵਿਤ ਹੋ ਸਕਦੀ ਹੈ। ਜਲੰਧਰ ਵਿਚ ਇਸ ਵਿਵਸਥਾ ਦੀ ਲਗਾਤਾਰ ਵਰਤੋਂ ਨੂੰ ਲੈ ਕੇ ਹੁਣ ਇਹ ਸਵਾਲ ਉੱਠ ਰਿਹਾ ਹੈ ਕਿ ਕੀ ਲੰਮੇ ਸਮੇਂ ਤਕ ਚੱਲਣ ਵਾਲੇ ਨਿਯਮਿਤ ਕੰਮਾਂ ਲਈ ਵੀ ਇਸ ਦਾ ਸਹਾਰਾ ਲਿਆ ਜਾ ਸਕਦਾ ਹੈ। ਪਿਛਲੇ ਲਗਭਗ 6 ਮਹੀਨਿਆਂ ਤੋਂ ਸ਼ਹਿਰ ਵਿਚ 170 ਦੇ ਆਲੇ-ਦੁਆਲੇ ਟਰੈਕਟਰ-ਟਰਾਲੀਆਂ ਰੋਜ਼ਾਨਾ ਸਫਾਈ ਲਈ ਚੱਲ ਰਹੀਆਂ ਹਨ। ਇਨ੍ਹਾਂ ’ਤੇ ਹੋਣ ਵਾਲਾ ਖਰਚ ਲਗਾਤਾਰ ਵਧਣ ਦੀ ਗੱਲ ਕਹੀ ਜਾ ਰਹੀ ਹੈ, ਜਦਕਿ ਕੰਮ ਦਾ ਲਾਭ ਲੈਣ ਵਾਲੇ ਠੇਕੇਦਾਰਾਂ ਦੀ ਗਿਣਤੀ ਲਗਭਗ ਅੱਧੀ ਦਰਜਨ ਦੱਸੀ ਜਾ ਰਹੀ ਹੈ। ਅਜਿਹੇ ਵਿਚ ਨਿਗਮ ਦੇ ਖ਼ਰਚ ਅਤੇ ਪੂਰੀ ਪ੍ਰਕਿਰਿਆ ਦੀ ਪਾਰਦਰਸ਼ਿਤਾ ਨੂੰ ਲੈ ਕੇ ਸਵਾਲ ਉੱਠਣਾ ਸੁਭਾਵਿਕ ਹੈ। ਮੇਅਰ ਵੱਲੋਂ ਟਰੈਕਟਰ-ਟਰਾਲੀਆਂ ਦੇ ਕੰਮ ਦੀ ਮਾਨੀਟਰਿੰਗ ਦੀ ਵਿਵਸਥਾ ਕੀਤੇ ਜਾਣ ਦੇ ਬਾਵਜੂਦ ਲਗਭਗ 2-3 ਦਰਜਨ ਟਰਾਲੀਆਂ ’ਤੇ ਜੀ. ਪੀ. ਐੱਸ. ਸਿਸਟਮ ਨਾ ਲੱਗਾ ਹੋਣ ਦੀ ਗੱਲ ਸਾਹਮਣੇ ਆਈ ਹੈ। ਇਸ ਦੇ ਬਾਵਜੂਦ ਇਨ੍ਹਾਂ ਟਰਾਲੀਆਂ ਦੇ ਕੰਮ ਦੀ ਪੇਮੈਂਟ ਕੀਤੇ ਜਾਣ ਨੂੰ ਲੈ ਕੇ ਸਵਾਲ ਉੱਠ ਰਹੇ ਹਨ। ਜੀ. ਪੀ. ਐੱਸ. ਦੇ ਬਿਨਾਂ ਇਨ੍ਹਾਂ ਗੱਡੀਆਂ ਦੀ ਲੋਕੇਸ਼ਨ, ਰੂਟ ਅਤੇ ਕੰਮ ਦੀ ਪੁਸ਼ਟੀ ਕਿਸ ਆਧਾਰ ’ਤੇ ਕੀਤੀ ਜਾ ਰਹੀ ਹੈ, ਇਹ ਵੀ ਜਾਂਚ ਦਾ ਵਿਸ਼ਾ ਹੈ। ਟਰੈਕਟਰ-ਟਰਾਲੀਆਂ ਦੀ ਗਿਣਤੀ ਵਧਣ ਅਤੇ ਸਫ਼ਾਈ ’ਤੇ ਖ਼ਰਚ ਕੀਤੇ ਜਾਣ ਦੇ ਬਾਅਦ ਸ਼ਹਿਰ ਦੇ ਕਈ ਹਿੱਸਿਆਂ ਵਿਚ ਸਫਾਈ ਵਿਵਸਥਾ ਵਿਚ ਸੁਧਾਰ ਤਾਂ ਨਜ਼ਰ ਆਇਆ ਹੈ ਪਰ ਨਿਯਮਿਤ ਟੈਂਡਰ ਨਾ ਹੋਣ, ਲੰਮੇ ਸਮੇਂ ਤਕ ਕੋਟੇਸ਼ਨ ਦੇ ਆਧਾਰ ’ਤੇ ਕੰਮ ਚਲਾਉਣ ਅਤੇ ਕੁਝ ਟਰਾਲੀਆਂ ’ਤੇ ਜੀ. ਪੀ. ਐੱਸ. ਨਾ ਹੋਣ ਕਾਰਨ ਹੁਣ ਪੂਰੀ ਵਿਵਸਥਾ ਦੀ ਨਿਗਰਾਨੀ ਅਤੇ ਖਰਚ ਨੂੰ ਲੈ ਕੇ ਸਵਾਲ ਉੱਠਣ ਲੱਗੇ ਹਨ। ਨਿਗਮ ਨੂੰ ਹੁਣ ਇਨ੍ਹਾਂ ਕੰਮਾਂ ਲਈ ਨਿਯਮਿਤ ਟੈਂਡਰ ਪ੍ਰਕਿਰਿਆ ਪੂਰੀ ਕਰਨ ਦੇ ਨਾਲ-ਨਾਲ ਹੁਣ ਤਕ ਕੀਤੇ ਗਏ ਭੁਗਤਾਨ ਅਤੇ ਸੈਂਕਸ਼ਨ ਵਰਕ ਦਾ ਪੂਰਾ ਰਿਕਾਰਡ ਵੀ ਸਪੱਸ਼ਟ ਕਰਨਾ ਹੋਵੇਗਾ। ਨਗਰ ਨਿਗਮ ਕਮਿਸ਼ਨਰ ਸੁਰਿੰਦਰ ਸਿੰਘ ਨੇ ਬੀਤੇ ਦਿਨ ਹੈਲਥ ਅਫਸਰ ਡਾ. ਸ਼?ਰੀਕ੍ਰਿਸ਼ਨ ਸ਼ਰਮਾ ਅਤੇ ਹੋਰ ਅਧਿਕਾਰੀਆਂ ਨਾਲ ਸ਼ਹਿਰ ਦੀ ਸਫ਼ਾਈ ਵਿਵਸਥਾ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਕਈ ਪ੍ਰਮੁੱਖ ਸੜਕਾਂ ਅਤੇ ਡੰਪ ਸਥਾਨਾਂ ਦਾ ਦੌਰਾ ਕਰਕੇ ਮੌਕੇ ’ਤੇ ਸਫ਼ਾਈ ਵਿਵਸਥਾ ਵੇਖੀ। ਟੀ. ਵੀ. ਸੈਂਟਰ ਸਾਹਮਣੇ ਸਮੇਤ ਕੁਝ ਹੋਰ ਡੰਪ ਸਥਾਨਾਂ ’ਤੇ ਗੰਦਗੀ ਮਿਲਣ ’ਤੇ ਕਮਿਸ਼ਨਰ ਨੇ ਨਾਰਾਜ਼ਗੀ ਪ੍ਰਗਟਾਈ ਅਤੇ ਅਧਿਕਾਰੀਆਂ ਨੂੰ ਤੁਰੰਤ ਵਿਵਸਥਾ ਸੁਧਾਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਆਪਣੇ ਇਲਾਕਿਆਂ ਵਿਚ ਮੁਸਤੈਦੀ ਨਾਲ ਕੰਮ ਕਰਨ ਅਤੇ ਪ੍ਰਾਈਵੇਟ ਠੇਕੇਦਾਰਾਂ ਦੇ ਸਫਾਈ ਕੰਮ ਦੀ ਨਿਯਮਿਤ ਮਾਨੀਟਰਿੰਗ ਕਰਨ ਨੂੰ ਕਿਹਾ ਹੈ। ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਸਫ਼ਾਈ ਵਿਵਸਥਾ ਵਿਚ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਦੇ ਲਗਾਤਾਰ ਫੀਲਡ ਦੌਰੇ ਨਾਲ ਆਉਣ ਵਾਲੇ ਦਿਨਾਂ ਵਿਚ ਸ਼ਹਿਰ ਦੀ ਸਫ਼ਾਈ ਵਿਵਸਥਾ ਵਿਚ ਸੁਧਾਰ ਦੀ ਉਮੀਦ ਪ੍ਰਗਟਾਈ ਜਾ ਰਹੀ ਹੈ। ਭਾਵੇਂ ਕਮਿਸ਼ਨਰ ਨੂੰ ਨਵਾਂ ਅਹੁਦਾ ਸੰਭਾਲਿਆਂ ਲਗਭਗ ਇਕ ਮਹੀਨਾ ਹੋਣ ਨੂੰ ਹੈ, ਫਿਰ ਵੀ ਅਜੇ ਤਕ ਸ਼ਹਿਰ ਦੀ ਸਫ਼ਾਈ ਵਿਵਸਥਾ ਪੂਰੀ ਤਰ੍ਹਾਂ ਪਟੜੀ ’ਤੇ ਨਹੀਂ ਆ ਸਕੀ ਹੈ।